PAIGAM-E-JAGAT
# ਪੈਗ਼ਾਮ-ਏ-ਜਗਤ

'ਜੋ ਲੋਕ ਕੋਸ਼ਿਸ਼ ਕਰਨ ਵਿੱਚ ਰਾਤਾਂ ਬਰਬਾਦ ਕਰਦੇ ਹਨ, ਉਹ ਆਪਣੇ ਸੁਪਨਿਆਂ ਦੀ ਚੰਗਿਆੜੀ ਨੂੰ ਬਾਲਣ ਦਿੰਦੇ ਹਨ।'

Title code : CHAMUL00914 | E-mail : Info@paigamejagat.com | ਸ਼ਨਿੱਚਰਵਾਰ, 3 ਅਕਤੂਬਰ 2026, ਸਾਲ-4, ਅੰਕ-9, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

## ਪਰਗਟ ਸਿੰਘ ਬਣੇ ਪੰਜਾਬ ਕਾਂਗਰਸ ਦੇ ਨਵੇਂ 'ਰਾਜਾ'



### ਰਾਜਾ ਵੜਿੰਗ ਨੇ ਪਰਗਟ ਸਿੰਘ ਨੂੰ ਦਿੱਤੀ ਵਧਾਈ

**ਜਲੰਧਰ, 2 ਅਕਤੂਬਰ (ਪੈਗ਼ਾਮ-ਏ-ਜਗਤ)**

ਕਾਂਗਰਸ ਪਾਰਟੀ ਨੇ ਪੰਜਾਬ ਵਿੱਚ ਸੰਗਠਨਾਤਮਕ ਬਦਲਾਅ ਕੀਤੇ ਹਨ। ਜਿਸ ਵਿੱਚ ਜਲੰਧਰ ਛਾਉਣੀ ਦੇ ਵਿਧਾਇਕ ਪਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਨਵਾਂ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੀ ਨਿਯੁਕਤੀ ਤੁਰੰਤ ਪ੍ਰਭਾਵ ਨਾਲ ਲਾਗੂ ਹੋਵੇਗੀ। ਇਸ ਤੋਂ ਪਹਿਲਾਂ, ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਦਿੱਲੀ ਵਿੱਚ ਰਾਹੁਲ ਗਾਂਧੀ ਨੂੰ ਸੂਬਾ ਪ੍ਰਧਾਨ ਦੇ ਅਹੁਦੇ ਤੋਂ ਆਪਣਾ ਰਸਮੀ ਅਸਤੀਫਾ ਸੌਂਪਿਆ। ਰਾਹੁਲ ਗਾਂਧੀ ਨੂੰ ਉਨ੍ਹਾਂ ਦੇ 10 ਜਨਪਥ ਸਥਿਤ ਨਿਵਾਸ ਸਥਾਨ 'ਤੇ ਮਿਲਣ ਤੋਂ ਬਾਅਦ, ਵੜਿੰਗ ਨੇ ਕਿਹਾ, "ਮੈਂ ਆਪਣੇ ਆਪ ਅਸਤੀਫਾ ਦੇ ਦਿੱਤਾ ਹੈ। ਕਾਂਗਰਸ ਵਿੱਚ, ਅਸਤੀਫੇ ਸਵੀਕਾਰ ਨਹੀਂ ਕੀਤੇ ਜਾਂਦੇ, ਇਸ ਦੀ ਬਜਾਏ, ਧੰਨਵਾਦ ਪੱਤਰ ਜਾਰੀ ਕੀਤਾ ਜਾਂਦਾ ਹੈ।

ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸੋਸ਼ਲ ਮੀਡੀਆ ਤੇ ਤਸਵੀਰ ਸਾਂਝੀ ਕਰਦਿਆਂ ਪਰਗਟ ਸਿੰਘ ਨੂੰ ਨਵੇਂ ਪ੍ਰਧਾਨ ਬਣਨ ਦੀਆਂ ਵਧਾਈਆਂ ਦਿੱਤਾ ਹਨ। ਪਰਗਟ ਸਿੰਘ ਪੰਜਾਬ ਦੇ ਪ੍ਰਸਿੱਧ ਸਾਬਕਾ ਹਾਕੀ ਖਿਡਾਰੀ ਅਤੇ ਕਾਂਗਰਸ ਦੇ ਸਿਆਸਤਦਾਨ ਹਨ। ਉਹ 1992 ਦੀ ਬਾਰਸੀਲੋਨਾ ਅਤੇ 1996 ਦੀ ਐਟਲਾਂਟਾ ਓਲੰਪਿਕ ਵਿੱਚ ਭਾਰਤੀ ਟੀਮ ਦੇ ਕਪਤਾਨ ਰਹੇ। ਪਰਗਟ ਸਿੰਘ ਨੇ 2012 ਵਿੱਚ ਜਲੰਧਰ ਕੈਂਟ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਟਿਕਟ 'ਤੇ ਵਿਧਾਨ ਸਭਾ ਚੋਣ ਜਿੱਤੀ। ਬਾਅਦ ਵਿੱਚ ਉਹ ਕਾਂਗਰਸ ਵਿੱਚ ਸ਼ਾਮਲ ਹੋਏ ਅਤੇ 2017 ਤੇ 2022 ਵਿੱਚ ਵੀ ਜਲੰਧਰ ਕੈਂਟ ਤੋਂ ਵਿਧਾਇਕ ਚੁਣੇ ਗਏ। ਇਸ ਵੇਲੇ ਪਰਗਟ ਸਿੰਘ ਜਲੰਧਰ ਕੈਂਟ ਤੋਂ ਕਾਂਗਰਸ ਦੇ ਵਿਧਾਇਕ ਹਨ।

ਅਸਤੀਫਾ ਦੇਣ ਤੋਂ ਬਾਅਦ ਭਾਵੁਕ ਹੁੰਦਿਆਂ ਬੋਲੇ...

## 'ਪਹਿਲਾਂ ਵਾਲੇ ਤੇ ਹੁਣ ਵਾਲੇ ਰਾਜਾ ਵੜਿੰਗ 'ਚ ਫਰਕ ਹੈ'

### 'ਇੱਕ ਦਿਨ ਅਹੁਦਾ ਛੱਡਣਾ ਹੀ ਪੈਂਦਾ ਹੈ'



**ਚੰਡੀਗੜ੍ਹ।** ਪੰਜਾਬ ਵਿਚ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਾਂਗਰਸ ਵਿਚਾਲੇ ਮਤਭੇਦ ਜਾਰੀ ਹਨ। ਇਸ ਵਿਚਕਾਰ ਅਮਰਿੰਦਰ ਸਿੰਘ ਰਾਜਾ ਵੜਿੰਗ ਦਿੱਲੀ ਆਏ ਤੇ ਰਾਹੁਲ ਗਾਂਧੀ ਨਾਲ ਮੁਲਾਕਾਤ ਕੀਤੀ ਤੇ ਇਸ ਮਗਰੋਂ ਰਾਜਾ ਵੜਿੰਗ ਨੇ ਪੰਜਾਬ ਕਾਂਗਰਸ ਇੰਚਾਰਜ ਸਚਿਨ ਪਾਇਲਟ ਨੂੰ ਲੈ ਕੇ ਵੱਡਾ ਦਾਅਵਾ ਕੀਤਾ। ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਧੜੇ ਦੇ ਦਬਾਅ ਤੋਂ ਬਾਅਦ ਹਾਈਕਮਾਨ ਨੇ ਆਖਿਰਕਾਰ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਤੋਂ ਅਸਤੀਫ਼ਾ ਲੈ ਲਿਆ। ਪੰਜਾਬ ਦੇ ਇੰਚਾਰਜ ਸਚਿਨ ਪਾਇਲਟ ਬਾਰੇ ਉਨ੍ਹਾਂ ਕਿਹਾ ਕਿ ਜਦੋਂ ਉਨ੍ਹਾਂ ਨੂੰ ਇੰਚਾਰਜ ਨਿਯੁਕਤ ਕੀਤਾ ਗਿਆ ਤਾਂ ਮੈਂ ਰਸਮੀ ਤੌਰ ਤੋਂ ਵਧਾਈ ਦੇਣ ਗਿਆ ਸੀ। ਉਸ ਦਿਨ ਮੈਂ ਉਨ੍ਹਾਂ ਨਾਲ ਲਗਭਗ 15 ਮਿੰਟ ਗੱਲਬਾਤ ਕੀਤੀ ਸੀ ਪਰ ਉਸ ਦੇ ਬਾਅਦ ਮੈਂ ਉਨ੍ਹਾਂ ਨੂੰ ਨਹੀਂ ਮਿਲਿਆ। ਸਿਆਸਤ ਵਿਚ ਆਪਣੇ ਲੰਬੇ ਸਫਰ ਨੂੰ ਦੇਖਦੇ ਹੋਏ ਮੈਨੂੰ ਲੱਗਦਾ ਹੈ ਕਿ ਸਚਿਨ ਪਾਇਲਟ ਨੇ ਸੋਚਿਆ ਹੋਵੇਗਾ ਕਿ ਰਾਜਾ ਦੀ ਛੁੱਟੀ ਕਰਨੀ ਚਾਹੀਦੀ ਹੈ। ਮੇਰੇ ਕੋਲ ਇਸ ਦਾ ਕੋਈ ਠੋਸ ਸਬੂਤ ਨਹੀਂ ਹੈ ਪਰ ਸ਼ਾਇਦ ਜਨਰਲ ਸਕੱਤਰ ਨੂੰ ਲੱਗਾ ਹੋਵੇਗਾ ਕਿ (ਬਾਕੀ ਸਫ਼ਾ 2 'ਤੇ)

## ਏਸ਼ਿਆਈ ਖੇਡਾਂ 'ਚ 44 ਸਾਲ ਬਾਅਦ ਭਾਰਤੀ ਮਹਿਲਾ ਹਾਕੀ ਟੀਮ ਨੇ ਜਿੱਤਿਆ ਸੋਨ ਤਗਮਾ



**ਨਾਗੋਆ, 2 ਅਕਤੂਬਰ (ਪੈਗ਼ਾਮ-ਏ-ਜਗਤ)**

ਭਾਰਤੀ ਮਹਿਲਾ ਹਾਕੀ ਟੀਮ ਨੇ ਏਸ਼ਿਆਈ ਖੇਡਾਂ ਵਿੱਚ 44 ਸਾਲ ਬਾਅਦ ਸੋਨ ਤਗਮਾ ਜਿੱਤ ਕੇ ਇਤਿਹਾਸ ਰਚ ਦਿੱਤਾ। ਭਾਰਤ ਨੇ ਸ਼ੁੱਕਰਵਾਰ ਨੂੰ ਫਾਈਨਲ ਮੁਕਾਬਲੇ ਵਿੱਚ ਚੀਨ ਨੂੰ 1-0 ਨਾਲ ਹਰਾਇਆ। ਭਾਰਤ ਲਈ ਇਕਲੌਤਾ ਗੋਲ ਲਾਲਰੇਮਸਿਆਮੀ ਨੇ ਕੀਤਾ। ਇਸ ਜਿੱਤ ਨਾਲ ਭਾਰਤ ਨੇ ਮਹਿਲਾ ਹਾਕੀ ਵਿੱਚ ਲੰਮੇ ਸਮੇਂ ਬਾਅਦ ਏਸ਼ਿਆਈ ਖੇਡਾਂ ਦਾ ਸੋਨ ਤਗਮਾ ਆਪਣੇ ਨਾਂ ਕੀਤਾ।

ਇਸ ਦੌਰਾਨ ਭਾਰਤੀ ਟੀਮ ਨੇ ਰੱਖਿਆਤਮਕ ਪਹੁੰਚ 'ਤੇ ਜ਼ੋਰ ਦਿੱਤਾ ਅਤੇ ਚੀਨ ਨੂੰ ਗੋਲ ਕਰਨ ਦਾ ਮੌਕਾ ਨਹੀਂ ਦਿੱਤਾ। ਭਾਰਤ ਦੀ ਗੋਲਕੀਪਰ ਸਵਿਤਾ ਪੂਨੀਆ ਨੇ ਵੀ ਅਹਿਮ ਭੂਮਿਕਾ ਨਿਭਾਈ। ਪਹਿਲੇ ਅੱਧ ਵਿੱਚ ਚੀਨ ਨੂੰ ਪੈਨਲਟੀ ਸਟਰੋਕ ਮਿਲਿਆ ਪਰ ਸਵਿਤਾ ਨੇ ਸ਼ਾਨਦਾਰ ਬਚਾਅ ਕਰਦਿਆਂ ਗੋਲ ਰੋਕ ਦਿੱਤਾ। ਇਸ ਕਾਰਨ ਭਾਰਤ ਦੀ 1-0 ਦੀ ਲੀਡ ਕਾਇਮ ਰਹੀ।

ਭਾਰਤ ਲਈ ਏਸ਼ਿਆਈ ਖੇਡਾਂ ਦਾ 13ਵਾਂ ਦਿਨ ਬੇਹੱਦ ਮਹੱਤਵਪੂਰਨ ਰਿਹਾ। ਦਿਨ ਦੀ ਸ਼ੁਰੂਆਤ ਮਹਿਲਾ ਤੀਰਅੰਦਾਜ਼ੀ ਟੀਮ ਦੇ ਰਿਕਰਵ ਮੁਕਾਬਲੇ ਵਿੱਚ ਸੋਨ ਤਗਮੇ ਨਾਲ ਹੋਈ। ਇਸ ਤੋਂ ਬਾਅਦ ਪਰਵੀਨ ਹੁੱਡਾ ਨੇ ਮਹਿਲਾਵਾਂ ਦੇ 65 ਕਿਲੋਗ੍ਰਾਮ ਮੁੱਕੇਬਾਜ਼ੀ ਵਰਗ ਵਿੱਚ ਸੋਨ ਤਗਮਾ ਜਿੱਤਿਆ। ਲਵਲੀਨਾ ਬੋਰਗੋਹੇਨ ਨੇ ਮਹਿਲਾਵਾਂ ਦੇ 75 ਕਿਲੋਗ੍ਰਾਮ ਭਾਰ ਵਰਗ ਵਿੱਚ ਸੋਨ ਤਗਮਾ ਆਪਣੇ ਨਾਂ ਕੀਤਾ। ਇਸ (ਬਾਕੀ ਸਫ਼ਾ 2 'ਤੇ)

## ਏਸ਼ਿਆਈ ਖੇਡਾਂ: ਸੋਨ ਤਗਮਾ ਜਿੱਤਣ ਵਾਲੀ ਟੀਮ 'ਚ ਸ਼ਾਮਲ ਪੰਜਾਬ ਦੀ ਬਲਜੀਤ ਕੌਰ ਨੂੰ ਮਿਲੇਗਾ 1 ਕਰੋੜ ਰੁਪਏ ਦਾ ਇਨਾਮ

**ਚੰਡੀਗੜ੍ਹ :** ਏਸ਼ਿਆਈ ਖੇਡਾਂ ਵਿੱਚ ਭਾਰਤੀ ਮਹਿਲਾ ਹਾਕੀ ਟੀਮ ਵੱਲੋਂ 44 ਸਾਲਾਂ ਬਾਅਦ ਸੋਨ ਤਗਮਾ ਜਿੱਤਿਆ ਗਿਆ। ਭਾਰਤ ਵਲੋਂ ਫਾਈਨਲ ਵਿੱਚ ਚੀਨ ਨੂੰ 1-0 ਨਾਲ ਹਰਾ ਕੇ ਸੋਨ ਤਗਮਾ ਜਿੱਤਣ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਟੀਮ ਨੂੰ ਵਧਾਈ ਦਿੱਤੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਭਾਰਤੀ ਟੀਮ ਦੀ ਇਸ ਇਤਿਹਾਸਕ ਜਿੱਤ ਨਾਲ ਪੂਰੇ ਦੇਸ਼ ਦਾ ਨਾਂ ਰੌਸ਼ਨ ਹੋਇਆ ਹੈ ਅਤੇ ਇਸ 'ਤੇ ਹਰ ਭਾਰਤ ਨੂੰ ਮਾਣ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਲਈ ਇਹ ਹੋਰ ਵੀ ਮਾਣ ਵਾਲੀ ਗੱਲ ਹੈ ਕਿ ਸੂਬੇ ਦੀ ਧੀ ਬਲਜੀਤ ਕੌਰ ਇਸ ਇਤਿਹਾਸਕ ਭਾਰਤੀ ਟੀਮ ਦਾ ਹਿੱਸਾ ਰਹੀ ਹੈ। ਉਨ੍ਹਾਂ ਕਿਹਾ ਕਿ ਬਲਜੀਤ ਕੌਰ ਨੇ ਦੇਸ਼ ਅਤੇ ਪੰਜਾਬ ਦਾ ਮਾਣ ਵਧਾਇਆ ਹੈ। ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਦੀ ਖੇਡ ਨੀਤੀ ਤਹਿਤ ਸੋਨ ਤਗਮਾ ਜਿੱਤਣ ਵਾਲੀ ਟੀਮ ਦੀ ਮੈਂਬਰ ਬਲਜੀਤ ਕੌਰ ਨੂੰ 1 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਨਾਲ ਸਨਮਾਨਿਤ ਕੀਤਾ ਜਾਵੇਗਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਰਤੀ ਮਹਿਲਾ ਹਾਕੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ (ਬਾਕੀ ਸਫ਼ਾ 2 'ਤੇ)

## ਤਰਨਤਾਰਨ ਬਾਰਡਰ 'ਤੇ ਪਾਕਿਸਤਾਨੀ ਘੁਸਪੈਠ ਦੀ ਕੋਸ਼ਿਸ਼ ਨਾਕਾਮ, ਬੀਐਸਐਫ ਨੇ 2 ਘੁਸਪੈਠੀਆਂ ਨੂੰ ਮਾਰ ਗਿਰਾਇਆ

**ਤਰਨਤਾਰਨ, 2 ਅਕਤੂਬਰ (ਪੈਗ਼ਾਮ-ਏ-ਜਗਤ)**

ਪੰਜਾਬ ਦੇ ਤਰਨਤਾਰਨ ਸੈਕਟਰ ਵਿੱਚ ਭਾਰਤ-ਪਾਕਿਸਤਾਨ ਸਰਹੱਦ 'ਤੇ ਘੁਸਪੈਠ ਦੀ ਕੋਸ਼ਿਸ਼ ਨੂੰ ਬੀਐਸਐਫ ਨੇ ਨਾਕਾਮ ਕਰ ਦਿੱਤਾ। ਬੀਐਸਐਫ ਮੁਤਾਬਕ, ਪਾਕਿਸਤਾਨ ਵੱਲੋਂ ਕੁਝ ਲੋਕ ਗੈਰ-ਕਾਨੂੰਨੀ ਤਰੀਕੇ ਨਾਲ ਭਾਰਤੀ ਸਰਹੱਦ ਵਿੱਚ ਦਾਖ਼ਲ ਹੋਣ ਦੀ ਕੋਸ਼ਿਸ਼ ਕਰ ਰਹੇ ਸਨ। ਸੁਰੱਖਿਆ ਏਜੰਸੀਆਂ ਨੇ ਪਹਿਲਾਂ ਉਨ੍ਹਾਂ ਨੂੰ ਚੇਤਾਵਨੀ ਦਿੱਤੀ, ਪਰ ਇਸ ਦੇ ਬਾਵਜੂਦ ਘੁਸਪੈਠੀਏ ਅੱਗੇ ਵਧਦੇ ਰਹੇ। ਇਸ ਤੋਂ ਬਾਅਦ ਸੁਰੱਖਿਆ ਬਲਾਂ ਨੇ ਕਾਰਵਾਈ ਕੀਤੀ ਅਤੇ ਦੋ ਘੁਸਪੈਠੀਆਂ ਨੂੰ ਮਾਰ ਗਿਰਾਇਆ। ਇਹ ਘਟਨਾ ਤਰਨਤਾਰਨ ਦੇ BOP ਰਾਜੋਕੇ ਇਲਾਕੇ ਵਿੱਚ ਰਾਤ ਕਰੀਬ 12:30 ਵਜੇ ਵਾਪਰੀ। ਬੀਐਸਐਫ ਮੁਤਾਬਕ, ਪਾਕਿਸਤਾਨ ਵਾਲੇ ਪਾਸੇ ਚੱਟਨਵਾਲੇ ਇਲਾਕੇ ਤੋਂ ਘੱਟੋ-ਘੱਟ ਤਿੰਨ ਲੋਕ ਭਾਰਤੀ ਸਰਹੱਦ ਵੱਲ ਵਧ ਰਹੇ ਸਨ। ਉਨ੍ਹਾਂ ਨੂੰ ਚੁਣੌਤੀ ਦਿੱਤੇ ਜਾਣ ਤੋਂ ਬਾਅਦ ਫਾਇਰਿੰਗ ਕੀਤੀ ਗਈ। ਇਸ ਕਾਰਵਾਈ ਵਿੱਚ ਦੋ ਘੁਸਪੈਠੀਏ ਮਾਰੇ ਗਏ। ਬੀਐਸਐਫ ਮੁਤਾਬਕ, ਫਾਇਰਿੰਗ ਦੌਰਾਨ ਇੱਕ ਹੋਰ ਘੁਸਪੈਠੀਆ ਭੱਜ ਕੇ ਪਾਕਿਸਤਾਨ (ਬਾਕੀ ਸਫ਼ਾ 2 'ਤੇ)



## ਭਿਵਾਨੀ 'ਚ ਟਰੱਕ ਅਤੇ ਕਾਰ ਦੀ ਟੱਕਰ, 2 ਦੀ ਮੌਤ, 3 ਜ਼ਖ਼ਮੀ

**ਭਿਵਾਨੀ** - ਭਿਵਾਨੀ ਜ਼ਿਲ੍ਹੇ ਦੇ ਪੋਕਰਵਾਸ ਪਿੰਡ ਨੇੜੇ ਇੱਕ ਕਾਰ ਅਤੇ ਟਰੱਕ ਵਿਚਕਾਰ ਟੱਕਰ ਹੋ ਗਈ। ਇਸ ਹਾਦਸੇ ਵਿੱਚ ਕਾਰ ਸਵਾਰ ਪੰਜ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ ਅਤੇ ਉਨ੍ਹਾਂ ਨੂੰ ਇਲਾਜ ਲਈ ਭਿਵਾਨੀ ਦੇ ਸਿਵਲ ਹਸਪਤਾਲ ਲਿਆਂਦਾ ਗਿਆ। ਡਾਕਟਰਾਂ ਨੇ ਉਨ੍ਹਾਂ ਵਿੱਚੋਂ ਦੋ ਨੂੰ ਮ੍ਰਿਤਕ ਐਲਾਨ ਦਿੱਤਾ, ਜਦਕਿ ਬਾਕੀ ਤਿੰਨਾਂ ਦਾ ਇਲਾਜ ਚੱਲ ਰਿਹਾ ਹੈ। ਇਸ ਘਟਨਾ ਵਿਚ ਸ਼ਾਮਲ ਸਾਰੇ ਵਿਅਕਤੀ ਇਕੋ ਪਰਿਵਾਰ ਦੇ ਮੈਂਬਰ ਦੱਸੇ ਜਾਂਦੇ ਹਨ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲਿਸ ਦੀ ਇੱਕ ਟੀਮ ਮੌਕੇ 'ਤੇ ਪਹੁੰਚ ਗਈ। ਮੁੱਢਲੀਆਂ ਰਿਪੋਰਟਾਂ ਅਨੁਸਾਰ ਇਹ ਇੱਕ ਕਾਰ ਅਤੇ ਟਰੱਕ ਵਿਚਕਾਰ ਆਹਮੋ-ਸਾਹਮਣੇ ਦੀ ਟੱਕਰ ਸੀ। ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ (ਬਾਕੀ ਸਫ਼ਾ 2 'ਤੇ)

## ਭਿਆਨਕ ਅੱਗ ਲੱਗਣ ਕਾਰਨ ਪੰਜ ਘਰ ਸੜੇ



**ਸ਼ਿਮਲਾ, 2 ਅਕਤੂਬਰ (ਪੈਗ਼ਾਮ-ਏ-ਜਗਤ)**

ਸ਼ਿਮਲਾ ਜ਼ਿਲ੍ਹੇ ਦੇ ਜੁਬਲ ਇਲਾਕੇ ਦੇ ਧਾਰ ਪਿੰਡ ਵਿੱਚ ਇੱਕ ਭਿਆਨਕ ਅੱਗ ਲੱਗਣ ਕਾਰਨ ਪੰਜ ਘਰ ਸੜ ਕੇ ਸੁਆਹ ਹੋ ਗਏ। ਵੀਰਵਾਰ ਰਾਤ ਨੂੰ ਲੱਗੀ ਇਸ ਅੱਗ ਵਿੱਚ ਕਿਸੇ ਵੀ ਜਾਨੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ। ਜੁਬਲ ਫ਼ਾਇਰ ਸਟੇਸ਼ਨ ਨੂੰ ਵੀਰਵਾਰ ਰਾਤ 11:20 ਵਜੇ ਧਾਰ ਪਿੰਡ ਵਿੱਚ ਅੱਗ ਲੱਗਣ ਦੀ ਸੂਚਨਾ ਮਿਲੀ, ਜਿਸ ਤੋਂ ਬਾਅਦ ਫ਼ਾਇਰ ਵਿਭਾਗ ਦੀ ਇੱਕ ਟੀਮ ਨੂੰ ਮੌਕੇ 'ਤੇ ਭੇਜਿਆ ਗਿਆ। ਜ਼ਿਆਦ ਅੱਗ ਹੋਣ ਕਾਰਨ ਰੋਹੜੂ, ਕੋਟਖਾਈ ਅਤੇ ਟਿੱਕਰ ਤੋਂ (ਬਾਕੀ ਸਫ਼ਾ 2 'ਤੇ)

## ਨਰਿੰਦਰ ਮੋਦੀ ਨੇ ਕੈਪਟਨ ਸਮਿਤ ਮਾਛਰ ਦਾ ਜਾਣਿਆ ਹਾਲ, ਫੋਨ 'ਤੇ ਗੱਲ ਕਰਕੇ ਦਲੇਰੀ ਦੀ ਕੀਤੀ ਤਾਰੀਫ਼

### 'ਪੂਰਾ ਦੇਸ਼ ਤੁਹਾਡੀ ਸਿਹਤਯਾਬੀ ਲਈ ਅਰਦਾਸ ਕਰ ਰਿਹਾ'



**ਨਵੀਂ ਦਿੱਲੀ, 2 ਅਕਤੂਬਰ (ਪੈਗ਼ਾਮ-ਏ-ਜਗਤ)**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 174 ਜਾਨਾਂ ਬਚਾਉਣ ਵਾਲੇ ਭਾਰਤੀ ਪਾਇਲਟ ਸਮਿਤ ਮਾਛਰ ਨਾਲ ਵੀਡੀਓ ਕਾਲ ਰਾਹੀਂ ਲਗਭਗ ਨੌਂ ਮਿੰਟ ਗੱਲਬਾਤ ਕੀਤੀ। ਮੋਦੀ ਨੇ ਕਿਹਾ ਕਿ ਸਾਰਾ ਦੇਸ਼ ਤੁਹਾਡੇ ਲਈ ਅਰਦਾਸ ਕਰ ਰਿਹਾ ਸੀ ਅਤੇ ਤੁਹਾਡੀ ਚੰਗੀ ਸਿਹਤ ਦੀ ਕਾਮਨਾ ਕਰ ਰਿਹਾ ਸੀ। ਤੁਹਾਡੀ ਹਿੰਮਤ ਅਤੇ ਸੂਝ-ਬੂਝ ਸਦਕਾ ਬਹੁਤ ਸਾਰੀਆਂ ਜਾਨਾਂ ਬਚਾਈਆਂ ਗਈਆਂ। ਗੱਲਬਾਤ ਦੌਰਾਨ, ਸਮਿਤ ਨੇ ਦੱਸਿਆ ਕਿ ਜਦੋਂ ਉਹ ਜਹਾਜ਼ ਉਡਾ ਰਿਹਾ ਸੀ ਤਾਂ ਇਕ ਝਟਕੇ ਕਾਰਨ ਉਹ ਡਿੱਗ ਪਿਆ, ਜਿਸ ਨਾਲ ਉਸ ਨੂੰ ਗੰਭੀਰ ਸੱਟਾਂ ਲੱਗੀਆਂ। ਇਸ ਦੇ ਬਾਵਜੂਦ, ਉਸ ਨੂੰ ਅਹਿਸਾਸ ਹੋ ਰਿਹਾ ਸੀ ਕਿ ਜਹਾਜ਼ ਹੇਠਾਂ ਵੱਲ ਆ ਰਿਹਾ ਸੀ। ਸਮਿਤ ਨੇ ਕਿਹਾ, 'ਮੈਨੂੰ ਪਤਾ ਸੀ ਕਿ ਇਹ ਆਖਰੀ ਮੌਕਾ ਸੀ। ਦਰਵਾਜ਼ਾ ਬਿਲਕੁਲ ਸਾਹਮਣੇ ਸੀ ਅਤੇ ਮੈਂ ਉਸਨੂੰ ਖੋਲ੍ਹ ਦਿੱਤਾ। ਮੈਂ ਮੁਸ਼ਕਲ ਸਮੇਂ ਦੌਰਾਨ ਹਨੂੰਮਾਨ ਚਾਲੀਸਾ ਦਾ ਪਾਠ ਕਰਦਾ ਹਾਂ ਅਤੇ ਉਸ ਵੇਲੇ ਵੀ ਮੈਂ ਉਹੀ ਕਰ ਰਿਹਾ ਸੀ। ਮੈਂ ਜਾਣਦਾ ਹਾਂ ਕਿ ਪ੍ਰਮਾਤਮਾ ਨੇ ਹੀ ਸਾਨੂੰ ਬਚਾਇਆ।' ਪ੍ਰਧਾਨ ਮੰਤਰੀ (ਬਾਕੀ ਸਫ਼ਾ 2 'ਤੇ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੇਂਦਰੀ ਖ਼ੁਰਾਕ ਤੇ ਜਨਤਕ ਵੰਡ ਮੰਤਰੀ ਨੂੰ ਪੱਤਰ

## ਸਟੋਰੇਜ਼ ਲਈ ਜਗ੍ਹਾ ਦੀ ਘਾਟ ਕਾਰਨ ਮੰਡੀਆਂ ਵਿੱਚ ਕਿਸਾਨ ਖੱਜਲ-ਖੁਆਰ ਨਾ ਹੋਣ



**ਚੰਡੀਗੜ੍ਹ, 2 ਅਕਤੂਬਰ (ਪੈਗ਼ਾਮ-ਏ-ਜਗਤ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਝੋਨੇ ਦੀ ਆਮਦ ਸ਼ੁਰੂ ਹੋਣ ਤੋਂ ਪਹਿਲਾਂ ਸੂਬੇ ਵਿੱਚੋਂ ਅਨਾਜ ਦਾ ਸਟਾਕ ਤੁਰੰਤ ਖਾਲੀ ਕੀਤਾ ਜਾਵੇ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਸੁਚੱਜੀ ਖਰੀਦ ਨੂੰ ਯਕੀਨੀ ਬਣਾਉਣ ਅਤੇ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਤੋਂ ਬਚਾਉਣ ਲਈ ਭੰਡਾਰਨ ਲਈ ਢੁਕਵੀਂ ਜਗ੍ਹਾ ਯਕੀਨੀ ਬਣਾਉਣੀ ਲਾਜ਼ਮੀ ਹੈ।

ਕੇਂਦਰੀ ਖਪਤਕਾਰ ਮਾਮਲੇ, ਖ਼ੁਰਾਕ ਅਤੇ ਜਨਤਕ ਵੰਡ ਮੰਤਰੀ ਪ੍ਰਹਿਲਾਦ ਜੋਸ਼ੀ ਨੂੰ ਲਿਖੇ ਪੱਤਰ ਵਿੱਚ ਮੁੱਖ ਮੰਤਰੀ ਨੇ 10 ਅਕਤੂਬਰ ਤੱਕ 6 ਲੱਖ ਮੀਟ੍ਰਿਕ ਟਨ ਚੌਲ ਅਤੇ ਅਕਤੂਬਰ ਮਹੀਨੇ ਦੌਰਾਨ 15 ਲੱਖ ਮੀਟ੍ਰਿਕ ਟਨ ਕਣਕ ਦੀ ਤੁਰੰਤ ਲਿਫਟਿੰਗ ਦੀ ਮੰਗ ਕੀਤੀ ਹੈ। ਉਨ੍ਹਾਂ ਨੇ ਧਿਆਨ ਦਿਵਾਇਆ ਕਿ ਲਗਭਗ 40 ਲੱਖ ਮੀਟ੍ਰਿਕ ਟਨ ਕਣਕ ਦਾ ਸਟਾਕ ਰਾਈਸ ਮਿੱਲਾਂ ਅਤੇ ਮੰਡੀਆਂ ਦੇ ਫੜ੍ਹਾਂ (ਯਾਰਡ) ਵਿੱਚ ਜਗ?ਹਾ ਘੇਰੀ ਬੈਠਾ ਹੈ, ਜਿਸ ਵਿੱਚੋਂ ਲਗਭਗ 17 ਲੱਖ ਮੀਟ੍ਰਿਕ ਟਨ ਅਜੇ ਵੀ ਉੱਥੇ ਹੀ ਪਿਆ ਹੈ। ਉਨ੍ਹਾਂ ਨੇ ਜ਼ੋਰ ਦਿੱਤਾ ਕਿ ਨਵੇਂ ਆਉਣ ਵਾਲੇ ਝੋਨੇ ਲਈ ਪੂਰੀ ਜਗ?ਹਾ ਬਣਾਉਣ ਲਈ ਇਸ ਸਟਾਕ ਨੂੰ ਖਾਲੀ ਕਰਨਾ ਜ਼ਰੂਰੀ ਹੈ ਤਾਂ ਜੋ ਕਿਸਾਨ ਮੰਡੀਆਂ ਵਿੱਚ ਆਪਣੀ ਫਸਲ ਬਿਨਾਂ ਕਿਸੇ ਸਟੋਰੇਜ ਸਮੱਸਿਆ ਦੇ ਲਿਆ ਸਕਣ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰੀ ਮੰਤਰੀ ਪ੍ਰਹਿਲਾਦ ਜੋਸ਼ੀ ਨੂੰ ਲਿਖੇ ਪੱਤਰ ਵਿੱਚ ਯਾਦ ਦਿਵਾਇਆ ਕਿ ਪੰਜਾਬ ਨੇ ਸਤੰਬਰ, 2026 ਦੌਰਾਨ ਸਾਉਣੀ ਮੰਡੀਕਰਨ ਸੀਜ਼ਨ, 2025-26 ਦੇ ਚੌਲ ਦੇਣ ਦੀ ਪ੍ਰਕਿਰਿਆ ਪੂਰੀ ਕਰਨ ਅਤੇ ਸਾਉਣੀ ਮੰਡੀਕਰਨ ਸੀਜ਼ਨ, 2026-27 ਸ਼ੁਰੂ ਹੋਣ ਤੋਂ ਪਹਿਲਾਂ ਰਾਈਸ ਮਿੱਲਾਂ ਤੇ ਮੰਡੀ ਯਾਰਡਾਂ ਵਿੱਚ ਸਟੋਰ ਕੀਤੀ ਕਣਕ ਨੂੰ ਖਾਲੀ ਕਰਨ ਲਈ 15 ਲੱਖ ਮੀਟ੍ਰਿਕ ਟਨ ਚੌਲ ਅਤੇ 10 ਤੋਂ 12 ਲੱਖ ਮੀਟ੍ਰਿਕ ਟਨ ਕਣਕ ਚੁੱਕਣ ਦੀ ਬੇਨਤੀ ਕੀਤੀ ਸੀ। ਮੁੱਖ ਮੰਤਰੀ ਨੇ ਕਿਹਾ, "ਹਾਲਾਂਕਿ, 1 ਤੋਂ 29 ਸਤੰਬਰ, 2026 ਤੱਕ ਸੂਬੇ ਤੋਂ ਸਿਰਫ਼ 8.3 ਲੱਖ ਮੀਟ੍ਰਿਕ ਟਨ ਚੌਲ ਅਤੇ 4.3 ਲੱਖ ਮੀਟ੍ਰਿਕ ਟਨ ਕਣਕ ਹੀ ਬਾਹਰ ਭੇਜੀ ਗਈ ਹੈ। ਉਨ੍ਹਾਂ ਅੱਗੇ ਦੱਸਿਆ, "ਇਸ ਸਬੰਧ ਵਿੱਚ ਦੱਸਿਆ ਜਾਂਦਾ ਹੈ ਕਿ ਭਾਰਤੀ ਖ਼ੁਰਾਕ ਨਿਗਮ (ਐਫ.ਸੀ.ਆਈ.) ਕੋਲ ਸਟੋਰੇਜ ਦੀ ਲਗਾਤਾਰ ਘਾਟ ਕਾਰਨ ਸਾਉਣੀ ਮੰਡੀਕਰਨ ਸੀਜ਼ਨ 2025-26 ਦੇ ਤੈਅਸ਼ੁਦਾ 105.64 ਲੱਖ ਮੀਟ੍ਰਿਕ ਟਨ ਦੇ ਮੁਕਾਬਲੇ ਅੱਜ (29 ਸਤੰਬਰ, 2026) ਤੱਕ ਸਿਰਫ਼ 99.50 ਲੱਖ ਮੀਟ੍ਰਿਕ ਟਨ (94%) ਕਸਟਮ ਮਿਲਡ ਰਾਈਸ ਹੀ ਡਿਲੀਵਰ ਕੀਤਾ ਜਾ ਸਕਿਆ ਹੈ ਅਤੇ ਲਗਭਗ 6 ਲੱਖ (ਬਾਕੀ ਸਫ਼ਾ 2 'ਤੇ)

## ਐਲਪੀਯੂ ਹਿੰਸਾ ਦੇ ਮਾਮਲੇ ਵਿੱਚ 9 ਵਿਅਕਤੀ ਗ੍ਰਿਫ਼ਤਾਰ

**ਫਗਵਾੜਾ, 2 ਅਕਤੂਬਰ (ਪੈਗ਼ਾਮ-ਏ-ਜਗਤ)**

ਫਗਵਾੜਾ ਸਥਿਤ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਹੋਈ ਹਿੰਸਾ ਦੇ ਸਬੰਧ ਵਿੱਚ ਪੁਲਿਸ ਨੇ ਨੌਂ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਅਨੁਸਾਰ, ਮੁਲਜ਼ਮਾਂ ਵਿੱਚ ਸੱਤ ਵਿਦਿਆਰਥੀ ਅਤੇ ਦੋ ਬਾਹਰੀ ਵਿਅਕਤੀ ਸ਼ਾਮਲ ਹਨ; ਜਾਂਚ ਦੌਰਾਨ ਕੁੱਲ ਵੀਹ ਵਿਅਕਤੀਆਂ ਦੀ ਪਛਾਣ ਕੀਤੀ ਗਈ ਹੈ ਅਤੇ ਉਨ੍ਹਾਂ ਦੇ ਨਾਮ ਮਾਮਲੇ ਵਿੱਚ ਦਰਜ ਕੀਤੇ ਗਏ ਹਨ। ਡੀਆਈਜੀ ਨਵੀਨ ਸਿੰਗਲਾ ਨੇ ਦੱਸਿਆ ਕਿ ਗ੍ਰਿਫ਼ਤਾਰੀਆਂ ਸਿਰਫ਼ ਫਗਵਾੜਾ ਤੋਂ ਹੀ ਨਹੀਂ—ਜਿੱਥੇ ਐਲਪੀਯੂ ਵਿੱਚ ਹੰਗਾਮਾ ਕਰਨ ਲਈ ਦੋ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਸੀ—ਸਗੋਂ ਜੰਮੂ ਅਤੇ ਮੁੰਬਈ ਤੋਂ ਵੀ ਕੀਤੀਆਂ ਗਈਆਂ ਹਨ। ਇਸ ਦੌਰਾਨ, ਹਿੰਸਾ ਦੌਰਾਨ ਕੈਂਪਸ ਦੇ ਬਾਹਰ ਖੜ੍ਹੇ ਮਿਗ-23ਯੂਐਮ ਲੜਾਕੂ ਜਹਾਜ਼ 'ਤੇ ਚੜ੍ਹਨ ਵਾਲੇ ਵਿਅਕਤੀ ਦੀ ਪਛਾਣ ਕਰ ਲਈ ਗਈ ਹੈ। ਪੁਲਿਸ ਨੇ ਸੀਸੀਟੀਵੀ ਫੁਟੇਜ ਦੀ ਜਾਂਚ ਤੋਂ ਬਾਅਦ ਉਸ ਦੀ ਪਛਾਣ (ਬਾਕੀ ਸਫ਼ਾ 2 'ਤੇ)

## ਸਰਹੱਦ ਪਾਰੋਂ ਚੱਲ ਰਹੇ ਤਸਕਰੀ ਨੈੱਟਵਰਕਾਂ ਨਾਲ ਸਬੰਧਤ ਚਾਰ ਮੁਲਜ਼ਮ 10 ਕਿੱਲੋ ਹੈਰੋਇਨ ਅਤੇ 10 ਪਿਸਤੌਲਾਂ ਸਣੇ ਕਾਬੂ






**ਚੰਡੀਗੜ੍ਹ/ਅੰਮ੍ਰਿਤਸਰ, 2 ਅਕਤੂਬਰ (ਪੈਗ਼ਾਮ-ਏ-ਜਗਤ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਰਹੱਦ ਪਾਰੋਂ ਚੱਲ ਰਹੇ ਹਥਿਆਰ ਤੇ ਨਸ਼ਾ ਤਸਕਰੀ ਨੈੱਟਵਰਕਾਂ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਦਿਹਾਤੀ ਪੁਲੀਸ ਨੇ ਗ਼ੈਰ-ਕਾਨੂੰਨੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਸਪਲਾਈ ਵਾਲੇ ਦੋ ਵੱਖ-ਵੱਖ ਨੈੱਟਵਰਕਾਂ ਦਾ ਪਰਦਾਫਾਸ਼ ਕਰਕੇ ਚਾਰ ਵਿਅਕਤੀਆਂ ਨੂੰ 10 ਕਿੱਲੋ ਹੈਰੋਇਨ ਅਤੇ 10 ਨਾਜਾਇਜ਼ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲੀਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਰਾਜਨਪ੍ਰੀਤ ਸਿੰਘ ਵਾਸੀ ਗੱਲੂਵਾਲ; ਵਿਜੇ ਵਾਸੀ ਰਾਜਾਤਾਲ ਕਲੋਨੀ, ਘਰਿੰਡਾ; ਪਾਰਸਦੀਪ ਸਿੰਘ ਉਰਫ਼ ਬਿੱਲਾ ਵਾਸੀ ਕੰਬੋਆ ਅਤੇ ਗੁਰਮੁਖ ਸਿੰਘ ਉਰਫ਼ ਬੋਦੀ ਵਾਸੀ ਕਾਹਨਗੜ੍ਹ, ਅਟਾਰੀ ਵਜੋਂ ਹੋਈ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਸਾਹਮਣੇ ਆਇਆ ਹੈ ਕਿ ਮੁਲਜ਼ਮਾਂ ਦੇ ਤਾਰ ਕਥਿਤ ਤੌਰ 'ਤੇ ਵਿਦੇਸ਼ ਬੈਠੇ ਤਸਕਰਾਂ ਨਾਲ ਜੁੜੇ ਹੋਏ ਹਨ, ਜੋ ਨਾਜਾਇਜ਼ ਹਥਿਆਰਾਂ ਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿੱਚ ਸ਼ਾਮਲ ਸਨ। ਉਨ੍ਹਾਂ ਦੱਸਿਆ ਕਿ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਅਤੇ ਨੈੱਟਵਰਕ ਦੇ ਪਿਛਲੇ ਤੇ ਅਗਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ। ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਇੰਸਪੈਕਟਰ ਜਨਰਲ ਆਫ਼ ਪੁਲੀਸ (ਬਾਕੀ ਸਫ਼ਾ 2 'ਤੇ)



# ਹਰਪਾਲ ਚੀਮਾ ਵੱਲੋਂ ਦਿੜ੍ਹਬਾ ਹਲਕੇ ਦੇ ਪਿੰਡਾਂ ਦੇ ਵਿਕਾਸ ਲਈ ਇੱਕ ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਦੇ ਚੈੱਕ ਭੇਟ

**ਦਿੜ੍ਹਬਾ, 2 ਅਕਤੂਬਰ (ਪੈ.ਗਾਮ-ਏ-ਜਗਤ)**

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਵਿਧਾਨ ਸਭਾ ਹਲਕਾ ਦਿੜ੍ਹਬਾ ਦੇ ਲਗਭਗ ਅੱਧੀ ਦਰਜਨ ਪਿੰਡਾਂ ਦਾ ਦੌਰਾ ਕਰਕੇ ਵੱਖ-ਵੱਖ ਵਿਕਾਸ ਕਾਰਜਾਂ ਲਈ ਪੰਚਾਇਤਾਂ ਨੂੰ ਇੱਕ ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਦੇ ਚੈੱਕ ਸੌਂਪੇ। ਉਨ੍ਹਾਂ ਬਿਨਾਂ ਕਿਸੇ ਰਸਮੀ ਸਮਾਗਮ ਦੇ ਪਿੰਡਾਂ ਦੀਆਂ ਸੱਥਾਂ ਵਿੱਚ ਪਹੁੰਚ ਕੇ ਸਰਪੰਚਾਂ ਨੂੰ ਚੈੱਕ ਭੇਟ ਕੀਤੇ ਅਤੇ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ।

• ਪਿੰਡਾਂ ਦੀਆਂ ਸੱਥਾਂ ਵਿੱਚ ਪਹੁੰਚ ਕੇ ਪੰਚਾਇਤਾਂ ਨੂੰ ਸੌਂਪੇ ਚੈੱਕ; ਵਿਕਾਸ ਲਈ ਫੰਡਾਂ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ : ਵਿੱਤ ਮੰਤਰੀ ਚੀਮਾ



ਪਿੰਡ ਰੋਗਲਾ ਵਿਖੇ ਫਿਰਨੀ 'ਤੇ ਪ੍ਰੀਮਿਕਸ ਪਾਉਣ ਦੇ ਕੰਮ ਦਾ ਜਾਇਜ਼ਾ ਲੈਣ ਅਤੇ ਸਰਪੰਚ ਮਨਪ੍ਰੀਤ ਕੌਰ ਨੂੰ ਵਿਕਾਸ ਕਾਰਜਾਂ ਲਈ ਚੈੱਕ ਸੌਂਪਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸ਼ਹਿਰਾਂ ਦੇ ਨਾਲ-ਨਾਲ ਪਿੰਡਾਂ ਦੇ ਸਰਬਪੱਖੀ ਵਿਕਾਸ ਨੂੰ ਵੀ ਤਰਜੀਹ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਮੁਕੰਮਲ ਕਰਵਾਉਣ ਲਈ ਪੰਚਾਇਤਾਂ ਨੂੰ ਲਗਾਤਾਰ ਫੰਡ ਮੁਹੱਈਆ ਕਰਵਾਏ ਜਾ ਰਹੇ ਹਨ।

ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਪਿੰਡ ਰੋਗਲਾ ਦੀ ਫਿਰਨੀ ਨੂੰ ਕਰੀਬ 90 ਲੱਖ ਰੁਪਏ ਦੀ ਲਾਗਤ ਨਾਲ 18 ਫੁੱਟ ਚੌੜਾ ਕੀਤਾ ਜਾ ਰਿਹਾ ਹੈ ਅਤੇ ਇਸ 'ਤੇ ਪ੍ਰੀਮਿਕਸ ਪਾਉਣ ਦਾ ਕੰਮ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਫਿਰਨੀ ਦੀ ਖ਼ਸਤਾ ਹਾਲਤ ਕਾਰਨ ਪਿੰਡ ਵਾਸੀਆਂ ਨੂੰ ਆਵਾਜਾਈ ਵਿੱਚ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸ ਕਾਰਜ ਦੇ ਮੁਕੰਮਲ ਹੋਣ ਨਾਲ ਲੋਕਾਂ ਨੂੰ ਸੁਖਾਲੀ ਆਵਾਜਾਈ ਦੀ ਸਹੂਲਤ ਮਿਲੇਗੀ।

ਵਿੱਤ ਮੰਤਰੀ ਨੇ ਪਿੰਡ ਕੈਂਪਰ ਦੀ ਸੱਥ ਵਿੱਚ ਪਹੁੰਚ ਕੇ ਸਰਪੰਚ ਗੁਰਸੇਵਕ ਸਿੰਘ ਨੂੰ ਵੀ ਵਿਕਾਸ ਕਾਰਜਾਂ ਲਈ ਗਰਾਂਟ ਦਾ ਚੈੱਕ ਸੌਂਪਿਆ। ਉਨ੍ਹਾਂ ਕਿਹਾ ਕਿ ਸਰਕਾਰ ਦੇ ਪਿੰਡਾਂ ਵਿੱਚ ਪਹਿਲਾਂ ਤੋਂ ਚੱਲ ਰਹੇ ਕਾਰਜਾਂ ਦੇ ਨਾਲ-ਨਾਲ ਬਾਕੀ ਲੋੜੀਂਦੇ ਕੰਮਾਂ ਲਈ ਵੀ ਰਾਸ਼ੀ ਜਾਰੀ ਕੀਤੀ ਜਾ ਰਹੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਪਿੰਡਾਂ ਦੇ ਵਿਕਾਸ ਲਈ ਫੰਡਾਂ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਕੁਝ ਪਿੰਡਾਂ ਵਿੱਚ ਰਾਜ ਮਿਸਤਰੀਆਂ ਅਤੇ ਮਜ਼ਦੂਰਾਂ ਦੀ ਘਾਟ ਕਾਰਨ ਵਿਕਾਸ ਕਾਰਜਾਂ ਦੀ ਰਫ਼ਤਾਰ ਪ੍ਰਭਾਵਿਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਸ਼ਕਲਾਂ ਦੇ ਬਾਵਜੂਦ ਸਾਰੇ ਕਾਰਜ ਜਲਦੀ ਤੋਂ ਜਲਦੀ ਮੁਕੰਮਲ ਕਰਵਾਉਣ ਲਈ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਇਨ੍ਹਾਂ ਸਹੂਲਤਾਂ ਦਾ ਲਾਭ ਮਿਲ ਸਕੇ।

ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਕੀਤੇ ਜਾ ਰਹੇ ਉਪਰਾਲਿਆਂ ਦਾ ਜ਼ਿਕਰ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਹਲਕਾ ਦਿੜ੍ਹਬਾ ਦੇ ਲਗਭਗ ਹਰ ਤੀਜੇ ਪਿੰਡ ਵਿੱਚ ਖੇਡ ਸਟੇਡੀਅਮ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡ ਪੱਧਰ 'ਤੇ ਖੇਡ ਸਹੂਲਤਾਂ ਉਪਲਬਧ ਹੋਣ ਨਾਲ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਦਾ ਮੌਕਾ ਮਿਲੇਗਾ। ਇਸ ਨਾਲ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਉਸਾਰੂ ਗਤੀਵਿਧੀਆਂ ਨਾਲ ਜੋੜਨ ਵਿੱਚ ਵੀ ਮਦਦ ਮਿਲੇਗੀ।

ਉਨ੍ਹਾਂ ਅੱਗੇ ਕਿਹਾ ਕਿ ਧਰਤੀ ਹੇਠਲੇ ਪਾਣੀ ਦੀ ਸੰਭਾਲ ਲਈ ਨਹਿਰੀ ਪਾਣੀ ਹਰ ਖੇਤ ਤੱਕ ਪਹੁੰਚਾਉਣ ਵਾਸਤੇ ਪਾਈਪਾਂ ਵਿਛਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਨਹਿਰੀ ਪਾਣੀ ਦੀ ਵੱਧ ਤੋਂ ਵੱਧ ਵਰਤੋਂ ਨਾਲ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਘਟੇਗੀ ਅਤੇ ਕਿਸਾਨਾਂ ਨੂੰ ਸਿੰਚਾਈ ਦੀ ਬਿਹਤਰ ਸਹੂਲਤ ਮਿਲੇਗੀ।

ਇਸ ਮੌਕੇ ਪਿੰਡ ਰੋਗਲਾ ਦੀ ਸਰਪੰਚ ਮਨਪ੍ਰੀਤ ਕੌਰ ਅਤੇ ਪਿੰਡ ਕੈਂਪਰ ਦੇ ਸਰਪੰਚ ਗੁਰਸੇਵਕ ਸਿੰਘ ਨੇ ਪੰਜਾਬ ਸਰਕਾਰ ਅਤੇ ਵਿੱਤ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡਾਂ ਵਿੱਚ ਪਹੁੰਚ ਕੇ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਚੈੱਕ ਸੌਂਪਣਾ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਦੱਸਿਆ ਕਿ ਵਿੱਤ ਮੰਤਰੀ ਨੇ ਆਪਣੇ ਆਉਣ ਬਾਰੇ ਫੋਨ 'ਤੇ ਸੂਚਿਤ ਕੀਤਾ ਅਤੇ ਪਿੰਡਾਂ ਦੀਆਂ ਸੱਥਾਂ ਵਿੱਚ ਮਿਲ ਕੇ ਚੈੱਕ ਸੌਂਪੇ। ਸਰਪੰਚਾਂ ਨੇ ਕਿਹਾ ਕਿ ਬਿਨਾਂ ਕਿਸੇ ਰਸਮੀ ਸਮਾਗਮ ਦੇ ਗਰਾਂਟਾਂ ਦੇ ਚੈੱਕ ਸੌਂਪਣ ਨਾਲ ਪੰਚਾਇਤਾਂ ਦਾ ਸਮਾਂ ਬਚਦਾ ਹੈ ਅਤੇ ਸਮਾਗਮਾਂ 'ਤੇ ਹੋਣ ਵਾਲੇ ਖ਼ਰਚੇ ਤੋਂ ਵੀ ਬਚਾਅ ਹੁੰਦਾ ਹੈ।

ਇਸ ਮੌਕੇ ਐੱਸ.ਡੀ.ਐੱਮ. ਦਿੜ੍ਹਬਾ ਜਤਿੰਦਰ ਸਿੰਘ ਸੋਹੀ, ਐੱਸ.ਡੀ.ਓ. ਦਲਜੀਤ ਸਿੰਘ, ਮਾਰਕੀਟ ਕਮੇਟੀ ਦਿੜ੍ਹਬਾ ਦੀ ਚੇਅਰਪਰਸਨ ਜਸਵੀਰ ਕੌਰ ਸ਼ੇਰਗਿੱਲ, ਨਗਰ ਪੰਚਾਇਤ ਦਿੜ੍ਹਬਾ ਦੇ ਪ੍ਰਧਾਨ ਮਹਿੰਦਰ ਸਿੰਘ ਘੁਮਾਣ, ਆਮ ਆਦਮੀ ਪਾਰਟੀ ਦੇ ਯੂਥ ਆਗੂ ਲਖਵਿੰਦਰ ਸਿੰਘ ਕਾਲਾ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਬਠਿੰਡਾ ਵਿੱਚ ਐੱਸ.ਆਈ.ਆਰ. ਦਾ ਕੰਮ ਮੁਕੰਮਲ ਹੋਣ ਦੇ ਨੇੜੇ, 99 ਫੀਸਦੀ ਤੋਂ ਵੱਧ ਕੰਮ ਮੁਕੰਮਲ : ਜ਼ਿਲ੍ਹਾ ਚੋਣ ਅਫਸਰ

**ਮੌੜ ਵਿਧਾਨ ਸਭਾ ਹਲਕੇ ਵਿੱਚ ਐੱਸ.ਆਈ.ਆਰ. 2026 ਦੀ 100 ਫੀਸਦੀ ਪ੍ਰਕਿਰਿਆ ਮੁਕੰਮਲ**

**ਪੈਗਾਮ-ਏ-ਜਗਤ/1 ਅਕਤੂਬਰ ਮੌੜ ਮੰਡੀ (ਚਮਕੌਰ ਸਿੰਘ ਕੇਂਦਰੇ)**

ਬਠਿੰਡਾ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਐੱਸ.ਆਈ.ਆਰ.) ਦਾ ਕੰਮ ਮੁਕੰਮਲ ਹੋਣ ਦੇ ਨੇੜੇ ਪਹੁੰਚ ਗਿਆ ਹੈ ਅਤੇ ਜ਼ਿਲ੍ਹੇ ਵਿੱਚ ਐੱਸ.ਆਈ.ਆਰ. ਦਾ 99.21 ਫੀਸਦੀ ਕੰਮ ਮੁਕੰਮਲ ਹੋ ਚੁੱਕਾ ਹੈ।

ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਮੌੜ ਵਿਧਾਨ ਸਭਾ ਹਲਕੇ ਵਿੱਚ ਐੱਸ.ਆਈ.ਆਰ. 2026 ਦੀ 100 ਫੀਸਦੀ ਪ੍ਰਕਿਰਿਆ ਮੁਕੰਮਲ ਹੋ ਚੁੱਕੀ ਹੈ, ਜਦਕਿ ਬਾਕੀ ਪੰਜ ਵਿਧਾਨ ਸਭਾ ਹਲਕਿਆਂ ਵਿੱਚ ਵੀ ਐੱਸ.ਆਈ.ਆਰ. ਦਾ 99 ਫੀਸਦੀ ਤੋਂ ਵੱਧ ਕੰਮ ਮੁਕੰਮਲ ਹੋ ਗਿਆ ਹੈ। ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਰਾਮਪੁਰਾ ਵਿੱਚ 99.53 ਫੀਸਦੀ, ਭੁੱਚੋ ਮੰਡੀ ਵਿੱਚ 99.23 ਫੀਸਦੀ, ਬਠਿੰਡਾ ਸ਼ਹਿਰੀ ਵਿੱਚ 97.49 ਫੀਸਦੀ, ਬਠਿੰਡਾ ਦਿਹਾਤੀ ਵਿੱਚ 99.70 ਫੀਸਦੀ ਅਤੇ ਤਲਵੰਡੀ ਸਾਬੋ ਵਿੱਚ 99.83 ਫੀਸਦੀ ਕੰਮ ਮੁਕੰਮਲ ਹੋ ਚੁੱਕਾ ਹੈ।

ਉਨ੍ਹਾਂ ਕਿਹਾ ਕਿ ਹਰੇਕ ਯੋਗ ਵੋਟਰ ਦਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਯਕੀਨੀ ਬਣਾਉਣ ਅਤੇ ਵੋਟਰਾਂ ਦੀ ਸਹੂਲਤ ਲਈ, ਜਿਨ੍ਹਾਂ ਮਾਮਲਿਆਂ ਵਿੱਚ ਨੋਟਿਸ ਜਾਰੀ ਹੋ ਚੁੱਕੇ ਹਨ ਅਤੇ ਸੁਣਵਾਈ ਜਾਂ ਦਸਤਾਵੇਜ਼ ਜਮ੍ਹਾਂ ਕਰਵਾਉਣੇ ਅਜੇ ਬਾਕੀ ਹਨ, ਉਨ੍ਹਾਂ ਮਾਮਲਿਆਂ ਵਿੱਚ ਬੂਥ ਲੈਵਲ ਅਫ਼ਸਰ (ਬੀ.ਐੱਲ.ਓ.) ਵੋਟਰਾਂ ਨਾਲ ਸੰਪਰਕ ਕਰਨਗੇ ਅਤੇ ਉਨ੍ਹਾਂ ਨੂੰ ਦਫ਼ਤਰਾਂ ਵਿੱਚ ਸੁਣਵਾਈ ਲਈ ਬੁਲਾਉਣ ਦੀ ਬਜਾਏ ਲੋੜੀਂਦੇ ਦਸਤਾਵੇਜ਼ ਸਿੱਧੇ ਉਨ੍ਹਾਂ ਤੋਂ ਇਕੱਠੇ ਕਰਨਗੇ।

ਉਨ੍ਹਾਂ ਕਿਹਾ ਕਿ ਇਸ ਪ੍ਰਬੰਧ ਨਾਲ ਵੋਟਰਾਂ ਨੂੰ ਨਿੱਜੀ ਸੁਣਵਾਈ ਅਤੇ ਜਿੱਥੇ ਲਾਗੂ ਹੋਵੇ, ਦਸਤਾਵੇਜ਼ ਜਮ੍ਹਾਂ ਕਰਵਾਉਣ ਲਈ ਚੋਣ ਰਜਿਸਟ੍ਰੇਸ਼ਨ ਅਫਸਰਾਂ (ਈ.ਆਰ.ਓਜ਼) ਦੇ ਦਫ਼ਤਰਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ। ਇਸ ਤੋਂ ਇਲਾਵਾ, ਜਿਨ੍ਹਾਂ ਵਿਧਾਨ ਸਭਾ ਹਲਕਿਆਂ ਵਿੱਚ ਕੁਝ ਕੰਮ ਬਕਾਇਆ ਹੈ, ਉੱਥੇ ਵੋਟਰਾਂ ਦੀ ਸਹੂਲਤ ਲਈ ਆਉਣ ਵਾਲੇ ਹਫ਼ਤੇ ਦੇ ਅੰਤ ਵਿੱਚ ਕੈਂਪ ਵੀ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਵੋਟਰਾਂ ਦੀ ਸਹੂਲਤ ਅਤੇ ਵੋਟਰ ਸੂਚੀ ਨਾਲ ਸਬੰਧਤ ਉਨ੍ਹਾਂ ਦੇ ਸਵਾਲਾਂ ਅਤੇ ਚਿੰਤਾਵਾਂ ਦੇ ਹੱਲ ਲਈ ਜ਼ਿਲ੍ਹਾ ਪੱਧਰ 'ਤੇ ਹੈਲਪ ਡੈਸਕ ਵੀ ਸਥਾਪਿਤ ਕੀਤੇ ਗਏ ਹਨ। ਇਸ ਤੋਂ ਇਲਾਵਾ ਹੈਲਪਲਾਈਨ ਨੰਬਰ 1950 ਵੀ ਉਪਲਬਧ ਹੈ। ਉਨ੍ਹਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬੀ.ਐੱਲ.ਓਜ਼ ਅਤੇ ਹੋਰ ਚੋਣ ਅਧਿਕਾਰੀਆਂ ਨੂੰ ਪੂਰਾ ਸਹਿਯੋਗ ਦੇਣ ਅਤੇ ਜਿੱਥੇ ਵੀ ਲੋੜ ਹੋਵੇ, ਲੋੜੀਂਦੇ ਦਸਤਾਵੇਜ਼ ਅਤੇ ਜਾਣਕਾਰੀ ਮੁਹੱਈਆ ਕਰਵਾਉਣ, ਤਾਂ ਜੋ ਇਸ ਪ੍ਰਕਿਰਿਆ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾ ਸਕੇ।



# ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰਾਈ ਨਾਲ ਸੋਧ ਦਾ ਨੋਟਿਸ ਪੜਾਅ ਸੰਗਰੂਰ ਦੇ ਪੰਜੇ ਵਿਧਾਨ ਸਭਾ ਹਲਕਿਆਂ ਵਿੱਚ 100 ਫ਼ੀਸਦੀ ਮੁਕੰਮਲ: ਪੂਨਮਦੀਪ ਕੌਰ

**ਸੰਗਰੂਰ, 2 ਅਕਤੂਬਰ (ਪੈ.ਗਾਮ-ਏ-ਜਗਤ)**

ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰਾਈ ਨਾਲ ਸੋਧ (ਸਪੈਸ਼ਲ ਇੰਟੈਂਸਿਵ ਰਿਵੀਜ਼ਨ—ਐੱਸ.ਆਈ.ਆਰ.)-2026 ਦੇ ਤੀਜੇ ਪੜਾਅ ਤਹਿਤ ਨੋਟਿਸਾਂ ਨਾਲ ਸਬੰਧਤ ਕਾਰਵਾਈ ਜ਼ਿਲ੍ਹਾ ਸੰਗਰੂਰ ਦੇ ਪੰਜੇ ਵਿਧਾਨ ਸਭਾ ਚੋਣ ਹਲਕਿਆਂ ਵਿੱਚ 100 ਫ਼ੀਸਦੀ ਮੁਕੰਮਲ ਕਰ ਲਈ ਗਈ ਹੈ। ਇਸ ਪ੍ਰਾਪਤੀ ਨਾਲ ਸੰਗਰੂਰ ਸੂਬੇ ਦੇ ਉਨ੍ਹਾਂ ਅੱਠ ਜ਼ਿਲ੍ਹਿਆਂ ਵਿੱਚ ਸ਼ਾਮਲ ਹੋ ਗਿਆ ਹੈ, ਜਿਨ੍ਹਾਂ ਨੇ ਇਹ ਕਾਰਵਾਈ ਪੂਰੀ ਕਰ ਲਈ ਹੈ।

ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀਮਤੀ ਪੂਨਮਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਿਆਂ 099-ਲਹਿਰਾ, 100-ਦਿੜ੍ਹਬਾ, 101-ਸੁਨਾਮ, 107-ਧੂਰੀ ਅਤੇ 108-ਸੰਗਰੂਰ ਵਿੱਚ ਨੋਟਿਸ ਪੜਾਅ ਦੀ ਪ੍ਰਕਿਰਿਆ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਨਿਰਧਾਰਿਤ ਸਮੇਂ ਤੋਂ ਪਹਿਲਾਂ ਮੁਕੰਮਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਵੋਟਰਾਂ, ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ, ਬੂਥ ਲੈਵਲ ਅਫ਼ਸਰਾਂ ਅਤੇ ਸਮੁੱਚੀ ਚੋਣ ਮਸ਼ੀਨਰੀ ਦੇ ਸਰਗਰਮ ਤੇ ਸਕਾਰਾਤਮਕ ਸਹਿਯੋਗ ਸਦਕਾ ਸੰਭਵ ਹੋਈ ਹੈ।

• ਸੰਗਰੂਰ ਨੇ ਐੱਸ.ਆਈ.ਆਰ.-2026 ਦੀ ਇਹ ਕਾਰਵਾਈ ਮੁਕੰਮਲ ਕਰਨ ਵਾਲੇ ਸੂਬੇ ਦੇ ਅੱਠ ਜ਼ਿਲ੍ਹਿਆਂ ਵਿੱਚ ਬਣਾਈ ਥਾਂ

ਸ੍ਰੀਮਤੀ ਪੂਨਮਦੀਪ ਕੌਰ ਨੇ ਦੱਸਿਆ ਕਿ ਮੁੱਖ ਚੋਣ ਅਫ਼ਸਰ, ਪੰਜਾਬ, ਸ੍ਰੀਮਤੀ ਅਨਿੰਦਿਤਾ ਮਿੱਤਰਾ ਵੱਲੋਂ 1 ਅਕਤੂਬਰ ਨੂੰ ਸਾਂਝੀ ਕੀਤੀ ਜਾਣਕਾਰੀ ਅਨੁਸਾਰ ਸੂਬੇ ਵਿੱਚ ਐੱਸ.ਆਈ.ਆਰ. ਦਾ 99.21 ਫ਼ੀਸਦੀ ਕੰਮ ਮੁਕੰਮਲ ਹੋ ਚੁੱਕਾ ਹੈ ਅਤੇ ਕੁੱਲ 117 ਵਿਧਾਨ ਸਭਾ ਹਲਕਿਆਂ ਵਿੱਚੋਂ 55 ਹਲਕਿਆਂ ਨੇ ਇਹ ਕਾਰਵਾਈ ਪੂਰੀ ਕਰ ਲਈ ਹੈ। ਸੰਗਰੂਰ ਤੋਂ ਇਲਾਵਾ ਮੋਗਾ, ਸ਼ਹੀਦ ਭਗਤ ਸਿੰਘ ਨਗਰ, ਮਾਨਸਾ, ਤਰਨ ਤਾਰਨ, ਫ਼ਰੀਦਕੋਟ, ਪਟਿਆਲਾ ਅਤੇ ਮਾਲੇਰਕੋਟਲਾ ਵੀ ਇਸ ਪ੍ਰਾਪਤੀ ਵਾਲੇ ਜ਼ਿਲ੍ਹਿਆਂ ਵਿੱਚ ਸ਼ਾਮਲ ਹਨ।

ਸ੍ਰੀਮਤੀ ਪੂਨਮਦੀਪ ਕੌਰ ਨੇ ਸਪੱਸ਼ਟ ਕੀਤਾ ਕਿ ਜ਼ਿਲ੍ਹੇ ਦੇ ਪੰਜੇ ਹਲਕਿਆਂ ਵਿੱਚ ਨੋਟਿਸ ਪੜਾਅ ਮੁਕੰਮਲ ਹੋ ਚੁੱਕਾ ਹੈ, ਜਦਕਿ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ ਪ੍ਰਾਪਤ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 8 ਅਕਤੂਬਰ 2026 ਤੱਕ ਕੀਤਾ ਜਾਣਾ ਹੈ। ਉਨ੍ਹਾਂ ਕਿਹਾ ਕਿ ਵੋਟਰ ਸੂਚੀ ਨਾਲ ਸਬੰਧਤ ਹਰੇਕ ਦਾਅਵੇ ਅਤੇ ਇਤਰਾਜ਼ ਦਾ ਨਿਪਟਾਰਾ ਨਿਰਧਾਰਿਤ ਪ੍ਰਕਿਰਿਆ ਅਨੁਸਾਰ ਯਕੀਨੀ ਬਣਾਇਆ ਜਾਵੇਗਾ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਵੋਟਰਾਂ ਦੀ ਸਹਾਇਤਾ ਅਤੇ ਵੋਟਰ ਸੂਚੀਆਂ ਨਾਲ ਸਬੰਧਤ ਉਨ੍ਹਾਂ ਦੇ ਸਵਾਲਾਂ ਤੇ ਸ਼ੰਕਿਆਂ ਦੇ ਹੱਲ ਲਈ ਜ਼ਿਲ੍ਹਾ ਚੋਣ ਦਫ਼ਤਰ ਅਤੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਦੇ ਦਫ਼ਤਰਾਂ ਵਿੱਚ ਹੈਲਪ ਡੈਸਕ ਸਥਾਪਿਤ ਕੀਤੇ ਗਏ ਹਨ। ਵੋਟਰ ਇਨ੍ਹਾਂ ਹੈਲਪ ਡੈਸਕਾਂ ਰਾਹੀਂ ਲੋੜੀਂਦੀ ਜਾਣਕਾਰੀ ਅਤੇ ਮਾਰਗਦਰਸ਼ਨ ਪ੍ਰਾਪਤ ਕਰ ਸਕਦੇ ਹਨ। ਵੋਟਰ ਸੂਚੀ ਸਬੰਧੀ ਜਾਣਕਾਰੀ ਲਈ ਚੋਣ ਕਮਿਸ਼ਨ ਦੀ ਟੋਲ-ਫ਼ਰੀ ਹੈਲਪਲਾਈਨ 1950 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

ਸ੍ਰੀਮਤੀ ਪੂਨਮਦੀਪ ਕੌਰ ਨੇ ਸਮੂਹ ਵੋਟਰਾਂ, ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਅਤੇ ਚੋਣ ਅਮਲੇ ਦਾ ਸਹਿਯੋਗ ਲਈ ਧੰਨਵਾਦ ਕਰਦਿਆਂ ਅਪੀਲ ਕੀਤੀ ਕਿ ਜਿੱਥੇ ਵੀ ਲੋੜ ਹੋਵੇ, ਵੋਟਰ ਸਬੰਧਤ ਬੀ.ਐੱਲ.ਓ. ਅਤੇ ਹੋਰ ਚੋਣ ਅਧਿਕਾਰੀਆਂ ਨੂੰ ਲੋੜੀਂਦੇ ਦਸਤਾਵੇਜ਼ ਤੇ ਸਹੀ ਜਾਣਕਾਰੀ ਮੁਹੱਈਆ ਕਰਵਾਉਣ, ਤਾਂ ਜੋ ਬਾਕੀ ਕਾਰਵਾਈ ਵੀ ਨਿਰਧਾਰਿਤ ਸਮੇਂ ਅੰਦਰ ਪੂਰੀ ਕੀਤੀ ਜਾ ਸਕੇ।

# ਕਮਿਸ਼ਨਰ ਬਿੱਲਾ ਬਣੇ ਐਸ. ਸੀ. ਵਿੰਗ ਸ਼੍ਰੋਮਣੀ ਅਕਾਲੀ ਦਲ ਦੇ ਸੰਯੁਕਤ ਸਕੱਤਰ

**ਪਟਿਆਲਾ/ਸਨੌਰ, 2 ਅਕਤੂਬਰ (ਪੈ.ਗਾਮ-ਏ-ਜਗਤ)**

ਸ਼੍ਰੋਮਣੀ ਅਕਾਲੀ ਦਲ ਦੀ ਹਲਕਾ ਸਨੌਰ ਵੱਲੋਂ ਪਾਰਟੀ ਦੇ ਜਥੇਬੰਦਕ ਢਾਂਚੇ ਦਾ ਵਿਸਥਾਰ ਕਰਦਿਆਂ ਹਲਕਾ ਸਨੌਰ ਨਾਲ ਸੰਬੰਧਤ ਕਮਿਸ਼ਨਰ ਸਿੰਘ ਬਿੱਲਾ ਸਨੌਰ ਨੂੰ ਐਸ. ਜੀ. ਵਿੰਗ ਸ਼੍ਰੋਮਣੀ ਅਕਾਲੀ ਦਲ ਦਾ ਸੰਪਰਕ ਸਰਕਲ ਨਿਯੁਕਤ ਕੀਤਾ ਗਿਆ ਹੈ। ਇਹ ਅਹਿਮ ਨਿਯੁਕਤੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਐਸ. ਜੀ. ਵਿੰਗ ਦੇ ਸੂਬਾ ਪ੍ਰਧਾਨ ਗੁਰਨਾਜ਼ਰ ਸਿੰਘ ਰਣੀਕੇ ਵੱਲੋਂ ਕਮਿਸ਼ਨਰ ਸਿੰਘ ਬਿੱਲਾ ਦੀਆਂ ਪਾਰਟੀ ਪ੍ਰਤੀ



ਨਿਸ਼ਕਾਮ ਸੇਵਾਵਾਂ ਅਤੇ ਸਮਰਪਣ ਭਾਵਨਾ ਨੂੰ ਦੇਖਦਿਆਂ ਕੀਤੀ ਗਈ ਹੈ। ਇਸ ਮੌਕੇ ਆਪਣੀ ਨਿਯੁਕਤੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਮਿਸ਼ਨਰ ਸਿੰਘ ਬਿੱਲਾ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸੂਬਾ ਪ੍ਰਧਾਨ ਸੁਖਬੀਰ ਸਿੰਘ ਰਣੀਕੇ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਲੀਡਰਸ਼ਿਪ ਨੇ ਜਿਸ ਭਰੋਸੇ ਨਾਲ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ ਹੈ, ਉਹ ਉਸ 'ਤੇ ਪੂਰੀ ਤਰ੍ਹਾਂ ਖਰਾ ਉਤਰਨਗੇ ਅਤੇ ਦਲਿਤ ਵਰਗ ਸਮੇਤ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਦਿਨ-ਰਾਤ ਇੱਕ ਕਰ ਦੇਣਗੇ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਕ੍ਰਿਸ਼ਨ ਸਿੰਘ ਸਨੌਰ ਨੇ ਕਮਿਸ਼ਨਰ ਸਿੰਘ ਬਿੱਲਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਬਿੱਲਾ ਇੱਕ ਅਣਥੱਕ, ਮਿਹਨਤੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਨਿਸ਼ਕਾਮ ਤੇ ਪੱਕੇ ਸਿਪਾਹੀ ਹਨ।

ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਇਸ ਨਿਯੁਕਤੀ ਨਾਲ ਹਲਕਾ ਸਨੌਰ ਅਤੇ ਆਸ-ਪਾਸ ਦੇ ਇਲਾਕਿਆਂ 'ਚ ਐਸ. ਜੀ. ਵਿੰਗ ਦੇ ਨਾਲ-ਨਾਲ ਸ਼੍ਰੋਮਣੀ ਅਕਾਲੀ ਦਲ ਨੂੰ ਜ਼ਮੀਨੀ ਪੱਧਰ 'ਤੇ ਵੱਡਾ ਬਲ ਮਿਲੇਗਾ। ਇਸ ਮੌਕੇ ਬਲਵਿੰਦਰ ਸਿੰਘ ਭੂੰਦੜ ਵੀ ਸ਼ਾਮਲ ਸਨ।

# 'ਮਾਨ ਦੇ ਮੁਨਾਫ਼ੇ' ਮੁਹਿੰਮ: ਲਹਿਰਾਗਾਗਾ ਵਿੱਚ ਲੋਕਾਂ ਦੇ ਬੂਹੇ 'ਤੇ ਪਹੁੰਚੇ ਬਰਿੰਦਰ ਕੁਮਾਰ ਗੋਇਲ; ਸਾਂਝਾ ਕੀਤਾ ਸਰਕਾਰ ਦੀਆਂ ਪ੍ਰਾਪਤੀਆਂ ਦਾ ਲੇਖਾ-ਜੋਖਾ

**ਲਹਿਰਾਗਾਗਾ/ਸੰਗਰੂਰ 2 ਅਕਤੂਬਰ (ਪੈ.ਗਾਮ-ਏ-ਜਗਤ)**

ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਲਹਿਰਾਗਾਗਾ ਸ਼ਹਿਰ ਵਿੱਚ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਘਰ-ਘਰ ਅਤੇ ਦੁਕਾਨਾਂ 'ਤੇ ਜਾ ਕੇ ਲੋਕਾਂ ਨਾਲ ਸਿੱਧਾ ਸੰਵਾਦ ਕੀਤਾ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਆਮ ਆਦਮੀ ਪਾਰਟੀ ਦੀ ਡੋਰ-ਟੂ-ਡੋਰ ਮੁਹਿੰਮ ਤਹਿਤ ਉਨ੍ਹਾਂ ਲੋਕਾਂ ਸਾਹਮਣੇ ਸਰਕਾਰ ਦੇ ਪਿਛਲੇ ਸਾਢੇ ਚਾਰ ਸਾਲਾਂ ਦੇ ਕੰਮਾਂ ਦਾ ਰਿਪੋਰਟ ਕਾਰਡ ਰੱਖਿਆ ਅਤੇ ਵੱਖ-ਵੱਖ ਲੋਕ-ਭਲਾਈ ਪਹਿਲਕਦਮੀਆਂ ਬਾਰੇ ਗੱਲਬਾਤ ਕੀਤੀ।

• ਘਰ-ਘਰ ਮੁਹਿੰਮ ਦੌਰਾਨ ਲੋਕਾਂ ਨਾਲ ਕੀਤਾ ਸਿੱਧਾ ਸੰਵਾਦ; ਸੁਣੀਆਂ ਸਮੱਸਿਆਵਾਂ ਤੇ ਸੁਝਾਅ



ਇਸ ਮੌਕੇ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਲੋਕਾਂ ਵਿਚਕਾਰ ਜਾ ਕੇ ਆਪਣੇ ਕੰਮਾਂ ਦਾ ਹਿਸਾਬ ਦੇਣਾ ਅਤੇ ਉਨ੍ਹਾਂ ਦੀਆਂ ਲੋੜਾਂ ਨੂੰ ਸਮਝਣਾ ਆਮ ਆਦਮੀ ਪਾਰਟੀ ਦੀ ਕਾਰਜਸ਼ੈਲੀ ਦਾ ਅਹਿਮ ਹਿੱਸਾ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਸਰਕਾਰ ਦੀਆਂ ਪ੍ਰਾਪਤੀਆਂ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਉਨ੍ਹਾਂ ਦੀ ਰਾਏ, ਸਮੱਸਿਆਵਾਂ ਅਤੇ ਸੁਝਾਅ ਜਾਣਨਾ ਵੀ ਹੈ, ਤਾਂ ਜੋ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਅੱਗੇ ਵਧਾਇਆ ਜਾ ਸਕੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਆਮ ਪਰਿਵਾਰਾਂ ਦੇ ਘਰੇਲੂ ਖ਼ਰਚਿਆਂ ਦਾ ਬੋਝ ਘਟਾਉਣ ਅਤੇ ਉਨ੍ਹਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਨੂੰ ਆਪਣੀਆਂ ਮੁੱਖ ਤਰਜੀਹਾਂ ਵਿੱਚ ਰੱਖਿਆ ਹੈ। ਉਨ੍ਹਾਂ ਕਿਹਾ ਕਿ ਪ੍ਰਤੀ ਮਹੀਨਾ 300 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ ਨਾਲ ਘਰੇਲੂ ਖਪਤਕਾਰਾਂ ਨੂੰ ਵੱਡੀ ਰਾਹਤ ਮਿਲੀ ਹੈ। ਇਸੇ ਤਰ੍ਹਾਂ ਸਰਕਾਰੀ ਸਿਹਤ ਅਤੇ ਸਿੱਖਿਆ ਸਹੂਲਤਾਂ ਨੂੰ ਮਜ਼ਬੂਤ ਕਰਨ ਦੇ ਉਪਰਾਲਿਆਂ ਨਾਲ ਪਰਿਵਾਰਾਂ ਦੇ ਇਲਾਜ ਅਤੇ ਬੱਚਿਆਂ ਦੀ ਪੜ੍ਹਾਈ 'ਤੇ ਹੋਣ ਵਾਲੇ ਖ਼ਰਚਿਆਂ ਨੂੰ ਘਟਾਉਣ ਵੱਲ ਕੰਮ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀ ਭਲਾਈ ਅਤੇ ਆਰਥਿਕ ਮਜ਼ਬੂਤੀ ਲਈ ਵੀ ਸਰਕਾਰ ਵੱਲੋਂ ਪਹਿਲਕਦਮੀਆਂ ਕੀਤੀਆਂ ਗਈਆਂ ਹਨ। 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਤਹਿਤ ਯੋਗ ਐਸ.ਸੀ. ਵਰਗ ਦੀਆਂ ਮਹਿਲਾਵਾਂ ਲਈ 1,500 ਰੁਪਏ ਅਤੇ ਹੋਰ ਯੋਗ ਵਰਗਾਂ ਦੀਆਂ ਮਹਿਲਾਵਾਂ ਲਈ 1,000 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਦਾ ਪ੍ਰਬੰਧ ਕੀਤਾ ਗਿਆ ਹੈ। ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪਾਰਟੀ ਦੇ ਮੁਲਾਂਕਣ ਮੁਤਾਬਕ ਮੁਫ਼ਤ ਬਿਜਲੀ, ਸਿਹਤ, ਸਿੱਖਿਆ, ਮਹਿਲਾਵਾਂ ਲਈ ਵਿੱਤੀ ਸਹਾਇਤਾ ਅਤੇ ਹੋਰ ਲੋਕ-ਭਲਾਈ ਪਹਿਲਕਦਮੀਆਂ ਰਾਹੀਂ ਪੰਜਾਬ ਦੇ ਇੱਕ ਔਸਤ ਪਰਿਵਾਰ ਨੂੰ ਸਾਲਾਨਾ ਲਗਭਗ 1.82 ਲੱਖ ਰੁਪਏ ਤੱਕ ਦਾ ਲਾਭ ਹੋ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰੇਲੂ ਬਜਟ ਦਾ ਹਿਸਾਬ ਲਗਾ ਕੇ ਖ਼ੁਦ ਦੇਖਣ ਕਿ ਸਰਕਾਰ ਵੱਲੋਂ ਦਿੱਤੀਆਂ ਸਹੂਲਤਾਂ ਨਾਲ ਉਨ੍ਹਾਂ ਦੀ ਬੱਚਤ ਵਿੱਚ ਕਿੰਨਾ ਵਾਧਾ ਹੋਇਆ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਲਹਿਰਾਗਾਗਾ ਸ਼ਹਿਰ ਅਤੇ ਸਮੁੱਚੇ ਹਲਕੇ ਦਾ ਸਰਬਪੱਖੀ ਵਿਕਾਸ ਉਨ੍ਹਾਂ ਦੀ ਮੁੱਖ ਤਰਜੀਹ ਹੈ।

# ਅੰਬਾਲਾ ਦੀ ਦੀਕਸ਼ਾ ਮੱਕੜ ਪਹੁੰਚੀ ਸੰਸਦ ਭਵਨ

**ਪੈ.ਗਾਮ-ਏ-ਜਗਤ ਅੰਬਾਲਾ, 2 ਅਕਤੂਬਰ (ਆਰ.ਸਿੰਘ)**

ਅੰਬਾਲਾ ਦੀ ਧੀ ਦੀਕਸ਼ਾ ਮੱਕੜ ਨੇ ਗਾਂਧੀ ਜਯੰਤੀ ਦੇ ਮੌਕੇ 'ਤੇ ਸੰਸਦ ਭਵਨ ਵਿਖੇ ਆਯੋਜਿਤ 'ਨੋ ਯੂਅਰ ਲੀਡਰ' ਪ੍ਰੋਗਰਾਮ ਵਿੱਚ ਹਰਿਆਣਾ ਦੀ ਨੁਮਾਇੰਦਗੀ ਕੀਤੀ। ਕੇਂਦਰ ਸਰਕਾਰ ਦੁਆਰਾ ਆਯੋਜਿਤ ਇੱਕ ਮੁਕਾਬਲੇ ਰਾਹੀਂ ਚੁਣੇ ਗਏ ਦੇਸ਼ ਭਰ ਦੇ ਨੌਜਵਾਨਾਂ ਨੇ ਇਸ ਪ੍ਰੋਗਰਾਮ ਵਿੱਚ ਹਿੱਸਾ ਲਿਆ। ਇਸ ਪ੍ਰੋਗਰਾਮ ਨੇ ਨੌਜਵਾਨਾਂ ਨੂੰ ਰਾਸ਼ਟਰੀ ਨੇਤਾਵਾਂ ਦੇ ਜੀਵਨ ਅਤੇ ਯੋਗਦਾਨ ਦੇ ਨਾਲ-ਨਾਲ ਸੰਸਦ ਕੰਪਲੈਕਸ ਅਤੇ ਲੋਕਤੰਤਰੀ ਪ੍ਰਣਾਲੀ ਨੂੰ ਨੇੜਿਉਂ ਸਮਝਣ ਦਾ ਮੌਕਾ ਪ੍ਰਦਾਨ ਕੀਤਾ। ਲੋਕ ਸਭਾ ਸਪੀਕਰ ਓਮ ਬਿਰਲਾ, ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਰੱਖਿਆ ਮੰਤਰੀ ਰਾਜਨਾਥ ਸਿੰਘ, ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜੇਪੀ ਨੱਡਾ, ਕੇਂਦਰੀ ਮੰਤਰੀ ਨਿਤਿਨ ਨਵੀਨ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਅਤੇ ਰਾਜ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਮਲਿਕਾਰੁਜਨ ਖੜਗੇ ਸਮੇਤ ਕਈ ਪ੍ਰਮੁੱਖ ਨੇਤਾ ਇਸ ਸਮਾਗਮ ਵਿੱਚ ਮੌਜੂਦ ਸਨ।

• ਨੋ ਯੁਅਰ ਲੀਡਰ ਪ੍ਰੋਗਰਾਮ ਵਿਚ ਹਰਿਆਣਾ ਦੀ ਕੀਤੀ ਪ੍ਰਤੀਨਿਧਤਾ



ਦੀਕਸ਼ਾ ਇਸ ਸਮੇਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿੱਚ ਲੋਕ ਪ੍ਰਸ਼ਾਸਨ ਵਿਭਾਗ ਵਿੱਚ ਪੀਐਚਡੀ ਕਰ ਰਹੀ ਹੈ। ਇਸ ਸਾਲ ਉਸ ਨੇ 100 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਲੋਕ ਪ੍ਰਸ਼ਾਸਨ ਵਿੱਚ ਯੂਜੀਸੀ-ਨੈੱਟ ਵਿੱਚ ਆਲ-ਇੰਡੀਆ ਪਹਿਲਾ ਸਥਾਨ ਪ੍ਰਾਪਤ ਕੀਤਾ। ਇਹ ਸਫਲਤਾ ਉਸ ਦੀ ਪੰਜਵੀਂ ਕੋਸ਼ਿਸ਼ ਸੀ। ਉਸ ਨੇ ਲਗਭਗ ਤਿੰਨ ਸਾਲਾਂ ਤੱਕ ਪ੍ਰੀਖਿਆ ਦੀ ਤਿਆਰੀ ਕੀਤੀ, ਨਿਯਮਤ ਅਭਿਆਸ ਅਤੇ ਦੁਹਰਾਓ ਨੂੰ ਇੱਕ ਮੁੱਖ ਰਣਨੀਤੀ ਬਣਾਇਆ। ਦੀਕਸ਼ਾ ਨੇ ਪੀਜੀ ਗੌਰਮਿੰਟ ਕਾਲਜ ਫਾਰ ਗਰਲਜ਼ ਚੰਡੀਗੜ੍ਹ ਤੋਂ ਬੀਏ (ਆਨਰਜ਼) ਅਤੇ ਪੰਜਾਬ ਯੂਨੀਵਰਸਿਟੀ ਤੋਂ ਮਾਸਟਰ ਦੀ ਡਿਗਰੀ ਪ੍ਰਾਪਤ ਕੀਤੀ। ਆਪਣੀ ਪੜ੍ਹਾਈ ਦੇ ਨਾਲ-ਨਾਲ ਉਹ ਕੱਥਕ ਵਿੱਚ ਵੀ ਸ਼ਾਮਲ ਰਹੀ ਹੈ ਅਤੇ ਬੱਚਿਆਂ ਨੂੰ ਡਾਂਸ ਸਿਖਾਉਂਦੀ ਰਹੀ ਹੈ। ਉਸ ਨੇ ਆਪਣੇ ਪਰਿਵਾਰ ਨਾਲ ਸਮਾਜ ਸੇਵਾ ਦੀਆਂ ਗਤੀਵਿਧੀਆਂ ਵਿੱਚ ਵੀ ਹਿੱਸਾ ਲਿਆ ਹੈ, ਲਗਭਗ 1,000 ਬੱਚਿਆਂ ਨੂੰ ਡਾਂਸ ਸਿਖਾਇਆ ਹੈ। ਉਹ ਸਾਈਬਰ ਸੁਰੱਖਿਆ ਗਤੀਵਿਧੀਆਂ ਵਿੱਚ ਵੀ ਸਰਗਰਮ ਰਹੀ ਹੈ ਅਤੇ ਉਸ ਨੇ ਪੰਜਾਬ ਯੂਨੀਵਰਸਿਟੀ ਵਿੱਚ ਮਹਿਲਾ ਸਾਈਬਰ ਸੇਫ ਕਲੱਬ ਦੀ ਪ੍ਰਧਾਨ ਵਜੋਂ ਸੇਵਾ ਨਿਭਾਈ ਹੈ। ਦੀਕਸ਼ਾ ਦੇ ਪਿਤਾ ਰਾਕੇਸ਼ ਮੱਕੜ ਨੇ ਕਿਹਾ ਕਿ ਬਚਪਨ ਤੋਂ ਹੀ ਉਸ ਦੀ ਧੀ ਨੇ ਅਕਾਦਮਿਕ ਅਤੇ ਕਲਾ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਉਸ ਦੇ ਪਰਿਵਾਰ ਨੇ ਹਮੇਸ਼ਾ ਉਸ ਨੂੰ ਆਪਣੀਆਂ ਰੁਚੀਆਂ ਨੂੰ ਅੱਗੇ ਵਧਾਉਣ ਲਈ ਉਤਸ਼ਾਹਿਤ ਕੀਤਾ ਹੈ। ਦੀਕਸ਼ਾ ਆਪਣੀਆਂ ਪ੍ਰਾਪਤੀਆਂ ਦਾ ਸਿਹਰਾ ਆਪਣੇ ਮਾਪਿਆਂ, ਅਧਿਆਪਕਾਂ, ਪਰਿਵਾਰ ਅਤੇ ਸਮਾਜ ਨੂੰ ਦਿੰਦੀ ਹੈ।

## ਸ.ਫਾ 1 ਦਾ ਬਾਕੀ...

**ਪਹਿਲਾਂ ਵਾਲੇ...**

ਰਾਜਾ ਨੂੰ ਹਟਾ ਦਿੱਤਾ ਜਾਣਾ ਚਾਹੀਦਾ ਹੈ, ਵਰਨਾ ਕੋਈ ਖਾਸ ਮੁੱਦਾ ਨਹੀਂ ਹੈ। ਪਾਇਲਟ ਨਾਲ ਮੇਰਾ 20-22 ਸਾਲ ਪੁਰਾਣਾ ਰਿਸ਼ਤਾ ਹੈ। ਵੜਿੰਗ ਨੇ ਕਿਹਾ ਕਿ ਉਨ੍ਹਾਂ ਨੂੰ ਕਰੀਬ ਸਾਢੇ ਚਾਰ ਸਾਲ ਪ੍ਰਦੇਸ਼ ਪ੍ਰਧਾਨ ਵਜੋਂ ਸੇਵਾ ਕਰਨ ਦਾ ਮੌਕਾ ਮਿਲਿਆ, ਜਿਸ ਲਈ ਉਹ ਪਾਰਟੀ ਹਾਈਕਮਾਂਡ ਦੇ ਧੰਨਵਾਦੀ ਹਨ। ਉਨ੍ਹਾਂ ਕਿਹਾ ਕਿ ਪਾਰਟੀ ਦਾ ਹਰ ਹੁਕਮ ਉਹ ਸਿਰ ਮੱਥੇ ਮੰਨਣਗੇ। ਉਨ੍ਹਾਂ ਇਹ ਵੀ ਕਿਹਾ, "ਰੱਬ ਜੋ ਕਰਦਾ ਹੈ, ਚੰਗੇ ਲਈ ਹੀ ਕਰਦਾ ਹੈ। ਦੱਸ ਦੇਈਏ ਕਿ ਬੀਤੇ ਦਿਨੀਂ ਰਾਜਾ ਵੜਿੰਗ ਨੇ ਆਪਣੇ ਸੋਸ਼ਲ ਮੀਡੀਆ ਹੈਂਡਲ 'ਤੇ ਖੁਦ ਨੂੰ ਸਾਬਕਾ ਪ੍ਰਧਾਨ ਲਿਖ ਦਿੱਤਾ ਸੀ। ਦੂਜੇ ਪਾਸੇ ਨਵੇਂ ਪ੍ਰਧਾਨ ਦੀ ਦੌੜ ਵਿਚ ਸੰਗਰੂਰ ਤੋਂ ਸਾਬਕਾ ਸਾਂਸਦ ਵਿਜੈਇੰਦਰ ਸਿੰਗਲਾ ਦਾ ਨਾਂ ਸਭ ਤੋਂ ਅੱਗੇ ਹੈ। ਉਨ੍ਹਾਂ ਤੋਂ ਇਲਾਵਾ ਪ੍ਰਤਾਪ ਸਿੰਘ ਬਾਜਵਾ, ਵਿਧਾਇਕ ਪ੍ਰਗਟ ਸਿੰਘ, ਸੁੱਖ ਸਰਕਾਰੀਆ ਤੇ ਸਾਂਸਦ ਗੁਰਜੀਤ ਔਜਲਾ ਦੇ ਨਾਂ 'ਤੇ ਵੀ ਚਰਚਾ ਹੋ ਰਹੀ ਹੈ।

**ਏਸ਼ੀਆਈ ਖੇਡਾਂ...**

ਤੋਂ ਬਾਅਦ ਅੰਕੁਸ਼ ਪੰਘਾਲ ਨੇ ਪੁਰਸ਼ਾਂ ਦੇ 80 ਕਿਲੋਗ੍ਰਾਮ ਮੁੱਕੇਬਾਜ਼ੀ ਵਰਗ ਵਿੱਚ ਸੋਨ ਤਗਮਾ ਜਿੱਤਿਆ। ਉਸ ਤੋਂ ਠੀਕ ਪਹਿਲਾਂ ਸੁਜੀਤ ਕਾਲਕਲ ਨੇ ਪੁਰਸ਼ਾਂ ਦੇ 65 ਕਿਲੋਗ੍ਰਾਮ ਫ?ਰੀਸਟਾਈਲ ਕੁਸ਼ਤੀ ਵਰਗ ਵਿੱਚ ਸੋਨ ਤਗਮਾ ਹਾਸਲ ਕੀਤਾ ਸੀ। ਮਹਿਲਾ ਹਾਕੀ ਟੀਮ ਦਾ ਸੋਨ ਤਗਮਾ ਇਸ ਦਿਨ ਭਾਰਤ ਦਾ ਛੇਵਾਂ ਸੋਨ ਤਗਮਾ ਰਿਹਾ। ਇਸ ਤਰ੍ਹਾਂ ਇੱਕੋ ਦਿਨ ਭਾਰਤ ਨੇ ਛੇ ਸੋਨ ਤਗਮੇ ਜਿੱਤ ਕੇ ਆਪਣੀ ਤਗਮਾ ਮੁਹਿੰਮ ਨੂੰ ਹੋਰ ਮਜ਼ਬੂਤ ਕੀਤਾ। ਭਾਰਤੀ ਮਹਿਲਾ ਹਾਕੀ ਟੀਮ ਨੇ ਇਸ ਤੋਂ ਪਹਿਲਾਂ 1982 ਦੀਆਂ ਏਸ਼ਿਆਈ ਖੇਡਾਂ ਵਿੱਚ ਸੋਨ ਤਗਮਾ ਜਿੱਤਿਆ ਸੀ। ਉਸ ਵੇਲੇ ਭਾਰਤ ਨੇ ਦੱਖਣੀ ਕੋਰੀਆ ਨੂੰ ਹਰਾ ਕੇ ਖਿਤਾਬ ਆਪਣੇ ਨਾਂ ਕੀਤਾ ਸੀ। ਹੁਣ 44 ਸਾਲ ਬਾਅਦ ਟੀਮ ਨੇ ਮੁੜ ਏਸ਼ਿਆਈ ਖੇਡਾਂ ਦਾ ਸੋਨ ਤਗਮਾ ਜਿੱਤਿਆ ਹੈ। ਇਸ ਜਿੱਤ ਦਾ ਇੱਕ ਹੋਰ ਮਹੱਤਵ ਹੈ। ਏਸ਼ਿਆਈ ਖੇਡਾਂ ਵਿੱਚ ਸੋਨ ਤਗਮਾ ਜਿੱਤਣ ਨਾਲ ਭਾਰਤੀ ਮਹਿਲਾ ਹਾਕੀ ਟੀਮ ਨੇ ਲਾਸ ਏਂਜਲਸ 2028 ਓਲੰਪਿਕ ਖੇਡਾਂ ਲਈ ਵੀ ਕੁਆਲੀਫਾਈ ਕਰ ਲਿਆ ਹੈ। ਮਹਿਲਾ ਹਾਕੀ ਦੇ ਸੋਨ ਤਗਮੇ ਨਾਲ ਭਾਰਤ ਦੇ ਏਸ਼ਿਆਈ ਖੇਡਾਂ ਵਿੱਚ ਸੋਨ ਤਗਮਿਆਂ ਦੀ ਗਿਣਤੀ 16 ਹੋ ਗਈ ਹੈ। ਭਾਰਤ ਤਗਮਾ ਸੂਚੀ ਵਿੱਚ ਪੰਜਵੇਂ ਸਥਾਨ 'ਤੇ ਹੈ। ਭਾਰਤੀ ਟੀਮ ਦੀ ਇਸ ਜਿੱਤ ਨਾਲ ਖਿਡਾਰੀਆਂ ਅਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਹੈ।

**ਏਸ਼ੀਆਈ ...**

ਦੇਸ਼ ਲਈ ਸੋਨ ਤਗਮਾ ਜਿੱਤਿਆ ਹੈ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਜਿੱਤ ਲਈ ਪੂਰੀ ਟੀਮ ਅਤੇ ਪੰਜਾਬ ਦੀ ਧੀ ਬਲਜੀਤ ਕੌਰ ਵਧਾਈ ਦੀਆਂ ਹੱਕਦਾਰ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਖਿਡਾਰੀਆਂ ਨੂੰ ਖੇਡਾਂ ਵਿੱਚ ਅੱਗੇ ਵਧਣ ਲਈ ਹਰ ਸੰਭਵ ਸਹਾਇਤਾ ਦੇਣ ਲਈ ਵਚਨਬੱਧ ਹੈ। ਸਰਕਾਰ ਦੀ ਖੇਡ ਨੀਤੀ ਤਹਿਤ ਕੌਮਾਂਤਰੀ ਪੱਧਰ 'ਤੇ ਦੇਸ਼ ਅਤੇ ਸੂਬੇ ਦਾ ਨਾਂ ਰੌਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਬਣਦਾ ਮਾਣ-ਸਨਮਾਨ ਅਤੇ ਇਨਾਮੀ ਰਾਸ਼ੀ ਦਿੱਤੀ ਜਾ ਰਹੀ ਹੈ।

**ਭਿਆਨਕ ਅੱਗ ਲੱਗਣ...**

ਵਾਧੂ ਫ਼ਾਇਰ ਟੈਂਡਰ ਭੇਜੇ ਗਏ। ਸਥਾਨਕ ਪੁਲੀਸ ਅਤੇ ਪਿੰਡ ਵਾਸੀਆਂ ਨੇ ਵੀ ਅੱਗ ਨੂੰ ਬੁਝਾਉਣ ਵਿੱਚ ਫ਼ਾਇਰ ਕਰਮਚਾਰੀਆਂ ਦੀ ਮਦਦ ਕੀਤੀ। ਫ਼ਾਇਰ ਕਰਮਚਾਰੀਆਂ ਨੂੰ ਅੱਗ 'ਤੇ ਕਾਬੂ ਪਾਉਣ ਲਈ ਕਾਫ਼ੀ ਜੱਦੋ ਜਹਿਦ ਕਰਨੀ ਪਈ । ਅੱਗ ਨੂੰ ਨੇੜਲੇ ਘਰਾਂ ਅਤੇ ਪਿੰਡ ਦੇ ਹੋਰ ਹਿੱਸਿਆਂ ਵਿੱਚ ਫੈਲਣ ਤੋਂ ਰੋਕਣ ਲਈ ਫ਼ਾਇਰ ਬ੍ਰਿਗੇਡ ਦੀਆਂ ਟੀਮਾਂ ਸਵੇਰ ਤੱਕ ਮੌਕੇ 'ਤੇ ਮੌਜੂਦ ਰਹੀਆਂ। ਪੁਲੀਸ ਨੇ ਕਿਹਾ ਕਿ ਅੱਗ ਲੱਗਣ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਸਿੱਖਿਆ ਮੰਤਰੀ ਰੋਹਿਤ ਠਾਕੁਰ, ਜੋ ਕਿ ਇਸ ਇਲਾਕੇ ਤੋਂ ਸਥਾਨਕ ਵਿਧਾਇਕ ਵੀ ਹਨ, ਨੇ ਇਸ ਘਟਨਾ 'ਤੇ ਦੁੱਖ ਪ੍ਰਗਟ ਕੀਤਾ ਅਤੇ ਪ੍ਰਭਾਵਿਤ ਪਰਿਵਾਰਾਂ ਨੂੰ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ। ਠਾਕੁਰ ਨੇ ਕਿਹਾ ਕਿ ਅੱਗ ਕਾਰਨ ਹੋਏ ਨੁਕਸਾਨ ਦੇ ਪੱਧਰ ਨੂੰ ਦੇਖਦਿਆਂ ਪ੍ਰਭਾਵਿਤ ਪਰਿਵਾਰਾਂ ਨੂੰ ਸਰਕਾਰੀ ਸਹਾਇਤਾ ਪ੍ਰਦਾਨ ਕਰਨ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਮੰਤਰੀ ਨੇ ਪ੍ਰਸ਼ਾਸਨ ਨੂੰ ਪ੍ਰਭਾਵਿਤ ਪਰਿਵਾਰਾਂ ਨੂੰ ਤੁਰੰਤ ਰਾਹਤ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ।

**ਨਰਿੰਦਰ ਮੋਦੀ ਨੇ...**

ਨਾਲ ਗੱਲ ਕਰਦਿਆਂ ਸਮਿਤ ਭਾਵੁਕ ਹੋ ਗਏ। ਉਨ੍ਹਾਂ ਕਿਹਾ, 'ਤੁਹਾਡਾ ਫੋਨ ਆਉਣਾ ਮੇਰੇ ਲਈ ਬਹੁਤ ਮਾਣ ਵਾਲੀ ਗੱਲ ਹੈ। ਸਰ, ਕਿਰਪਾ ਕਰਕੇ ਮੈਨੂੰ ਮਾਫ਼ ਕਰਨਾ ਕਿ ਮੈਂ ਤੁਹਾਡੇ ਸਾਹਮਣੇ ਰੋ ਪਿਆ। ਮੈਂ ਕਦੇ ਸੋਚਿਆ ਵੀ ਨਹੀਂ ਸੀ ਕਿ ਮੈਨੂੰ ਤੁਹਾਡੇ ਨਾਲ ਗੱਲ ਕਰਨ ਦਾ ਮੌਕਾ ਮਿਲੇਗਾ।' ਮੋਦੀ ਨੇ ਕਿਹਾ ਕਿ ਤੁਸੀਂ ਅਜਿਹਾ ਸ਼ਾਨਦਾਰ ਕਾਰਨਾਮਾ ਕੀਤਾ ਹੈ ਕਿ ਦੇਸ਼ ਦਾ ਹਰ ਨਾਗਰਿਕ ਅਤੇ ਦੁਨੀਆ ਭਰ ਦੇ ਲੋਕ ਤੁਹਾਨੂੰ ਮਿਲਣਾ ਅਤੇ ਤੁਹਾਡੇ ਨਾਲ ਗੱਲਬਾਤ ਕਰਨਾ ਚਾਹੁੰਦੇ ਹਨ। ਹਨੂੰਮਾਨ ਚਾਲੀਸਾ ਬਾਰੇ ਤੁਸੀਂ ਜੋ ਗੱਲ ਸਾਂਝੀ ਕੀਤੀ ਹੈ, ਉਸ ਦੇ ਸੰਦਰਭ ਵਿੱਚ ਮੈਂ ਤੁਹਾਡੀ ਮਾਤਾ ਜੀ, ਗੀਤਾਬੇਨ ਜੀ ਨੂੰ ਨਮਨ ਕਰਦਾ ਹਾਂ ਜਿਨ੍ਹਾਂ ਨੇ ਤੁਹਾਡੇ ਵਿੱਚ ਅਜਿਹੇ ਸੰਸਕਾਰ ਪੈਦਾ ਕੀਤੇ। ਮੈਂ ਤੁਹਾਡੇ ਪਿਤਾ ਜੀ, ਭੁਪਿੰਦਰਭਾਈ ਜੀ, ਨੂੰ ਵੀ ਨਮਨ ਕਰਦਾ ਹਾਂ।

**ਤਰਨਤਾਰਨ ਬਾਰਡਰ 'ਤੇ...**

ਵੱਲ ਵਾਪਸ ਚਲਾ ਗਿਆ। ਯਾਨੀ ਕੁੱਲ ਤਿੰਨ ਲੋਕ ਭਾਰਤੀ ਸਰਹੱਦ ਵਿੱਚ ਦਾਖ਼ਲ ਹੋਣ ਦੀ ਕੋਸ਼ਿਸ਼ ਕਰ ਰਹੇ ਸਨ, ਪਰ ਸੁਰੱਖਿਆ ਬਲਾਂ ਦੀ ਕਾਰਵਾਈ ਤੋਂ ਬਾਅਦ ਦੋ ਨੂੰ ਮਾਰ ਗਿਰਾਇਆ ਗਿਆ, ਜਦਕਿ ਤੀਜਾ ਵਾਪਸ ਪਾਕਿਸਤਾਨ ਪਰਤ ਗਿਆ। ਘਟਨਾ ਤੋਂ ਬਾਅਦ ਇੱਕ ਵਾਰ ਫਿਰ ਸਪੱਸ਼ਟ ਹੋਇਆ ਕਿ ਪੰਜਾਬ ਸੈਕਟਰ ਵਿੱਚ ਭਾਰਤ-ਪਾਕਿਸਤਾਨ ਸਰਹੱਦ 'ਤੇ ਸੁਰੱਖਿਆ ਏਜੰਸੀਆਂ ਘੁਸਪੈਠ ਦੀਆਂ ਕੋਸ਼ਿਸ਼ਾਂ ਨੂੰ ਲੈ ਕੇ ਅਲਰਟ ਹਨ। ਬੀਐਸਐਫ ਵੱਲੋਂ ਦਿੱਤੀ ਗਈ ਜਾਣਕਾਰੀ ਮੁਤਾਬਕ, ਘੁਸਪੈਠੀਏ ਪਾਕਿਸਤਾਨ ਵਾਲੇ ਪਾਸੇ ਤੋਂ ਭਾਰਤੀ ਸਰਹੱਦ ਵਿੱਚ ਦਾਖ਼ਲ ਹੋਣ ਦੀ ਕੋਸ਼ਿਸ਼ ਕਰ ਰਹੇ ਸਨ। ਪਹਿਲਾਂ ਉਨ੍ਹਾਂ ਨੂੰ ਚੇਤਾਵਨੀ ਦਿੱਤੀ ਗਈ ਅਤੇ ਚੇਤਾਵਨੀ ਨਾ ਮੰਨਣ 'ਤੇ ਫਾਇਰਿੰਗ ਕੀਤੀ ਗਈ। ਇਸ ਪੂਰੇ ਘਟਨਾਕ੍ਰਮ ਵਿੱਚ ਦੋ ਪਾਕਿਸਤਾਨੀ ਘੁਸਪੈਠੀਆਂ ਦੇ ਮਾਰੇ ਜਾਣ ਦੀ ਪੁਸ਼ਟੀ ਬੀਐਸਐਫ ਵੱਲੋਂ ਕੀਤੀ ਗਈ ਹੈ। ਉੱਥੇ ਹੀ ਤੀਜੇ ਘੁਸਪੈਠੀਏ ਦੇ ਵਾਪਸ ਪਾਕਿਸਤਾਨ ਪਰਤਣ ਦੀ ਗੱਲ ਸਾਹਮਣੇ ਆਈ ਹੈ। ਘਟਨਾ ਤਰਨਤਾਰਨ ਸੈਕਟਰ ਦੇ ਰਾਜੋਕੇ BOP ਇਲਾਕੇ ਦੀ ਹੈ।

**ਭਿਵਾਨੀ 'ਚ ਟਰੱਕ...**

ਕਾਰ ਸਵਾਰ ਨਰਹਦ ਪੀਰ ਤੋਂ ਭਿਵਾਨੀ ਵਾਪਸ ਪਰਤ ਰਹੇ ਸਨ। ਰਿਪੋਰਟਾਂ ਅਨੁਸਾਰ, ਭਿਵਾਨੀ ਦੇ ਮੰਢਾਣਾ ਪਿੰਡ ਦਾ ਇਕ ਪਰਿਵਾਰ ਧਾਰਮਿਕ ਸਥਾਨ 'ਤੇ ਮੱਥਾ ਟੇਕਣ ਲਈ ਘਰੋਂ ਨਿਕਲਿਆ ਸੀ। ਅੱਜ ਸਵੇਰੇ ਪੂਰਾ ਪਰਿਵਾਰ ਕਾਰ ਰਾਹੀਂ ਘਰ ਵਾਪਸ ਪਰਤ ਰਿਹਾ ਸੀ। ਜਦੋਂ ਉਹ ਪੋਖਰਵਾਸ ਪਿੰਡ ਨੇੜੇ ਪਹੁੰਚੇ, ਤਾਂ ਜੂਈ ਵੱਲੋਂ ਆ ਰਹੇ ਇੱਕ ਟਰੱਕ ਨੇ ਉਨ੍ਹਾਂ ਦੀ ਕਾਰ ਨੂੰ ਟੱਕਰ ਮਾਰ ਦਿੱਤੀ। ਇਸ ਹਾਦਸੇ ਵਿੱਚ ਕਾਰ ਨੁਕਸਾਨੀ ਗਈ ਅਤੇ ਉਸ ਵਿੱਚ ਸਵਾਰ ਲੋਕ ਜ਼ਖ਼ਮੀ ਹੋ ਗਏ। ਮ੍ਰਿਤਕਾਂ ਦੀ ਸੁਲੋਚਨਾ ਅਤੇ ਅਰਨਵ ਵਜੋਂ ਪਛਾਣ ਕੀਤੀ ਗਈ ਹੈ, ਜਦਕਿ ਅੰਜਲੀ, ਕਰਮਬੀਰ ਅਤੇ ਰਸ਼ਮੀ ਦਾ ਫਿਲਹਾਲ ਇਲਾਜ ਚੱਲ ਰਿਹਾ ਹੈ।

**ਸਰਹੱਦ ਪਾਰੋਂ ਚੱਲ...**

(ਆਈਜੀਪੀ) ਬਾਰਡਰ ਰੇਂਜ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪਹਿਲੇ ਆਪ੍ਰੇਸ਼ਨ ਦੌਰਾਨ ਗ਼ੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਬਾਰੇ ਠੋਸ ਸੂਚਨਾ ਮਿਲਣ 'ਤੇ ਕਾਰਵਾਈ ਕਰਦਿਆਂ ਥਾਣਾ ਘਰਿੰਡਾ ਦੀ ਪੁਲੀਸ ਪਾਰਟੀ ਨੇ ਰਾਜਨਪ੍ਰੀਤ ਸਿੰਘ ਅਤੇ ਵਿਜੇ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 10 ਨਾਜਾਇਜ਼ ਪਿਸਤੌਲ ਬਰਾਮਦ ਕੀਤੇ।

ਆਈਜੀਪੀ ਨੇ ਅੱਗੇ ਦੱਸਿਆ ਕਿ ਦੂਜੇ ਆਪ੍ਰੇਸ਼ਨ ਵਿੱਚ ਸਰਹੱਦ ਪਾਰੋਂ ਚੱਲ ਰਹੇ ਨਸ਼ਾ ਤਸਕਰੀ ਨੈੱਟਵਰਕ ਬਾਰੇ ਮਿਲੀ ਪੁਖ਼ਤਾ ਜਾਣਕਾਰੀ ਦੇ ਆਧਾਰ 'ਤੇ ਥਾਣਾ ਘਰਿੰਡਾ ਦੀਆਂ ਟੀਮਾਂ ਨੇ ਪਾਰਸਦੀਪ ਸਿੰਘ ਉਰਫ਼ ਬਿੱਲਾ ਅਤੇ ਗੁਰਮੁਖ ਸਿੰਘ ਉਰਫ਼ ਬੋਦੀ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ 10 ਕਿੱਲੋ ਹੈਰੋਇਨ ਬਰਾਮਦ ਕੀਤੀ। ਉਨ੍ਹਾਂ ਦੱਸਿਆ ਕਿ ਮੁਲਜ਼ਮ ਪਾਰਸਦੀਪ ਇੱਕ ਬਦਨਾਮ ਨਸ਼ਾ ਤਸਕਰ ਹੈ, ਜੋ ਖੇਤਰ ਵਿੱਚ ਡਰੱਗ ਕਾਰਟਲ ਚਲਾ ਰਿਹਾ ਸੀ। ਸੀਨੀਅਰ ਸੁਪਰਡੈਂਟ ਆਫ਼ ਪੁਲੀਸ (ਐੱਸਐੱਸਪੀ) ਅੰਮ੍ਰਿਤਸਰ ਦਿਹਾਤੀ ਕੰਵਲਪ੍ਰੀਤ ਸਿੰਘ ਚਾਹਲ ਨੇ ਦੱਸਿਆ ਕਿ ਇਸ ਸਬੰਧੀ ਥਾਣਾ ਘਰਿੰਡਾ (ਅੰਮ੍ਰਿਤਸਰ ਦਿਹਾਤੀ) ਵਿਖੇ ਦੋ ਵੱਖ-ਵੱਖ ਕੇਸ—ਅਸਲਾ ਐਕਟ ਦੀ ਧਾਰਾ 25 ਤਹਿਤ ਮਿਤੀ 27.09.2026 ਨੂੰ ਐੱਫਆਈਆਰ ਨੰਬਰ 422 ਅਤੇ ਐੱਨਡੀਪੀਐੱਸ ਐਕਟ ਦੀ ਧਾਰਾ 21 ਤਹਿਤ ਮਿਤੀ 28.09.2026 ਨੂੰ ਐੱਫਆਈਆਰ ਨੰਬਰ 423 ਦਰਜ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

**ਸਟੋਰੇਜ਼ ਲਈ ਜਗ੍ਹਾ...**

ਮੀਟ੍ਰਿਕ ਟਨ ਚੌਲ ਅਜੇ ਵੀ ਡਿਲੀਵਰ ਹੋਣਾ ਬਾਕੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਸ ਸਾਉਣੀ ਮੰਡੀਕਰਨ ਸੀਜ਼ਨ (ਕੇ.ਐਮ.ਐਸ.) ਦੀ ਸ਼ੁਰੂਆਤ ਭਲਕੇ ਭਾਵ 1 ਅਕਤੂਬਰ 2026 ਤੋਂ ਹੋਣ ਜਾ ਰਹੀ ਹੈ ਅਤੇ 10 ਅਕਤੂਬਰ 2026 ਦੇ ਕਰੀਬ ਝੋਨੇ ਦੀ ਆਮਦ ਸਿਖਰਾਂ 'ਤੇ ਪਹੁੰਚਣ ਦੀ ਸੰਭਾਵਨਾ ਹੈ। ਅਜਿਹੇ ਵਿੱਚ ਇਸ ਸਾਉਣੀ ਸੀਜ਼ਨ ਦੌਰਾਨ ਬਕਾਇਆ ਝੋਨੇ ਦੇ ਸਟਾਕ ਨੂੰ ਕਲੀਅਰ ਕਰਨ ਅਤੇ ਸਟਾਕ ਦੇ ਹਿਸਾਬ-ਕਿਤਾਬ ਤੇ ਝੋਨੇ/ਚੌਲਾਂ ਦੀ ਰੀਸਾਈਕਲਿੰਗ ਵਿੱਚ ਪੈਦਾ ਹੋਣ ਵਾਲੀਆਂ ਪੇਚੀਦਗੀਆਂ ਤੋਂ ਬਚਣ ਲਈ ਐੱਫ.ਸੀ.ਆਈ. ਨੂੰ ਸਾਰੇ ਬਕਾਇਆ ਚੌਲਾਂ ਦੀ ਡਿਲੀਵਰੀ ਤੁਰੰਤ ਮੁਕੰਮਲ ਕੀਤੀ ਜਾਣੀ ਬਹੁਤ ਅਹਿਮ ਹੈ।

ਮੁੱਖ ਮੰਤਰੀ ਨੇ ਕਿਹਾ, "ਮਿਲਿੰਗ ਵਿੱਚ ਹੋ ਰਹੀ ਦੇਰੀ ਕਾਰਨ ਸ਼ੈਲਰ ਮਾਲਕਾਂ ਵਿੱਚ ਪਹਿਲਾਂ ਹੀ ਬੇਚੈਨੀ ਪਾਈ ਜਾ ਰਹੀ ਹੈ। ਜੇਕਰ ਚੌਲਾਂ ਦੀ ਡਿਲੀਵਰੀ ਮੱਧ ਅਕਤੂਬਰ ਤੋਂ ਬਾਅਦ ਤੱਕ ਲਟਕਦੀ ਹੈ, ਤਾਂ ਰਾਈਸ ਮਿੱਲਰ ਝੋਨੇ ਦੇ ਭੰਡਾਰਨ ਅਤੇ ਮਿਲਿੰਗ ਲਈ ਅੱਗੇ ਨਹੀਂ ਆਉਣਗੇ। ਅਜਿਹੀ ਸਥਿਤੀ ਹੋਰਨਾਂ ਹਿੱਸੇਦਾਰਾਂ, ਖਾਸ ਕਰਕੇ ਕਿਸਾਨਾਂ ਵਿੱਚ ਵੀ ਬੇਚੈਨੀ ਦਾ ਕਾਰਨ ਬਣ ਸਕਦੀ ਹੈ। ਉਨ੍ਹਾਂ ਕਿਹਾ, "ਹਾਲਾਂਕਿ ਸੂਬਾ ਸਰਕਾਰ ਚੌਲਾਂ ਦੀ ਸਮੇਂ ਸਿਰ ਡਿਲੀਵਰੀ ਨੂੰ ਯਕੀਨੀ ਬਣਾਉਣ ਲਈ ਪੂਰੀ ਵਾਹ ਲਾ ਰਹੀ ਹੈ, ਪਰ ਫਿਰ ਵੀ ਇਸ ਉਦੇਸ਼ ਦੀ ਪੂਰਤੀ ਲਈ 1 ਅਕਤੂਬਰ ਤੋਂ 10 ਅਕਤੂਬਰ ਦਰਮਿਆਨ 6 ਲੱਖ ਮੀਟ੍ਰਿਕ ਟਨ (ਐਲ.ਐਮ.ਟੀ.) ਚੌਲਾਂ ਦੇ ਸਟਾਕ ਦੀ ਤੁਰੰਤ ਚੁਕਾਈ ਕਰਨਾ ਬੇਹੱਦ ਜ਼ਰੂਰੀ ਹੈ। ਇਸ ਲਈ ਮੁੱਖ ਮੰਤਰੀ ਨੇ ਕੇਂਦਰੀ ਮੰਤਰੀ ਨੂੰ ਸਿੱਧੀ ਅਪੀਲ ਕਰਦਿਆਂ ਕਿਹਾ, "ਮੈਂ ਤੁਹਾਨੂੰ ਇਸ ਮਾਮਲੇ ਵਿੱਚ ਨਿੱਜੀ ਦਖ਼ਲ ਦੇਣ ਦੀ ਬੇਨਤੀ ਕਰਦਾ ਹਾਂ ਕਿ ਖ਼ੁਰਾਕ ਤੇ ਜਨਤਕ ਵੰਡ ਵਿਭਾਗ ਅਤੇ ਐੱਫ.ਸੀ.ਆਈ. ਹੈੱਡਕੁਆਰਟਰ ਦੇ ਸਬੰਧਤ ਅਧਿਕਾਰੀਆਂ ਨੂੰ 1 ਅਕਤੂਬਰ ਤੋਂ 10 ਅਕਤੂਬਰ ਦਰਮਿਆਨ ਪੰਜਾਬ ਵਿੱਚੋਂ 6 ਲੱਖ ਮੀਟ੍ਰਿਕ ਟਨ ਚੌਲਾਂ ਅਤੇ ਅਕਤੂਬਰ 2026 ਦੌਰਾਨ 15 ਲੱਖ ਮੀਟ੍ਰਿਕ ਟਨ ਕਣਕ ਦੀ ਚੁਕਾਈ ਯਕੀਨੀ ਬਣਾਉਣ ਲਈ ਜ਼ਰੂਰੀ ਹਦਾਇਤਾਂ ਜਾਰੀ ਕੀਤੀਆਂ ਜਾਣ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੇ.ਐੱਮ.ਐੱਸ. 2026-27 ਦੌਰਾਨ ਸੁਚਾਰੂ ਖਰੀਦ ਪ੍ਰਕਿਰਿਆ ਨੂੰ ਚਲਾਉਣ ਅਤੇ ਸੰਵੇਦਨਸ਼ੀਲ ਸਰਹੱਦੀ ਸੂਬੇ ਵਿੱਚ ਕਿਸੇ ਵੀ ਅਣਸੁਖਾਵੀਂ ਜਾਂ ਅਮਨ-ਕਾਨੂੰਨ ਦੀ ਸਥਿਤੀ ਨੂੰ ਪੈਦਾ ਹੋਣ ਤੋਂ ਰੋਕਣ ਲਈ ਇਹ ਚੁਕਾਈ ਬੇਹੱਦ ਜ਼ਰੂਰੀ ਹੈ।

**ਐਲਪੀਯੂ ਹਿੰਸਾ ਦੇ...**

ਕੀਤੀ ਅਤੇ ਬਾਅਦ ਵਿੱਚ ਉਸਨੂੰ ਗ੍ਰਿਫ਼ਤਾਰ ਕਰ ਲਿਆ। ਮੁਲਜ਼ਮ ਨੂੰ ਹਿਮਾਚਲ ਪ੍ਰਦੇਸ਼ ਦੇ ਮੰਡੀ ਜ਼ਿਲ੍ਹੇ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ। ਉਹ ਨਾਬਾਲਗ ਹੈ, ਯੂਨੀਵਰਸਿਟੀ ਦਾ ਵਿਦਿਆਰਥੀ ਹੈ ਅਤੇ ਮੰਡੀ ਜ਼ਿਲ੍ਹੇ ਦਾ ਰਹਿਣ ਵਾਲਾ ਹੈ; ਉਸਦੇ ਪਿਤਾ ਮੰਡੀ ਦੇ ਡਿਪਟੀ ਕਮਿਸ਼ਨਰ (43) ਦੇ ਦਫ਼ਤਰ ਵਿੱਚ ਅਧਿਕਾਰੀ ਵਜੋਂ ਤਾਇਨਾਤ ਹਨ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ, ਇੰਡਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

# 500 ਕਰੋੜ ਰੁਪਏ ਹੋਰਡਿੰਗਜ਼ ’ਤੇ ਖਰਚ ਕੇ ਆਪਣੇ ਆਪ ਨੂੰ ਈਮਾਨਦਾਰ ਕਰਾਰ ਦੇਣ ਨਾਲ ਤੁਹਾਡੇ

## ਭ੍ਰਿਸ਼ਟਾਚਾਰ ਵਾਲੇ ਕਾਰੇ ਧੋਖੇ ਨਹੀਂ ਜਾਣਗੇ: ਸੁਖਬੀਰ ਸਿੰਘ ਬਾਦਲ ਨੇ ਮੁੱਖ ਮੰਤਰੀ ਨੂੰ ਆਖਿਆ



**ਪੈਗ਼ਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ 500 ਕਰੋੜ ਰੁਪਏ ਹੋਰਡਿੰਗਜ਼ ’ਤੇ ਖਰਚ ਕੇ ਆਪਣੇ ਆਪ ਨੂੰ ਈਮਾਨਦਾਰ ਕਰਾਰ ਭਾਵੇਂ ਦੇ ਰਹੇ ਹਨ ਪਰ ਇਸ ਨਾਲ ਉਹਨਾਂ ਦੇ ਭ੍ਰਿਸ਼ਟਾਚਾਰ ਵਾਲੇ ਕਾਰੇ ਧੋਤੇ ਨਹੀਂ ਜਾਣਗੇ ਤੇ ਉਹਨਾਂ ਜ਼ੋਰ ਦੇ ਕੇ ਕਿਹਾ ਕਿ ਈਮਾਨਦਾਰ ਲੋਕਾਂ ਨੂੰ ਆਪਣੇ ਆਪ ਨੂੰ ਕਲੀਨ ਚਿੱਟ ਦੇਣ ਵਾਸਤੇ ਕਰੋੜ ਰੁਪਏ ਖਰਚਣ ਦੀ ਜ਼ਰੂਰਤ ਨਹੀਂ ਹੁੰਦੀ।

ਅਕਾਲੀ ਦਲ ਦੇ ਪ੍ਰਧਾਨ ਇਥੇ ਪੰਜਾਬ ਬਚਾਓ ਮੁਹਿੰਮ ਤਹਿਤ 15 ਹਜ਼ਾਰ ਲੋਕਾਂ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰ ਰਹੇ ਸਨ ਜਿਸ ਦੌਰਾਨ ਉਹਨਾਂ ਹਲਕਾ ਇੰਚਾਰਜ ਹਰਮਿੰਦਰ ਸਿੰਘ ਸੰਧੂ ਨੂੰ ਵਧਾਈ ਦਿੱਤੀ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਉਂਦੀਆਂ ਵਿਧਾਨ ਸਭਾ ਚੋਣਾਂ ਵਿਚ ਉਹਨਾਂ ਨੂੰ ਆਪਣਾ ਐਮ ਐਲ ਏ ਚੁਣਨ ਉਹਨਾਂ ਕਿਹਾ ਕਿ ਜੇਕਰ ਕੋਈ ਤੁਹਾਡੇ ਵਾਂਗੂ ਜਨਤਕ ਪੈਸਾ ਉਡਾਵੇ ਉਸਨੂੰ ਈਮਾਨਦਾਰ ਨਹੀਂ ਆਖਿਆ ਜਾ ਸਕਦਾ। ਉਹਨਾਂ ਕਿਹਾ ਕਿ ਅਜਿਹੇ ਪਬਲੀਸਿਟੀ ਸਟੰਟ ਕਰਨ ਦੀ ਥਾਂ ਮੁੱਖ ਮੰਤਰੀ ਦੱਸਣ ਕਿ ਮੁੱਖ ਮੰਤਰੀ ਦਫਤਰ ’ਤੇ ਐਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਵੱਲੋਂ ਤਾਇਨਾਤੀਆਂ ਤੇ ਤਬਾਦਲਿਆਂ ਵਾਸਤੇ ਕਰੋੜਾਂ ਰੁਪਏ ਇਕੱਠੇ ਕਰਨ ਦੇ ਦੋਸ਼ ਕਿਉਂ ਲਗਾ ਰਹੀ ਹੈ। ਉਹਨਾਂ ਕਿਹਾ ਕਿ ਤੁਹਾਡਾ ਆਪਣਾ ਓ ਐਸ ਡੀ ਇਸ ਘੁਟਾਲੇ ਵਿਚ ਸ਼ਾਮਲ ਹੈ।

ਸਰਦਾਰ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਮੁੱਖ ਮੰਤਰੀ ਦੀ ਪਤਨੀ ਗੁਰਪ੍ਰੀਤ ਕੌਰ ਮਾਨ ’ਤੇ ਵੀ ਜ਼ਬਰ ਜਨਾਹ ਦੇ ਮੁਲਜ਼ਮ ਨੂੰ ਛੁਡਾਉਣ ਵਾਸਤੇ 5 ਕਰੋੜ ਰੁਪਏ ਲੈਣ ਦੇ ਦੋਸ਼ ਲੱਗੇ ਹਨ।

ਉਹਨਾਂ ਜ਼ੋਰ ਦੇ ਕੇ ਕਿਹਾ ਕਿ ਅਜਿਹੇ ਡਰਾਮੇ ਕਰਨ ਨਾਲ ਆਮ ਆਦਮੀ ਪਾਰਟੀ ਮੁੜ ਦੌੜ ਵਿਚ ਸ਼ਾਮਲ ਨਹੀਂ ਹੋ ਸਕਦੀ। ਉਹਨਾਂ ਕਿਹਾ ਕਿ ਲੋਕ ਤਾਂ ਸਿਰਫ ਚੋਣ ਜ਼ਾਬਤਾ ਲੱਗਣ ਦੀ ਉਡੀਕ ਕਰ ਰਹੇ ਹਨ ਕਿਉਂਕਿ ਆਪ ਸਰਕਾਰ ਵਿਰੋਧ ਦੀ ਆਵਾਜ਼ ਨੂੰ ਕੁਚਲਣ ਵਾਸਤੇ ਪੁਲਿਸ ਦੀ ਤਾਕਤ ਦੀ ਵਰਤੋਂ ਕਰ ਰਹੀ ਹੈ। ਉਹਨਾਂ ਕਿਹਾਕਿ ਚੋਣ ਜ਼ਾਬਤਾ ਲੱਗ ਗਿਆ ਤਾਂ ਫਿਰ ਤੁਹਾਡੇ ਤੋਂ ਹਿਸਾਬ ਲਿਆ ਜਾਵੇਗਾ।

ਅਕਾਲੀ ਦਲ ਦੇ ਪ੍ਰਧਾਨ ਨੇ ਆਪ ਸਰਕਾਰ ਵੱਲੋਂ ਸੂਬੇ ਵਿਚ ਚਲਾਏ ਜਾ ਰਹੇ ਗੈਰ ਕਾਨੂੰਨੀ ਮਾਇਨਿੰਗ ਘੁਟਾਲੇ ਦੀ ਗੱਲ ਵੀ ਕੀਤੀ। ਉਹਨਾਂ ਮੰਗ ਕੀਤੀ ਕਿ ਇਹ ਲੁੱਟ ਜੋ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਤੇ ਭਗਵੰਤ ਮਾਨ ਵੱਲੋਂ ਚਲਾਈ ਜਾ ਰਹੀ ਹੈ, ਦੀ ਈ ਡੀ ਕੋਲੋਂ ਜਾਂਚ ਕਰਵਾਈ ਜਾਵੇ। ਉਹਨਾਂ ਕਿਹਾ ਕਿ ਇਕ ਵਾਰ ਇਹ ਜਾਂਚ ਹੋ ਗਈ ਤਾਂ ਸਾਰੇ ਹੀ ਕਾਨੂੰਨ ਮੁਤਾਬਕ ਜਵਾਬਦੇਹ ਠਹਿਰਾਏ ਜਾਣਗੇ।

ਰੈਲੀ ਨੂੰ ਸੰਬੋਧਨ ਕਰਦਿਆਂ ਸਰਦਾਰ ਬਾਦਲ ਨੇ ਐਲਾਨ ਕੀਤਾ ਕਿ ਸੂਬੇ ਵਿਚ ਅਕਾਲੀ ਦਲ ਦੀ ਸਰਕਾਰ ਬਣਨ ’ਤੇ ਕੰਡੀ ਏਰੀਆ ਵਿਕਾਸ ਮੰਤਰਾਲਾ ਗਠਿਤ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਅਸੀਂ ਪਠਾਨਕੋਟ ਤੋਂ ਚੰਡੀਗੜ੍ਹ ਤੱਕ ਸਮੁੱਚੇ ਕੰਡੀ ਖੇਤਰ ਵਾਸਤੇ ਐਕਸਪ੍ਰੈਸਵੇਅ ਬਣਾਵਾਂਗੇ। ਉਹਨਾਂ ਕਿਹਾ ਕਿ ਅਸੀਂ ਕੰਡੀ ਇਲਾਕੇ ਵਾਸਤੇ ਵਿਸ਼ੇਸ਼ ਉਦਯੋਗਿਕ ਪੈਕੇਜ ਵੀ ਦਿਆਂਗੇ ਅਤੇ ਨਵੇਂ ਨਿਵੇਸ਼ਕਾਂ ਨੂੰ ਸਸਤੀ ਬਿਜਲੀ ਸਮੇਤ ਹੋਰ ਸਹੂਲਤਾਂ ਵੀ ਦਿਆਂਗੇ। ਉਹਨਾਂ ਨੇ ਇਹ ਵੀ ਐਲਾਨ ਕੀਤਾ ਕਿ ਇਲਾਕੇ ਵਾਸਤੇ ਲਿਫਟ ਪੰਪ ਤੇ ਡੂੰਘੇ ਟਿਊਬਵੈਲ ਲਾਉਣ ਦੀ ਵੀ ਪ੍ਰਵਾਨਗੀ ਦਿੱਤੀ ਜਾਵੇਗੀ ਤਾਂ ਜੋ ਕਿਸਾਨਾਂ ਦੀਆਂ ਸਿੰਜਾਈ ਜ਼ਰੂਰਤਾਂ ਪੂਰੀਆਂ ਹੋ ਸਕਣ।

ਸਰਦਾਰ ਬਾਦਲ ਨੇ ਸੰਤ ਹਰੀ ਸਿੰਘ ਤੇ ਰਾਜਾ ਸਾਹਿਬ ਦਾ ਜ਼ਿਕਰ ਵੀ ਆਪਣੇ ਭਾਸ਼ਣ ਵਿਚ ਕੀਤਾ ਤੇ ਜ਼ੋਰ ਦੇ ਕੇ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਬਣਨ ’ਤੇ ਉਹਨਾਂ ਦੀ ਯਾਦ ਵਿਚ ਸੰਸਥਾ ਦੀ ਉਸਾਰੀ ਕੀਤੀ ਜਾਵੇਗੀ। ਉਹਨਾਂ ਇਹ ਵੀ ਐਲਾਨ ਕੀਤਾ ਕਿ ਅਕਾਲੀ ਦਲ ਵਿਦੇਸ਼ਾਂ ਵਿਚ ਰੋਜ਼ਗਾਰ ਨਾ ਮਿਲਣ ਤੇ ਪੀ ਆਰ ਨਾ ਮਿਲਣ ਕਾਰਨ ਵਾਪਸ ਸੂਬੇ ਵਿਚ ਆਉਣ ਵਾਲੇ ਨੌਜਵਾਨਾਂ ਵਾਸਤੇ ਵੀ ਕਾਰਜ ਯੋਜਨਾ ਲਾਗੂ ਕਰੇਗਾ।

ਉਹਨਾਂ ਕਿਹਾ ਕਿ ਅਸੀਂ ਵਿਸ਼ਵ ਸਕਿੱਲ ਯੂਨੀਵਰਸਿਟੀ ਸਥਾਪਿਤ ਕਰਾਂਗੇ। ਉਹਨਾਂ ਇਹ ਵੀ ਐਲਾਨ ਕੀਤਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਬਣਨ ਦੇ ਇਕ ਸਾਲ ਦੇ ਅੰਦਰ ਅੰਦਰ ਖਾਲੀ ਪਈਆਂ ਤਿੰਨ ਲੱਖ ਸਰਕਾਰੀ ਪੋਸਟਾਂ ਭਰੀਆਂ ਜਾਣਗੀਆਂ।

# ਪੰਜਾਬ ਹਿੰਦੀ ਸਾਹਿਤ ਰਤਨ ਪੁਰਸਕਾਰ ਮਿਲਣ ਤੇ ਮੈਡਮ ਪ੍ਰੋਮਿਲਾ ਅਰੋੜਾ ਨੂੰ ਅਦਬੀ ਸਾਂਝ (ਰਜਿ.) ਵੱਲੋਂ ਮੁਬਾਰਕਬਾਦ

**ਕਪੂਰਥਲਾ (ਪੈਗ਼ਾਮ-ਏ-ਜਗਤ)**
**(ਜੱਸਪ੍ਰੀਤ ਸਿੰਘ “ਧਿੰਜਣ)**



ਕਪੂਰਥਲਾ ਜ਼ਿਲ੍ਹੇ ਦੀ ਨਾਮਵਰ ਕਵਿੱਤਰੀ, ਅਨੁਵਾਦਕ ਅਤੇ ਸਮਾਜ ਸੇਵਿਕਾ ਮੈਡਮ ਪ੍ਰੋਮਿਲਾ ਅਰੋੜਾ ਨੂੰ ਪਿਛਲੇ ਦਿਨੀਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਸਾਹਿਤ ਅਤੇ ਸਿਰਜਣਾ ਦੇ ਖੇਤਰ ਵਿੱਚ ਵਿਲੱਖਣ ਕਾਰਜ ਲਈ ਪੰਜਾਬ ਹਿੰਦੀ ਸਾਹਿਤ ਰਤਨ ਪੁਰਸਕਾਰ ਨਾਲ ਸਨਮਾਨਿਤ ਕੀਤੇ ਜਾਣ ਉੱਤੇ ਅਦਾਰਾ ਅਦਬੀ ਸਾਂਝ (ਰਜਿ.) ਕਪੂਰਥਲਾ ਦੇ ਸਮੂਹ ਸਰਪ੍ਰਸਤਾਂ, ਅਹੁਦੇਦਾਰਾਂ ਅਤੇ ਮੈਂਬਰਾਂ ਨੇ ਮੁਬਾਰਕਬਾਦ ਦਿੱਤੀ।

ਸਰਪ੍ਰਸਤ ਡਾ. ਹਰਭਜਨ ਸਿੰਘ, ਇੰਜ. ਖਜ਼ਾਨ ਸਿੰਘ ਅਤੇ ਡਾ. ਕੇਵਲ ਸਿੰਘ ਪਰਵਾਨਾ ਨੇ ਸਾਂਝੇ ਤੌਰ ’ਤੇ ਆਖਿਆ ਕਿ ਮੈਡਮ ਪ੍ਰੋਮਿਲਾ ਜੀ ਦੀ ਇਹ ਪ੍ਰਾਪਤੀ ਨਾ ਸਿਰਫ਼ ਕਪੂਰਥਲਾ ਜ਼ਿਲ੍ਹੇ ਲਈ ਮਾਣਮੱਤੀ ਗੱਲ ਹੈ ਸਗੋਂ ਸਾਹਿਤ ਜਗਤ ਲਈ ਵੀ ਇਹ ਇੱਕ ਮੀਲ ਪੱਥਰ ਵਜੋਂ ਸਾਬਿਤ ਹੋਈ ਹੈ।

ਕੇਂਦਰ ਦੇ ਸਾਬਕਾ ਪ੍ਰਧਾਨ ਸ਼ਹਿਬਾਜ਼ ਖ਼ਾਨ ਅਤੇ ਮੌਜੂਦਾ ਜਨਰਲ ਸਕੱਤਰ ਨਰਿੰਦਰ ਨੀਤ ਨੇ ਕਿਹਾ ਕਿ ਮੈਡਮ ਪ੍ਰੋਮਿਲਾ ਅਰੋੜਾ ਹੁਣ ਤੱਕ ਤਕਰੀਬਨ 13 ਪੁਸਤਕਾਂ ਹਿੰਦੀ, ਪੰਜਾਬੀ ਅਤੇ ਅੰਗਰੇਜ਼ੀ ਭਾਸ਼ਾ ਵਿੱਚ ਲਿਖ ਚੁੱਕੇ ਹਨ ਅਤੇ ਜ਼ਿਲ੍ਹੇ ਦੀਆਂ ਬਹੁਤ ਸਾਰੀਆਂ ਸਮਾਜ ਸੇਵੀ ਸੰਸਥਾਵਾਂ ਵਿੱਚ ਉਹ ਨਿਰੰਤਰ ਕਾਰਜ ਕਰ ਰਹੇ ਹਨ। ਉਹਨਾਂ ਦੀ ਇਹ ਪ੍ਰਾਪਤੀ ਹਰ ਸਾਹਿਤ ਪ੍ਰੇਮੀ ਲਈ ਇੱਕ ਪ੍ਰੇਰਨਾ ਹੈ। ਉਹਨਾਂ ਕਿਹਾ ਕਿ ਸਾਡੇ ਲਈ ਇਹ ਵੀ ਬੜੇ ਮਾਣ ਵਾਲੀ ਗੱਲ ਹੈ ਕਿ ਅਦਾਰਾ ਅਦਬੀ ਸਾਂਝ ਪ੍ਰੋਮਿਲਾ ਅਰੋੜਾ ਜੀ ਦੀ ਰਹਿਨੁਮਾਈ ਹੇਠ ਆਪਣੀਆਂ ਸਾਹਿਤਕ ਗਤੀਵਿਧੀਆਂ ਕਰਦਾ ਆ ਰਿਹਾ ਹੈ। ਸਭਾ ਦੇ ਮੈਂਬਰ ਮੋਹਨ ਸਿੰਘ ਮੋਤੀ, ਕੁਲਦੀਪ ਕੌਰ, ਅਮਨ ਗਾਂਧੀ, ਆਸ਼ੂ ਕੁਮਰਾ, ਮੁਨੱਜ਼ਾ ਇਰਸ਼ਾਦ, ਹਰਪ੍ਰੀਤ ਕੌਰ, ਸਵਰਾਜ ਕੌਰ, ਮਨੀਸ਼ ਬਹਿਲ, ਮਲਕੀਤ ਸਿੰਘ ਮੀਤ, ਅਵਤਾਰ ਸਿੰਘ ਭੰਡਾਲ, ਅੰਮ੍ਰਿਤ ਪਾਲ, ਅਵਤਾਰ ਸਿੰਘ ਅਸੀਮ, ਧਰਮਪਾਲ ਪੈਂਥਰ, ਡਾ. ਰਾਜੇਸ਼ਵਰ ਸਿੰਘ ਅਰੋੜਾ, ਗੁਰਪ੍ਰੀਤ ਪਨੇਸਰ, ਡਾ. ਜਸਦੀਪ ਕੌਰ, ਲਾਡੀ ਲਾਹੌਰੀ, ਜਸਲੀਨ ਕੌਰ, ਰਾਜਪਾਲ, ਸਹਿਜਪਾਲ ਅਤੇ ਸਿਮਰਨਜੀਤ ਸਿੰਘ ਆਦਿ ਨੇ ਮੈਡਮ ਪ੍ਰੋਮਿਲਾ ਜੀ ਨੂੰ ਇਸ ਸਾਹਿਤਕ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ।

# ਡਿਪਟੀ ਸਪੀਕਰ ਰੌੜੀ ਵੱਲੋਂ ਲੋਕ ਮਿਲਣੀ ਦੌਰਾਨ ਪਿੰਡ ਚਾਹਲਪੁਰ ਦੇ ਵਿਕਾਸ ਕਾਰਜਾਂ ਲਈ 29 ਲੱਖ ਰੁਪਏ ਦੀ ਗ੍ਰਾਂਟ ਦਾ ਚੈੱਕ ਦਿੱਤਾ

**ਪੈਗ਼ਾਮ-ਏ-ਜਗਤ**
**ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)**

ਹਲਕਾ ਗੜ੍ਹਸ਼ੰਕਰ ਦੇ ਪਿੰਡ ਚਾਹਲਪੁਰ ਵਿਖੇ ਕਰਵਾਈ ਗਈ ਲੋਕ ਮਿਲਣੀ ਦੌਰਾਨ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਵਿਧਾਇਕ ਸ. ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਪਿੰਡ ਦੇ ਵਿਕਾਸ ਕਾਰਜਾਂ ਲਈ 29 ਲੱਖ ਰੁਪਏ ਦੀ ਗ੍ਰਾਂਟ ਦਾ ਚੈੱਕ ਦਿੱਤਾ । ਇਸ ਮੌਕੇ ਡਿਪਟੀ ਸਪੀਕਰ ਰੌੜੀ ਨੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਲੋੜਾਂ ਬਾਰੇ ਜਾਣਕਾਰੀ ਹਾਸਲ ਕੀਤੀ।

ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਪਹਿਲ ਦਿੱਤੀ ਜਾ ਰਹੀ ਹੈ। ਸਰਕਾਰ ਦਾ ਉਦੇਸ਼ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨਾ ਅਤੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਲਈ ਜਾਰੀ ਕੀਤੀਆਂ ਜਾ ਰਹੀਆਂ ਗ੍ਰਾਂਟਾਂ ਨੂੰ ਲੋਕਾਂ ਦੀ ਲੋੜ ਅਨੁਸਾਰ ਵਰਤਿਆ ਜਾਵੇਗਾ।

ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨੇ ਡਿਪਟੀ ਸਪੀਕਰ ਰੌੜੀ ਦੇ ਸਾਹਮਣੇ ਪਿੰਡ ਨਾਲ ਸਬੰਧਤ ਵੱਖ-ਵੱਖ ਮਸਲੇ ਵੀ ਰੱਖੇ। ਡਿਪਟੀ ਸਪੀਕਰ ਨੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਦਿਆਂ ਸਬੰਧਤ ਅਧਿਕਾਰੀਆਂ ਨੂੰ ਲੋੜ ਅਨੁਸਾਰ ਕਾਰਵਾਈ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਨਾ ਉਨ੍ਹਾਂ ਦੀ ਪਹਿਲੀ ਜ਼ਿੰਮੇਵਾਰੀ ਹੈ ਅਤੇ ਹਲਕੇ ਦੇ ਲੋਕਾਂ ਨਾਲ ਸਿੱਧਾ ਰਾਬਤਾ ਲਗਾਤਾਰ ਕਾਇਮ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਗੜ੍ਹਸ਼ੰਕਰ ਹਲਕੇ ਦੇ ਪਿੰਡਾਂ ਵਿੱਚ ਸੜਕਾਂ, ਪਾਣੀ, ਸਟਰੀਟ ਲਾਈਟਾਂ, ਸਿਹਤ, ਸਿੱਖਿਆ, ਖੇਡ ਮੈਦਾਨਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਪਿੰਡਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਪਿੰਡ ਵਾਸੀਆਂ ਵੱਲੋਂ 29 ਲੱਖ ਰੁਪਏ ਦੀ ਗ੍ਰਾਂਟ ਜਾਰੀ ਕਰਨ ਲਈ ਡਿਪਟੀ ਸਪੀਕਰ ਰੌੜੀ ਦਾ ਧੰਨਵਾਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਗ੍ਰਾਂਟ ਨਾਲ ਪਿੰਡ ਵਿੱਚ ਲੋੜੀਂਦੇ ਵਿਕਾਸ ਕਾਰਜ ਕਰਵਾਉਣ ਵਿੱਚ ਮਦਦ ਮਿਲੇਗੀ ਅਤੇ ਪਿੰਡ ਦੀਆਂ ਬੁਨਿਆਦੀ ਸਹੂਲਤਾਂ ਵਿੱਚ ਹੋਰ ਸੁਧਾਰ ਆਵੇਗਾ। ਇਸ ਮੌਕੇ ਪਿੰਡ ਦੇ ਪੰਚਾਇਤੀ ਨੁਮਾਇੰਦੇ, ਆਮ ਆਦਮੀ ਪਾਰਟੀ ਦੇ ਆਗੂ ਤੇ ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਡਾ. ਅਜੇ ਬੱਗਾ ‘ਲਾਈਫ ਟਾਈਮ ਅਚੀਵਮੈਂਟ’ ਅਵਾਰਡ ਨਾਲ ਹੋਣਗੇ ਸਨਮਾਨਿਤ

**ਪੈਗ਼ਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**

ਪੰਜਾਬ ਸਟੇਟ ਬਲੱਡ ਟਰਾਂਸਫਿਊਜਨ ਕੌਂਸਲ ਵਲੋਂ ਡਾ.ਅਜੇ ਬੱਗਾ ਸੈਂਚੂਰੀਅਨ ਬਲੱਡ ਡੋਨਰ ਨੂੰ “ਲਾਈਫ ਟਾਈਮ ਅਚੀਵਮੈਂਟ”ਅਵਾਰਡ ਨਾਲ ਸਨਮਾਨਿਤ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਹ ਅਵਾਰਡ ਸਵੈ-ਇੱਛੁਕ ਖੂਨਦਾਨ, ਟਰਾਂਸਫਿਊਜਨ ਸੇਵਾਵਾਂ ਅਤੇ ਜਨਹਿੱਤ ਵਿੱਚ ਡਾ. ਬੱਗਾ ਦੇ ਲੰਬੇ ਸਮੇਂ ਦੇ ਯੋਗਦਾਨ ਨੂੰ ਮਾਨਤਾ ਦਿੰਦਾ ਹੈ।

ਜ਼ਿਕਰਯੋਗ ਹੈ ਕਿ ਡਾ. ਬੱਗਾ ਖੂਨਦਾਨ ਨੂੰ ਆਪਸੀ ਭਾਈਚਾਰਕ ਸਾਂਝ ਅਤੇ ਕੌਮੀ ਏਕਤਾ ਨੂੰ ਮਜਬੂਤ ਕਰਨ ਦੇ ਸਾਧਨ ਵਜੋਂ ਪ੍ਰਚਾਰ ਰਹੇ ਹਨ। ਲਾਈਫ ਟਾਈਮ ਅਚੀਵਮੈਂਟ ਅਵਾਰਡ ਡਾ.ਬੱਗਾ ਨੂੰ 5 ਅਕਤੂਬਰ ਨੂੰ ਨੈਸ਼ਨਲ ਵਲੰਟਰੀ ਬਲੱਡ ਡੋਨੇਸ਼ਨ ਦਿਹਾੜੇ ਤੇ ਰਾਜ ਪੱਧਰੀ ਸਮਾਗਮ ਵਿੱਚ ਪੰਜਾਬ ਮਿਉਂਸੀਪਲ ਭਵਨ, ਚੰਡੀਗੜ੍ਹ ਵਿਖੇ ਪ੍ਰਦਾਨ ਕੀਤਾ ਜਾਵੇਗਾ। ਬਲੱਡ ਟਰਾਂਸਫਿਊਜਨ ਕੌਂਸਲ ਵਲੋਂ ਇਸ ਅਵਾਰਡ ਨਾਲ ਨਵਾਜੇ ਜਾਣ ਵਾਰੇ ਡਾ. ਬੱਗਾ ਨੇ ਕੌਂਸਲ, ਸਾਰੇ ਖੂਨਦਾਨੀਆਂ ਅਤੇ ਇਸ ਸੇਵਾ ਦੀ ਯਾਤਰਾ ਵਿੱਚ ਸਾਥ ਦੇਣ ਵਾਲੇ ਹਰ ਵਿਅਕਤੀ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ। ਡਾ. ਬੱਗਾ ਦਾ ਕਹਿਣਾ ਹੈ ਕਿ ਖੂਨਦਾਨ ਕਰਨ ਨਾਲ ਮਨ ਨੂੰ ਸ਼ਾਂਤੀ, ਸਬਰ ਅਤੇ ਸੰਤੋਖ ਮਿਲਦਾ ਹੈ ਕਿਉਂਕਿ ਦਾਨ ਕੀਤਾ ਖੂਨ ਹਸਪਤਾਲਾਂ ਵਿੱਚ ਖੂਨ ਦੀ ਘਾਟ ਸਦਕਾ ਦਾਖਲ ਮਰੀਜਾਂ ਦੀ ਬੁਝ ਰਹੀ ਜੀਵਨ ਜੋਤ ਨੂੰ ਜਗਮਗਾਏ ਰੱਖਣ ਵਿੱਚ ਮਦਦ ਕਰਦਾ ਹੈ। ਹਰ 18 ਤੋਂ 65 ਸਾਲ ਦੇ ਤੰਦਰੁਸਤ ਵਿਅਕਤੀ ਨੂੰ ਚਾਹੀਦਾ ਹੈ ਕਿ ਖੂਨਦਾਨ ਨੂੰ ਆਪਣੇ ਜੀਵਨ ਦਾ ਅਨਿੱਖੜਵਾਂ ਹਿੱਸਾ ਬਣਾਉਂਦੇ ਹੋਏ ਹਰ 03 ਮਹੀਨੇ ਬਾਅਦ ਖੂਨਦਾਨ ਸੇਵਾ ਜਰੂਰ ਕਰੇ।



# ਸ਼ਿਵਾਲਿਕ ਸੋਸ਼ਲ ਵੈਲਫੇਅਰ ਸੁਸਾਇਟੀ ਨੇ ਪਿੰਡ ਸੂਜੋਂ ਦੀ ਗ੍ਰਾਮ ਪੰਚਾਇਤ ਨੂੰ ਦਿੱਤੇ 150 ਬੂਟੇ

**ਗੜ੍ਹਸ਼ੰਕਰ (ਪੈਗ਼ਾਮ-ਏ-ਜਗਤ)**

ਵਾਤਾਵਰਣ ਨੂੰ ਹਰਾ-ਭਰਾ ਬਣਾਉਣ ਦੇ ਉਦੇਸ਼ ਨਾਲ ਸ਼ਿਵਾਲਿਕ ਸੋਸ਼ਲ ਵੈਲਫੇਅਰ ਸੁਸਾਇਟੀ ਗੜ੍ਹਸ਼ੰਕਰ ਵੱਲੋਂ ਇਲਾਕੇ ਦੇ ਪਿੰਡ ਸੂਜੋਂ ਵਿਖੇ ਗ੍ਰਾਮ ਪੰਚਾਇਤ ਨੂੰ ਵੱਖ-ਵੱਖ ਤਰ੍ਹਾਂ ਦੇ ਫ਼ਲਦਾਰ ਅਤੇ ਛਾਦਾਰ ਕਰੀਬ 150 ਦੇ ਕਰੀਬ ਬੂਟੇ ਦਿੱਤੇ ਗਏ।

ਇਸ ਮੌਕੇ ਸੁਸਾਇਟੀ ਦੇ ਮੈਂਬਰਾਂ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਵੱਧ ਰਹੇ ਪ੍ਰਦੂਸ਼ਣ ਨੂੰ ਰੋਕਣ ਲਈ ਵੱਧ ਤੋਂ ਵੱਧ ਬੂਟੇ ਲਗਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸੁਸਾਇਟੀ ਵੱਲੋਂ ਪਿਛਲੇ ਕਈ ਸਾਲਾਂ ਤੋਂ ਵਾਤਾਵਰਣ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ ਅਤੇ ਵੱਖ-ਵੱਖ ਪਿੰਡਾਂ ਵਿੱਚ ਬੂਟੇ ਵੰਡੇ ਜਾ ਰਹੇ ਹਨ।

ਸਰਪੰਚ ਅਤੇ ਪਿੰਡ ਵਾਸੀਆਂ ਨੇ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਵਿਸ਼ਵਾਸ ਦਿਵਾਇਆ ਕਿ ਇਨ੍ਹਾਂ ਬੂਟਿਆਂ ਦੀ ਸਹੀ ਦੇਖ-ਭਾਲ ਕੀਤੀ ਜਾਵੇਗੀ ਤਾਂ ਜੋ ਪਿੰਡ ਨੂੰ ਹਰਿਆ-ਭਰਿਆ ਬਣਾਇਆ ਜਾ ਸਕੇ। ਇਸ ਮੌਕੇ ਪੰਚਾਇਤ ਵੱਲੋਂ ਸੁਸਾਇਟੀ ਦਾ ਧੰਨਵਾਦ ਵੀ ਕੀਤਾ ਗਿਆ। ਇਸ ਮੌਕੇ ਤਰਨਜੀਤ ਸਿੰਘ, ਸੁਰਿੰਦਰ ਕੌਰ,ਜਸਵਿੰਦਰ ਕੌਰ, ਧਰਮਜੀਤ ਸਿੰਘ ਰਾਜਾ, ਡਾਕਟਰ ਲਖਵਿੰਦਰ ਸਿੰਘ ਲੱਕੀ, ਜਸਪ੍ਰੀਤ ਸਿੰਘ, ਜਸਵਿੰਦਰ ਸਿੰਘ ਸਮੇਤ ਹੋਰ ਪਿੰਡ ਵਾਸੀ ਵੀ ਹਾਜ਼ਰ ਸਨ।

# ਖ਼ਾਲਸਾ ਕਾਲਜ ਦੀਆਂ ਬੀ.ਐੱਸ.ਸੀ. ਬੀ. ਐੱਡ. ਦੀਆਂ ਵਿਦਿਆਰਥਣਾਂ ਪਾਇਲ ਤੇ ਅਨਮੋਲ ਕੌਸ਼ਲ ਵਲੋਂ ਪੰਜਾਬ ’ਵਰਸਿਟੀ ਦੀ ਮੈਰਿਟ ਸੂਚੀ ’ਚ ਤੀਜਾ ਤੇ ਚੌਥਾ ਸਥਾਨ ਹਾਸਿਲ

**ਪੈਗ਼ਾਮ-ਏ-ਜਗਤ/ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਚ ਚੱ ਲ ਰਹੇ ਚਾਰ ਸਾਲਾ ਇੰਟਗ੍ਰੇਟਿਡ ਕੋਰਸ ਬੀ.ਐੱਸ.ਸੀ. ਬੀ. ਐੱਡ. ਚੌਥੇ ਸਮੈਸਟਰ ਦੇ ਨਤੀਜੇ ਵਿਚ 2 ਵਿਦਿਆਰਥਣਾਂ ਨੇ ਪੰਜਾਬ ’ਵਰਸਿਟੀ ਦੀ ਮੈਰਿਚ ਸੂਚੀ ਵਿਚ ਤੀਜਾ ਤੇ ਚੌਥਾ ਸਥਾਨ ਹਾਸਿਲ ਕੀਤਾ ਹੈ। ਕਾਲਜ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਵਿਦਿਆਰਥਣ ਪਾਇਲ ਨੇ 84.95 ਫੀਸਦੀ ਅੰਕ ਲੈ ਕੇ ਪੰਜਾਬ ’ਵਰਸਿਟੀ ਦੀ ਮੈਰਿਟ ਸੂਚੀ ਵਿਚ ਤੀਜਾ ਸਥਾਨ, ਵਿਦਿਆਰਥਣ ਅਨਮੋਲ ਕੌਸ਼ਲ ਨੇ 83.38 ਫੀਸਦੀ ਅੰਕ ਲੈ ਕੇ ਮੈਰਿਟ ਸੂਚੀ ਵਿਚ ਚੌਥਾ ਸਥਾਨ ਹਾਸਿਲ ਕੀਤਾ ਹੈ। ਵਿਦਿਆਰਥਣ ਸੀਆ ਨੇ 81.29 ਫੀਸਦੀ ਅੰਕ ਲੈ ਕੇ ਕਾਲਜ ਵਿਚੋਂ ਤੀਜਾ ਸਥਾਨ ਹਾਸਿਲ ਕੀਤਾ ਹੈ। ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਵਿਦਿਆਰਥਣਾਂ ਪਾਇਲ ਅਤੇ ਅਨਮੋਲ ਕੌਸ਼ਲ ਨੂੰ ਮੈਰਿਟ ਸੂਚੀ ਵਿਚ ਆਉਣ ’ਤੇ ਵਧਾਈ ਦਿੰਦੇ ਹੋਏ ਕਿਹਾ ਕਿ ਐਜੂਕੇਸ਼ਨ ਵਿਭਾਗ ਦੇ ਵਿਦਿਆਰਥੀਆਂ ਵਲੋਂ ਲਗਾਤਾਰ ਪੰਜਾਬ ’ਵਰਸਿਟੀ ਦੀ ਮੈਰਿਟ ਸੂਚੀ ਵਿਚ ਸਥਾਨ ਹਾਸਿਲ ਕਰਕੇ ਕਾਲਜ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਜਾ ਰਿਹਾ ਹੈ। ਉਨ੍ਹਾਂ ਸ਼ਾਨਦਾਰ ਨਤੀਜੇ ਲਈ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਸਟਾਫ਼ ਨੂੰ ਵਧਾਈ ਦਿੱਤੀ।

# ਚੰਡੀਗੜ੍ਹ ਪ੍ਰਸ਼ਾਸਨ ਨੇ ਐੱਨ.ਐੱਸ.ਡੀ.ਸੀ. ਨਾਲ ਰਣਨੀਤਕ ਸਹਿਮਤੀ ਪੱਤਰ ’ਤੇ ਹਸਤਾਖਰ ਕੀਤੇ

**ਪੈਗ਼ਾਮ-ਏ-ਜਗਤ/ਚੰਡੀਗੜ੍ਹ**
**2 ਅਕਤੂਬਰ, (ਹਰਮਿੰਦਰ ਸਿੰਘ ਨਾਗਪਾਲ)**



- ਪੀਐੱਮਕੇਵੀਵਾਈ 4.0 ਦੇ ਤਹਿਤ ‘ਕੇਅਰਗਿਵਿੰਗ’ ਸਕਿੱਲ ਪਹਿਲ ਦੀ ਸ਼ੁਰੂਆਤ

ਨੌਜਵਾਨਾਂ ਨੂੰ ਸਸ਼ਕਤ ਬਣਾਉਣ ਅਤੇ ਵੋਕੇਸ਼ਨਲ ਟ੍ਰੇਨਿੰਗ ਦੇ ਅਵਸਰਾਂ ਦਾ ਵਿਸਤਾਰ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਉਠਾਉਂਦੇ ਹੋਏ, ਚੰਡੀਗੜ੍ਹ ਸਕਿੱਲ ਡਿਵੈਲਪਮੈਂਟ ਮਿਸ਼ਨ (ਸੀਐੱਸਡੀਐੱਮ) ਨੇ ਨੈਸ਼ਨਲ ਸਕਿੱਲ ਡਿਵੈਲਪਮੈਂਟ ਕਾਰਪੋਰੇਸ਼ਨ (ਐੱਨਐੱਸਡੀਸੀ) ਨਾਲ ਇੱਕ ਸਹਿਮਤੀ ਪੱਤਰ ’ਤੇ ਹਸਤਾਖਰ ਕੀਤੇ।

ਇਸ ਅਵਸਰ ’ਤੇ ਪੰਜਾਬ ਦੇ ਲੋਕ ਭਵਨ ਵਿਖੇ ਪੀਐੱਮਕੇਵੀਵਾਈ 4.0 ਦੇ ਤਹਿਤ ਵਿਸ਼ੇਸ਼ ‘ਕੇਅਰਗਿਵਿੰਗ’ ਸਕਿੱਲ ਡਿਵੈਲਪਮੈਂਟ ਪਹਿਲ ਦੀ ਵੀ ਸ਼ੁਰੂਆਤ ਕੀਤੀ ਗਈ। ਇਸ ਪ੍ਰੋਗਰਾਮ ਦੀ ਸ਼ੁਰੂਆਤ ਨੈਸ਼ਨਲ ਸਕਿੱਲ ਡਿਵੈਲਪਮੈਂਟ ਕਾਰਪੋਰੇਸ਼ਨ (ਐੱਨਐੱਸਡੀਸੀ) ਦੇ ਸੀਈਓ, ਸ਼੍ਰੀ ਅਰੁਣ ਪਿੱਲਈ ਦੀ ਸੰਖੇਪ ਪ੍ਰਸਤੁਤੀ ਨਾਲ ਹੋਈ, ਜਿਸ ਵਿੱਚ ਉਨ੍ਹਾਂ ਨੇ ਸਮਾਗਮ ਦੇ ਉਦੇਸ਼ ਅਤੇ ਪਿਛੋਕੜ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਬਾਅਦ ਐੱਨਐੱਸਡੀਸੀ ਨੇ ਰਣਨੀਤਕ ਸਹਿਯੋਗ ਦੀ ਪਰਿਕਲਪਨਾ, ਉਦੇਸ਼ਾਂ ਅਤੇ ਵਿਆਪਕ ਸਰੂਪ ’ਤੇ ਪ੍ਰਸਤੁਤੀ ਦਿੱਤੀ।

**ਸਮਾਗਮ ਦੀਆਂ ਮੁੱਖ ਵਿਸ਼ੇਸ਼ਤਾਵਾਂ**

ਸੀਐੱਸਡੀਐੱਮ ਅਤੇ ਐੱਨਐੱਸਡੀਸੀ ਨੇ ਹਸਤਾਖਰ ਕੀਤੇ ਸਹਿਮਤੀ ਪੱਤਰ ਦਾ ਰਸਮੀ ਅਦਾਨ-ਪ੍ਰਦਾਨ ਕੀਤਾ। ਇਸ ਨਾਲ ਸਕਿੱਲ ਡਿਵੈਲਪਮੈਂਟ ਅਤੇ ਉਦਯੋਗ ਅਧਾਰਿਤ ਟ੍ਰੇਨਿੰਗ ਲਈ ਇੱਕ ਸਹਿਯੋਗਾਤਮਕ ਢਾਂਚਾ ਸਥਾਪਿਤ ਹੋਵੇਗਾ। ਮਾਣਯੋਗ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਪੀਐੱਮਕੇਵੀਵਾਈ 4.0 ਦੇ ਤਹਿਤ ‘ਕੇਅਰਗਿਵਿੰਗ’ ਸਕਿੱਲ ਡਿਵੈਲਪਮੈਂਟ ਪਹਿਲ ਦੀ ਰਸਮੀ ਤੌਰ ’ਤੇ ਸ਼ੁਰੂਆਤ ਕੀਤੀ। ਆਪਣੇ ਸੰਬੋਧਨ ਵਿੱਚ ਮਾਣਯੋਗ ਪ੍ਰਸ਼ਾਸਕ ਨੇ ਮੰਗ-ਅਧਾਰਿਤ ਸਕਿੱਲ ਡਿਵੈਲਪਮੈਂਟ ਦੇ ਮਹੱਤਵ ’ਤੇ ਜ਼ੋਰ ਦਿੱਤਾ।

ਉਨ੍ਹਾਂ ਨੇ ਕਿਹਾ ਕਿ ਇਹ ਰਣਨੀਤਕ ਸਾਂਝੇਦਾਰੀ ਚੰਡੀਗੜ੍ਹ ਦੇ ਨੌਜਵਾਨਾਂ ਨੂੰ ਬਦਲਦੀਆਂ ਉਦਯੋਗਿਕ ਜ਼ਰੂਰਤਾਂ ਅਤੇ ਆਲਮੀ ਰੋਜ਼ਗਾਰ ਦੇ ਅਵਸਰਾਂ ਦੇ ਅਨੁਰੂਪ ਸਕਿੱਲ ਪ੍ਰਦਾਨ ਕਰਕੇ ਉਨ੍ਹਾਂ ਲਈ ਨਵੇਂ ਅਵਸਰ ਖੋਲ੍ਹੇਗੀ। ਇਹ ਸਮਾਗਮ ਸੰਸਥਾਗਤ ਸਾਂਝੇਦਾਰੀਆਂ, ਉਦਯੋਗਾਂ ਦੀਆਂ ਜ਼ਰੂਰਤਾਂ ਦੇ ਅਨੁਰੂਪ ਟ੍ਰੇਨਿੰਗ ਅਤੇ ਰੋਜ਼ਗਾਰ ਦੇ ਵਿਸਤ੍ਰਿਤ ਅਵਸਰਾਂ ਦੇ ਜ਼ਰੀਏ ਚੰਡੀਗੜ੍ਹ ਦੇ ਸਕਿੱਲ ਡਿਵੈਲਪਮੈਂਟ ਈਕੋ-ਸਿਸਟਮ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਰਿਹਾ। ਇਸ ਵਿੱਚ ਉੱਭਰਦੀ ਗਲੋਬਲ ‘ਕੇਅਰ ਇਕੌਨਮੀ’ ਵਿੱਚ ਉਪਲਬਧ ਅਵਸਰ ਵੀ ਸ਼ਾਮਲ ਹਨ।

# ‘ਮਾਨ ਦੇ ਮੁਨਾਫ਼ੇ’ ਤਹਿਤ ਹਲਕਾ ਗੜ੍ਹਸ਼ੰਕਰ ਵਿੱਚ ਡੋਰ-ਟੂ-ਡੋਰ ਮੈਂਬਰਸ਼ਿਪ ਮੁਹਿੰਮ ਦੀ ਸ਼ੁਰੂਆਤ

**ਪੈਗ਼ਾਮ-ਏ-ਜਗਤ/ਗੜ੍ਹਸ਼ੰਕਰ**
**2 ਅਕਤੂਬਰ (ਹਰੀ ਕ੍ਰਿਸ਼ਨ ਗੰਗੜ)**

ਆਮ ਆਦਮੀ ਪਾਰਟੀ ਵੱਲੋਂ ਪੰਜਾਬ ਭਰ ਵਿੱਚ ਚਲਾਏ ਜਾ ਰਹੇ ‘ਮਾਨ ਦੇ ਮੁਨਾਫ਼ੇ’ ਅਭਿਆਨ ਤਹਿਤ ਹਲਕਾ ਗੜ੍ਹਸ਼ੰਕਰ ਵਿੱਚ ਡੋਰ-ਟੂ-ਡੋਰ ਮੈਂਬਰਸ਼ਿਪ ਅਤੇ ਜਨ-ਸੰਪਰਕ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸੇ ਲੜੀ ਤਹਿਤ ਪਿੰਡ ਸੈਲਾ ਖੁਰਦ ਵਿਖੇ ਆਮ ਆਦਮੀ ਪਾਰਟੀ ਦੇ ਹਲਕਾ ਸੰਗਠਨ ਇੰਚਾਰਜ ਐਡਵੋਕੇਟ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਹੇਠ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਕੀਤਾ।

ਇਸ ਮੌਕੇ ਪਾਰਟੀ ਦੇ ਬਲਾਕ ਪ੍ਰਧਾਨਾਂ, ਪਿੰਡ ਪ੍ਰਧਾਨਾਂ ਅਤੇ ਵੱਖ-ਵੱਖ ਵਿੰਗਾਂ ਦੇ ਇੰਚਾਰਜਾਂ ਨੇ ਵੀ ਆਪਣੇ-ਆਪਣੇ ਖੇਤਰਾਂ ਵਿੱਚ ਮੁਹਿੰਮ ਨੂੰ ਅੱਗੇ ਵਧਾਉਣ ਲਈ ਜ਼ਿੰਮੇਵਾਰੀਆਂ ਸੰਭਾਲੀਆਂ। ਪਾਰਟੀ ਵਰਕਰਾਂ ਵੱਲੋਂ ਲੋਕਾਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਨੂੰ ਆਮ ਆਦਮੀ ਪਾਰਟੀ ਦੀ ਵਿਚਾਰਧਾਰਾ, ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਅਤੇ ਲੋਕ-ਭਲਾਈ ਨਾਲ ਸਬੰਧਤ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਗਈ।

ਐਡਵੋਕੇਟ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਕਿਸੇ ਵੀ ਸਿਆਸੀ ਪਾਰਟੀ ਦੀ ਮਜ਼ਬੂਤੀ ਦਾ ਆਧਾਰ ਉਸ ਦੇ ਜ਼ਮੀਨੀ ਪੱਧਰ ਦੇ ਵਰਕਰ ਅਤੇ ਲੋਕਾਂ ਨਾਲ ਸਿੱਧਾ ਸੰਪਰਕ ਹੁੰਦਾ ਹੈ। ਉਨ੍ਹਾਂ ਕਿਹਾ ਕਿ ਡੋਰ-ਟੂ-ਡੋਰ ਮੁਹਿੰਮ ਦਾ ਮੁੱਖ ਮਕਸਦ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਗੱਲਾਂ, ਸੁਝਾਵਾਂ ਅਤੇ ਸਮੱਸਿਆਵਾਂ ਨੂੰ ਸੁਣਨਾ ਅਤੇ ਪਾਰਟੀ ਨਾਲ ਉਨ੍ਹਾਂ ਦਾ ਸਿੱਧਾ ਸੰਵਾਦ ਕਾਇਮ ਕਰਨਾ ਹੈ।

ਉਨ੍ਹਾਂ ਕਿਹਾ ਕਿ ਹਲਕਾ ਗੜ੍ਹਸ਼ੰਕਰ ਵਿੱਚ ਮੈਂਬਰਸ਼ਿਪ ਮੁਹਿੰਮ ਨੂੰ ਪਿੰਡ-ਪਿੰਡ ਅਤੇ ਘਰ-ਘਰ ਤੱਕ ਲਿਜਾਇਆ ਜਾਵੇਗਾ। ਇਸ ਲਈ ਪਾਰਟੀ ਦੇ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ। ਉਨ੍ਹਾਂ ਸਮੂਹ ਪਾਰਟੀ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਆਪਸੀ ਇਕਜੁੱਟਤਾ ਨਾਲ ਮਿਹਨਤ ਕਰਦਿਆਂ ਮੁਹਿੰਮ ਨੂੰ ਲੋਕਾਂ ਤੱਕ ਵੱਧ ਤੋਂ ਵੱਧ ਪਹੁੰਚਾਉਣ। ਉਨ੍ਹਾਂ ਕਿਹਾ ਕਿ ਪਾਰਟੀ ਦੀਆਂ ਗਤੀਵਿਧੀਆਂ ਨੂੰ ਜ਼ਮੀਨੀ ਪੱਧਰ ’ਤੇ ਹੋਰ ਮਜ਼ਬੂਤ ਕਰਨ ਲਈ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਿਆ ਜਾਵੇਗਾ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਮੈਂਬਰਸ਼ਿਪ ਮੁਹਿੰਮ ਨਾਲ ਜੋੜਿਆ ਜਾਵੇਗਾ।

ਇਸ ਮੌਕੇ ਕਮਲਜੀਤ ਸਿੰਘ ਜੱਸੋਵਾਲ, ਹਰੀ ਕ੍ਰਿਸ਼ਨ, ਪ੍ਰਵੀਨ ਸੇਖੋਵਾਲ, ਡਾ. ਦਲਜੀਤ ਸਿੰਘ ਸਰਪੰਚ, ਹਰਕਮਲ ਸਿੰਘ, ਮਿੰਟੂ ਸੈਲਾ, ਜਸਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਲੰਟੀਅਰ ਅਤੇ ਵਰਕਰ ਹਾਜ਼ਰ ਸਨ।

# ਮਹਾਤਮਾ ਗਾਂਧੀ ਜੀ ਦਾ ਸ਼ਾਂਤੀ ਦਾ ਸੰਦੇਸ਼ ਦੇਸ਼ ਦੀ ਏਕਤਾ ਅਤੇ ਭਾਈਚਾਰੇ ਦੀ ਮਜ਼ਬੂਤ ਡੋਰ ਵਾਂਗ ਕੰਮ ਕਰ ਰਿਹਾ ਹੈ : ਅਰੋੜਾ

**ਪੈਗ਼ਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**



ਮਹਾਤਮਾ ਗਾਂਧੀ ਦੇ ਜਨਮ ਦਿਵਸ ਦੇ ਮੌਕੇ ’ਤੇ ਸਾਬਕਾ ਕੈਬਨਿਟ ਮੰਤਰੀ ਸੁੰਦਰ ਸ਼ਾਮ ਅਰੋੜਾ ਨੇ ਸਾਥੀਆਂ ਸਮੇਤ ਬਹਾਦੁਰਪੁਰ ਸਥਿਤ ਗਾਂਧੀ ਲਾਇਬ੍ਰੇਰੀ ਪਹੁੰਚ ਕੇ ਗਾਂਧੀ ਜੀ ਦੇ ਬੁੱਤ ’ਤੇ ਸ਼ਰਧਾ ਸੁਮਨ ਭੇਟ ਕਰਕੇ ਉਨ੍ਹਾਂ ਨੂੰ ਯਾਦ ਕੀਤਾ। ਇਸ ਮੌਕੇ ਸ੍ਰੀ ਅਰੋੜਾ ਨੇ ਕਿਹਾ ਕਿ ਗਾਂਧੀ ਜੀ ਵੱਲੋਂ ਦਿੱਤਾ ਗਿਆ ਸ਼ਾਂਤੀ ਦਾ ਸੰਦੇਸ਼ ਦੇਸ਼ ਦੀ ਏਕਤਾ ਅਤੇ ਭਾਈਚਾਰੇ ਦੀ ਮਜ਼ਬੂਤ ਡੋਰ ਵਾਂਗ ਕੰਮ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਮਹਾਤਮਾ ਗਾਂਧੀ ਨੇ ਦੇਸ਼ ਦੀ ਆਜ਼ਾਦੀ ਅਤੇ ਅਖੰਡਤਾ ਲਈ ਜਨ ਅੰਦੋਲਨਾਂ ਨੂੰ ਅਪਣਾ ਕੇ ਦੇਸ਼ਵਾਸੀਆਂ ਵਿੱਚ ਦੇਸ਼ਭਗਤੀ ਦੀ ਅਲਖ ਜਗਾਈ ਸੀ, ਉਸ ਦੀ ਲੋਅ ਅੱਜ ਵੀ ਹਰ ਦੇਸ਼ਵਾਸੀ ਵਿੱਚ ਜਗਮਗਾ ਰਹੀ ਹੈ। ਜਿਸ ਕਾਰਨ ਅੱਜ ਅਸੀਂ ਵੱਖ-ਵੱਖ ਸਭਿਆਚਾਰਾਂ ਦੇ ਹੁੰਦੇ ਹੋਏ ਵੀ ਇੱਕ ਭਾਰਤ, ਇੱਕ ਭਾਰਤੀ ਦੇ ਨਾਅਰੇ ਨਾਲ ਜੀ ਰਹੇ ਹਾਂ। ਇਸ ਦੌਰਾਨ ਉਨ੍ਹਾਂ ਲਾਲ ਬਹਾਦਰ ਸ਼ਾਸਤਰੀ ਜੀ ਨੂੰ ਵੀ ਉਨ੍ਹਾਂ ਦੇ ਜਨਮ ਦਿਵਸ ’ਤੇ ਨਮਨ ਕਰਦਿਆਂ ਉਨ੍ਹਾਂ ਦੇ ਆਦਰਸ਼ਾਂ ’ਤੇ ਚੱਲਣ ਅਤੇ ਦੇਸ਼ ਹਿੱਤ ਵਿੱਚ ਕੰਮ ਕਰਦੇ ਰਹਿਣ ਦੀ ਪ੍ਰੇਰਣਾ ਦਿੱਤੀ। ਇਸ ਮੌਕੇ ਕੌਂਸਲਰ ਰਮੇਸ਼ ਡਡਵਾਲ, ਸਾਬਕਾ ਕੌਂਸਲਰ ਵਿਜੇ ਅਗਰਵਾਲ, ਪੁਨੀਤ ਸ਼ਰਮਾ ਅਤੇ ਹੋਰ ਪਤਵੰਤੇ ਵਿਅਕਤੀਆਂ ਨੇ ਮਹਾਤਮਾ ਗਾਂਧੀ ਨੂੰ ਸ਼ਰਧਾ ਸੁਮਨ ਭੇਟ ਕੀਤੇ।

# ਕਿਸਾਨਾਂ ਦੀ ਸਹੂਲਤ ਸਰਵੋਪਰਿ, ਝੋਨੇ ਦੀ ਖਰੀਦ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ : ਵਿਧਾਇਕ ਵਿਨੋਦ ਭਯਾਨਾ

**ਪੈਗ਼ਾਮ-ਏ-ਜਗਤ**
**ਹਾਂਸੀ, 2 ਅਕਤੂਬਰ**
**(ਦਿਨਕਰ ਗਾਵੜੀ)**

- ਵਿਧਾਇਕ ਨੇ ਹਾਂਸੀ ਅਨਾਜ ਮੰਡੀ ਦਾ ਦੌਰਾ ਕਰਕੇ ਖਰੀਦ, ਚੁਕਾਈ ਅਤੇ ਕਿਸਾਨਾਂ ਦੀਆਂ ਸਹੂਲਤਾਂ ਦਾ ਲਿਆ ਜਾਇਜ਼ਾ



ਵਿਧਾਇਕ ਵਿਨੋਦ ਭਯਾਨਾ ਨੇ ਸ਼ੁੱਕਰਵਾਰ ਨੂੰ ਹਾਂਸੀ ਅਨਾਜ ਮੰਡੀ ਦਾ ਦੌਰਾ ਕਰਕੇ ਝੋਨੇ ਦੀ ਖਰੀਦ ਸਬੰਧੀ ਕੀਤੀਆਂ ਗਈਆਂ ਤਿਆਰੀਆਂ ਅਤੇ ਕਿਸਾਨਾਂ ਲਈ ਉਪਲਬਧ ਸਹੂਲਤਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਅਤੇ ਵਪਾਰੀਆਂ ਤੋਂ ਖਰੀਦ ਪ੍ਰਕਿਰਿਆ ਦੀਆਂ ਤਿਆਰੀਆਂ ਸਬੰਧੀ ਜਾਣਕਾਰੀ ਲੈਂਦਿਆਂ ਹਦਾਇਤ ਕੀਤੀ ਕਿ ਮੰਡੀ ਵਿੱਚ ਫ਼ਸਲ ਵੇਚਣ ਲਈ ਆਉਣ ਵਾਲੇ ਕਿਸੇ ਵੀ ਕਿਸਾਨ ਨੂੰ ਪ੍ਰੇਸ਼ਾਨੀ ਨਹੀਂ ਹੋਣੀ ਚਾਹੀਦੀ।

ਵਿਧਾਇਕ ਨੇ ਕਿਹਾ ਕਿ ਕਿਸਾਨਾਂ ਦੀ ਫ਼ਸਲ ਦੀ ਖਰੀਦ ਵਿੱਚ ਬੇਲੋੜੀ ਦੇਰੀ ਨਹੀਂ ਹੋਣੀ ਚਾਹੀਦੀ ਅਤੇ ਖਰੀਦ ਦੇ ਨਾਲ-ਨਾਲ ਮੰਡੀ ਵਿੱਚੋਂ ਫ਼ਸਲ ਦੀ ਚੁਕਾਈ ਵੀ ਤੇਜ਼ੀ ਨਾਲ ਯਕੀਨੀ ਬਣਾਈ ਜਾਵੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀ ਵਿੱਚ ਫ਼ਸਲ ਦੇ ਲੰਬੇ ਸਮੇਂ ਤੱਕ ਪਈ ਰਹਿਣ ਦੀ ਸਥਿਤੀ ਪੈਦਾ ਨਾ ਹੋਵੇ, ਤਾਂ ਜੋ ਕਿਸਾਨਾਂ ਨੂੰ ਆਪਣੀ ਫ਼ਸਲ ਉਤਾਰਨ ਲਈ ਲੋੜੀਂਦੀ ਥਾਂ ਉਪਲਬਧ ਰਹੇ।

ਵਿਧਾਇਕ ਵਿਨੋਦ ਭਯਾਨਾ ਨੇ ਮੰਡੀ ਵਿੱਚ ਨਮੀ ਜਾਂਚਣ ਵਾਲੇ ਯੰਤਰ ਦਾ ਨਿਰੀਖਣ ਕੀਤਾ ਅਤੇ ਇਸ ਦੀ ਉਪਲਬਧਤਾ ਅਤੇ ਕਾਰਜਪ੍ਰਣਾਲੀ ਬਾਰੇ ਜਾਣਕਾਰੀ ਲਈ। ਉਨ੍ਹਾਂ ਨੇ ਕਿਸਾਨਾਂ ਅਤੇ ਮਜ਼ਦੂਰਾਂ ਲਈ ਉਪਲਬਧ ਪਖਾਨਿਆਂ, ਪੀਣ ਵਾਲੇ ਪਾਣੀ ਅਤੇ ਹੋਰ ਬੁਨਿਆਦੀ ਸਹੂਲਤਾਂ ਦਾ ਵੀ ਜਾਇਜ਼ਾ ਲਿਆ। ਇਸ ਤੋਂ ਇਲਾਵਾ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਸਿਰਫ਼ 10 ਰੁਪਏ ਵਿੱਚ ਭੋਜਨ ਮੁਹੱਈਆ ਕਰਵਾਉਣ ਵਾਲੀ ਅਟਲ ਕੰਟੀਨ ਦੇ ਮੌਜੂਦਾ ਪ੍ਰਬੰਧਾਂ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ। ਅਧਿਕਾਰੀਆਂ ਨੇ ਵਿਧਾਇਕ ਨੂੰ ਦੱਸਿਆ ਕਿ ਝੋਨੇ ਦੀ ਖਰੀਦ ਸਬੰਧੀ ਮੰਡੀ ਵਿੱਚ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਹਾਂਸੀ ਅਨਾਜ ਮੰਡੀ ਵਿੱਚ ਝੋਨੇ ਦੀ ਖਰੀਦ ਹਰਿਆਣਾ ਵੇਅਰਹਾਊਸਿੰਗ ਕਾਰਪੋਰੇਸ਼ਨ ਵੱਲੋਂ, ਜਦਕਿ ਸਿਸਾਏ ਅਨਾਜ ਮੰਡੀ ਵਿੱਚ ਹੈਫੈਡ ਵੱਲੋਂ ਕੀਤੀ ਜਾਵੇਗੀ। ਸਬੰਧਤ ਏਜੰਸੀਆਂ ਨੂੰ ਖਰੀਦ ਦੇ ਨਾਲ-ਨਾਲ ਫ਼ਸਲ ਦੀ ਚੁਕਾਈ ਦਾ ਕੰਮ ਵੀ ਤੇਜ਼ੀ ਨਾਲ ਕਰਵਾਉਣ ਦੀਆਂ ਹਦਾਇਤਾਂ ਦਿੱਤੀਆਂ ਗਈਆਂ ਹਨ। ਮਾਰਕੀਟ ਕਮੇਟੀ ਦੇ ਸਕੱਤਰ ਬਸਾਊ ਰਾਮ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਫ਼ਸਲ ਪੂਰੀ ਤਰ੍ਹਾਂ ਪੱਕਣ ਤੋਂ ਬਾਅਦ ਹੀ ਕਟਵਾਉਣ ਅਤੇ ਇਸ ਨੂੰ ਚੰਗੀ ਤਰ੍ਹਾਂ ਸੁਕਾ ਕੇ ਮੰਡੀ ਵਿੱਚ ਲੈ ਕੇ ਆਉਣ, ਤਾਂ ਜੋ ਫ਼ਸਲ ਦੀ ਖਰੀਦ ਵਿੱਚ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਨਾ ਹੋਵੇ। ਉਨ੍ਹਾਂ ਦੱਸਿਆ ਕਿ ਗੇਟ ਪਾਸ ਜਾਰੀ ਕਰਨ ਲਈ ਲੋੜੀਂਦੇ ਕਰਮਚਾਰੀਆਂ ਦੀ ਡਿਊਟੀ ਲਗਾਈ ਗਈ ਹੈ। ਕਿਸਾਨਾਂ ਨੂੰ ਗੇਟ ਪਾਸ ਬਣਵਾਉਣ ਅਤੇ ਫ਼ਸਲ ਵੇਚਣ ਵਿੱਚ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਮਾਰਕੀਟ ਕਮੇਟੀ ਦੇ ਪ੍ਰਧਾਨ ਦਿਨੇਸ਼ ਧਵਨ, ਉਪ ਪ੍ਰਧਾਨ ਸੁਰਜੀਤ ਗੁੱਜਰ, ਵਿਧਾਇਕ ਵਿਨੋਦ ਭਯਾਨਾ ਦੇ ਰਾਜਨੀਤਿਕ ਸਲਾਹਕਾਰ ਦਿਨੇਸ਼ ਭੂਟਾਨੀ, ਹਰੀਕੇਸ਼ ਸਿੰਗਲ, ਬਜਰੰਗ ਬੰਸਲ, ਵਿਵੇਕ, ਬ੍ਰਿਜਮੋਹਨ, ਵਿਨੋਦ ਸੈਣੀ, ਨਵੀਨ ਠਾਕੁਰ, ਸੁਭਾਸ਼ ਯਾਦਵ, ਅਸ਼ੋਕ ਢਾਲੀਆ, ਗੋਲੂ ਚਾਵਲਾ, ਜੱਸੀ ਮੱਕੜ ਸਮੇਤ ਹੋਰ ਵਪਾਰੀ ਅਤੇ ਪਤਵੰਤੇ ਮੌਜੂਦ ਰਹੇ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡੀਐੱਫਐੱਸਸੀ ਅਨੁਰਾਧਾ, ਇੰਸਪੈਕਟਰ ਪ੍ਰਦੀਪ ਸੈਣੀ, ਮੈਨੇਜਰ ਰਵਿੰਦਰ ਸ਼ਰਮਾ ਅਤੇ ਸਬੰਧਤ ਵਿਭਾਗਾਂ ਦੇ ਹੋਰ ਅਧਿਕਾਰੀ ਵੀ ਮੌਜੂਦ ਰਹੇ।

# ਗੁਰੂਗ੍ਰਾਮ ਵਿੱਚ ‘ਜੀ.ਵੀ.ਪੀ. ਮੁਕਤ ਅਭਿਆਨ’ ਦੀ ਸ਼ੁਰੂਆਤ, 10 ਦਿਨਾਂ ਵਿੱਚ 21 ਕਚਰਾ ਸੰਵੇਦਨਸ਼ੀਲ ਬਿੰਦੂਆਂ ਨੂੰ ਸਾਫ਼ ਕਰਨ ਦਾ ਟੀਚਾ

**ਚੰਡੀਗੜ੍ਹ, 2 ਅਕਤੂਬਰ**
**(ਪੈਗ਼ਾਮ-ਏ-ਜਗਤ)**

ਹਰਿਆਣਾ ਵਿੱਚ 17 ਸਤੰਬਰ ਤੋਂ ਚੱਲ ਰਹੀ ਸੇਵਾ ਸੰਕਲਪ ਮੁਹਿੰਮ ਤਹਿਤ ਸ਼ੁੱਕਰਵਾਰ ਨੂੰ ਮਹਾਤਮਾ ਗਾਂਧੀ ਜਯੰਤੀ ਦੇ ਮੌਕੇ ’ਤੇ ÷ਸਵੱਛਤਾ ਹੀ ਸੇਵਾ 2026÷ ਤਹਿਤ ਨਗਰ ਨਿਗਮ ਗੁਰੂਗ੍ਰਾਮ ਵੱਲੋਂ ‘ਜੀ.ਵੀ.ਪੀ. ਮੁਕਤ ਮੁਹਿੰਮ’ ਦੀ ਸ਼ੁਰੂਆਤ ਗੁਰੂਗ੍ਰਾਮ ਤੋਂ ਕੀਤੀ ਗਈ। ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਮਹਿਰੌਲੀ ਰੋਡ ’ਤੇ ਡੀ.ਐੱਚ.ਬੀ.ਵੀ.ਐੱਨ. ਕਲੋਨੀ ਦੇ ਕੋਲ ਨਗਰ ਨਿਗਮ ਗੁਰੂਗ੍ਰਾਮ ਵੱਲੋਂ ਵਿਕਸਿਤ ਕੀਤੇ ਗਏ ਜੀ.ਵੀ.ਪੀ. ਮੁਕਤ ਸਥਲ ਦਾ ਨਿਰੀਖਣ ਕਰਕੇ ਮੁਹਿੰਮ ਦੀ ਸ਼ੁਰੂਆਤ ਕੀਤੀ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਆਪਣੇ ਸੰਦੇਸ਼ ਵਿੱਚ ਸਵੱਛਤਾ ਨੂੰ ਸਿਰਫ਼ ਸਰਕਾਰੀ ਪ੍ਰਬੰਧ ਤੱਕ ਸੀਮਤ ਨਾ ਰੱਖਦਿਆਂ ਨਾਗਰਿਕਾਂ ਦੀ ਭਾਗੀਦਾਰੀ ’ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਰਕਾਰ ਪ੍ਰਬੰਧ ਅਤੇ ਸਹੂਲਤਾਂ ਉਪਲਬਧ ਕਰਵਾ ਸਕਦੀ ਹੈ ਅਤੇ ਆਧੁਨਿਕ ਤਕਨੀਕ ਤੇ ਸਾਧਨਾਂ ਦੀ ਵਰਤੋਂ ਕਰ ਸਕਦੀ ਹੈ, ਪਰ ਘਰਾਂ ਅਤੇ ਸੰਸਥਾਵਾਂ ਤੋਂ ਨਿਕਲਣ ਵਾਲੇ ਕਚਰੇ ਨੂੰ ਵੱਖ-ਵੱਖ ਰੱਖਣਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਸਰਕਾਰੀ ਪ੍ਰਬੰਧ, ਆਧੁਨਿਕ ਤਕਨੀਕ ਅਤੇ ਜਨਤਾ ਦੀ ਭਾਗੀਦਾਰੀ ਨੂੰ ਸਵੱਛਤਾ ਮੁਹਿੰਮ ਦੇ ਤਿੰਨ ਅਹਿਮ ਪੱਖਾਂ ਵਜੋਂ ਦੱਸਿਆ ਅਤੇ ਕਿਹਾ ਕਿ ਇਸ ਦਾ ਉਦੇਸ਼ ਸਵੱਛਤਾ ਮੁਹਿੰਮ ਨੂੰ ਜਨ ਭਾਗੀਦਾਰੀ ਰਾਹੀਂ ਇੱਕ ਵਿਆਪਕ ਨਾਗਰਿਕ ਮੁਹਿੰਮ ਦਾ ਰੂਪ ਦੇਣਾ ਹੈ। ਮੁੱਖ ਮੰਤਰੀ ਨੇ ਨਾਗਰਿਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਖੁੱਲ੍ਹੇ ਵਿੱਚ ਕਚਰਾ ਨਾ ਸੁੱਟੋ, ਘਰ ਵਿੱਚ ਕਚਰੇ ਨੂੰ ਅੱਡ-ਅੱਡ ਰੱਖੋ ਅਤੇ ਸਿਰਫ਼ ਅਧਿਕਾਰਤ ਕਚਰਾ-ਵਾਹਨ ਨੂੰ ਹੀ ਕਚਰਾ ਦਿਓ। ਜੀ.ਵੀ.ਪੀ. ਮੁਕਤ ਮੁਹਿੰਮ ਦਾ ਉਦੇਸ਼ ਸਿਰਫ਼ ਇੱਕ ਵਾਰ ਸਫ਼ਾਈ ਕਰਨਾ ਨਹੀਂ, ਸਗੋਂ ਚਿੰਨ੍ਹ?ਤ ਥਾਵਾਂ ’ਤੇ ਦੁਬਾਰਾ ਕਚਰਾ ਜਮ?ਹਾ ਨਾ ਹੋਵੇ, ਇਸ ਲਈ ਨਾਗਰਿਕਾਂ ਵਿੱਚ ਜ਼ਿੰਮੇਵਾਰ ਵਿਵਹਾਰ ਨੂੰ ਉਤਸ਼ਾਹਿਤ ਕਰਨਾ ਵੀ ਹੈ। ਨਗਰ ਨਿਗਮ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਅਨੁਸਾਰ ਜੀ.ਵੀ.ਪੀ. ਮੁਕਤ ਮੁਹਿੰਮ 2 ਤੋਂ 11 ਅਕਤੂਬਰ ਤੱਕ ਚੱਲੇਗੀ। ਮੁਹਿੰਮ ਤਹਿਤ ਸ਼ਹਿਰ ਦੇ ਚਿੰਨ੍ਹਤ 21 ਗਾਰਬੇਜ ਵਰਨੇਬਲ ਪੁਆਇੰਟਸ (ਜੀ.ਵੀ.ਪੀ.) ’ਤੇ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾ ਕੇ ਉਨ੍ਹਾਂ ਨੂੰ ਸਾਫ਼ ਅਤੇ ਬਿਹਤਰ ਜਨਤਕ ਸਥਲਾਂ ਵਿੱਚ ਬਦਲਣ ਦਾ ਕੰਮ ਕੀਤਾ ਜਾਵੇਗਾ।

‘ਪੈਗਾਮ-ਏ-ਜਗਤ’ ’ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

# ਸੁਰਿੰਦਰਾ ਗੈਸ ਸਰਵਿਸ ਦੇ ਮਾਲਿਕ ਵਲੋਂ ਗੈਸ ਸਰਵਿਸ ਅਧੀਨ ਕੰਮ ਕਰ ਰਹੇ ਵਰਕਰਾਂ ਖਿਲਾਫ ਕੀਤੀ ਗਈ ਧੱਕੇਸ਼ਾਹੀ ਖਿਲਾਫ ਰੋਸ ਰੈਲੀ

ਪਟਿਆਲਾ, 2 ਅਕਤੂਬਰ (ਪੈ.ਗਾਮ-ਏ-ਜਗਤ)



ਗੈਸ ਏਜੰਸੀ ਵਰਕਰ ਯੂਨੀਅਨ (ਆਈ.ਐਫ.ਟੀ.ਯੂ.) ਜਿਲਾ ਕਮੇਟੀ ਪਟਿਆਲਾ ਵਲੋਂ ਗੈਸ ਸਰਵਿਸ ਅਧੀਨ 20 ਸਾਲਾ ਤੋਂ ਲਗਾਤਾਰ ਘਰ–ਘਰ ਗੈਸ ਸਲੰਡਰ ਦੇਣ ਦੀ ਸੇਵਾ ਪੂਰੀ ਇਮਾਨਦਾਰੀ ਤੇ ਮਿਹਨਤ ਨਾਲ ਕਰ ਰਹੇ ਸਨ, ਗੈਸ ਸਰਵਿਸ ਦੇ ਮਾਲਕ ਮੈਡਮ ਵੱਲੋਂ ਸਾਰੇ ਕਾਇਦੇ ਕਾਨੂੰਨ ਛਿੱਕੇ ਟੰਗਕੇ ਪਹਿਲਾਂ ਵਰਕਰਾਂ ਨੂੰ ਤਨਖਾਹ ਦੇਣ ਤੋਂ ਇਨਕਾਰੀ ਹੋ ਗਈ, ਜਦੋਂ ਵਰਕਰਾਂ ਵੱਲੋਂ ਮੈਡਮ ਨੂੰ ਮਿਲਕੇ ਤਨਖਾਹਾਂ ਲੈਣ ਬਾਰੇ ਕਿਹਾ ਤਾਂ ਮੈਡਮ ਗੁੱਸੇ ਵਿੱਚ ਆਕੇ ਸਹਇਕ ਕੀਰਤ ਕਮਿਸ਼ਨਰ ਪਟਿਆਲਾ ਦੇ ਹੁਕਮਾਂ ਦੀਆਂ ਕੋਈ ਪ੍ਰਵਾਹ ਨਾ ਕਰਦੇ ਹੋਏ ਵਰਕਰਾਂ ਨੂੰ ਨੌਕਰੀਓ ਕੱਢ ਦਿੱਤਾ, ਇਸ ਲਈ ਵਰਕਰਾਂ ਨੂੰ ਬਨਦੀ ਤਨਖਾਹ ਦਿਵਾਉਣ ਲਈ ਅਤੇ ਨੌਕਰੀ ਤੇ ਮੁੜ ਬਹਾਲੀ ਲਈ ਪਟਿਆਲੇ ਜਿਲੇ ਦੇ ਸਾਰੀ ਗੈਸ ਏਜੰਸੀਆਂ ਦੇ ਵਰਕਰ ਵੱਡੀ ਗਿਣਤੀ ਵਿੱਚ ਆਪਨੀ ਜਥੇਬੰਦੀ ਦਾ ਝੰਡੇ ਥੱਲੇ ਇਕੱਠੇ ਹੋ ਕੇ ਸੁਰਿੰਦਰਾ ਗੈਸ ਸਰਵਿਸ ਐਸ.ਐਸ.ਟੀ. ਨਗਰ ਪਟਿਆਲਾ ਦਫਤਰ ਰੋਸ ਰੈਲੀ ਕੀਤੀ ਅਤੇ ਅਕਾਸ਼ ਗੂੰਜਵੇਂ ਨਾਰੇ ਲਾਏ। ਰੈਲੀ ਦੀ ਅਗਵਾਈ ਜਿਲੇ ਦੇ ਆਗੂ ਜਿਲਾ ਪ੍ਰਧਾਨ ਬਲਜਿੰਦਰ ਸਿੰਘ ਲੱਖੋਮਾਜਰਾ, ਜਿਲਾ ਸਕੱਤਰ, ਸੁਰਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ, ਸਤਪਾਲ ਸਿੰਘ ਵਿੱਤ ਸਕੱਤਰ, ਅਵਤਾਰ ਸਿੰਘ ਨੰਦਪੁਰ ਕੇਸ਼ੋ ਨੇ ਕੀਤੀ ਅਤੇ ਵੱਖੋ ਵੱਖਰੀਆਂ ਏਜੰਸੀਆਂ ਦੇ ਪ੍ਰਧਾਨਾਂ ਵੱਲੋਂ ਨਾਅਰੇ ਲਾਏ ਗਏ।

ਪ੍ਰਧਾਨ ਜਰਨੈਲ ਸਿੰਘ, ਧੀਰਜ ਕੁਮਾਰ, ਕੇਸਰ ਸਿੰਘ, ਮਜੀਤ ਸਿੰਘ ਸਰੋਈ ਅਤੇ ਵੱਡੀ ਗਿਣਤੀ ਵਿੱਚ ਨਾਭੇ ਤੋਂ ਸਾਥੀ ਸ਼ਾਮਲ ਹੋਏ ਅਤੇ ਨਾਅਰੇ ਲਾਏ। ਪ੍ਰਧਾਨ ਰਘਬੀਰ ਸਿੰਘ ਨਾਭਾ, ਹਰਜੀਤ ਸਿੰਘ,ਸ਼ਾਮ ਸਿੰਘ, ਕਰਮਜੀਤ ਸਿੰਘ, ਅਤੇ ਹੋਰ ਸਾਥੀ ਰੈਲੀ ਵਿੱਚ ਸ਼ਾਮਲ ਹੋਏ।

# ਰਾਸ਼ਟਰੀ ਜਯੋਤੀ ਕਲਾ ਮੰਚ ਦੇ 19ਵੇਂ ਦੁਸਹਿਰੇ ਮੇਲੇ ਦਾ ਸੱਦਾ ਪੱਤਰ ਜਾਰੀ

ਪਟਿਆਲਾ (ਪੈ.ਗਾਮ-ਏ-ਜਗਤ)



ਰਾਸ਼ਟਰੀ ਜਯੋਤੀ ਕਲਾ ਮੰਚ (ਰਜਿ.) ਪਟਿਆਲਾ ਵੱਲੋਂ ਮਨਾਏ ਜਾ ਰਹੇ 19ਵੇਂ ਦੁਸਹਿਰੇ ਮੇਲੇ ਦੀਆਂ ਤਿਆਰੀਆਂ ਜ਼ੋਰਾਂ ਉੱਤੇ ਹਨ। ਇਸ ਦੌਰਾਨ ਮੰਚ ਦੇ ਡਾਇਰੈਕਟਰ ਰਾਕੇਸ਼ ਠਾਕੁਰ ਦੀ ਨਿਰਦੇਸ਼ਨਾ ਅਤੇ ਦੁਸਹਿਰਾ ਕਮੇਟੀ ਦੇ ਪ੍ਰਧਾਨ ਰਾਜ ਸਿੰਗਲਾ ਦੀ ਪ੍ਰਧਾਨਗੀ ਹੇਠ ਮੇਲੇ ਦਾ ਸੱਦਾ ਪੱਤਰ ਜਾਰੀ ਕੀਤਾ ਗਿਆ। 19ਵੇਂ ਦੁਸਹਿਰੇ ਮੇਲੇ ਦਾ ਸੱਦਾ ਪੱਤਰ ਸਮਾਜ ਸੇਵੀ ਅਤੇ ਗਰੀਨ ਮੈਨ ਭਗਵਾਨ ਦਾਸ ਜੁਨੇਜਾ ਨੇ ਆਪਣੇ ਕਰ ਕਮਲਾਂ ਨਾਲ ਜਾਰੀ ਕੀਤਾ। ਇਸ ਮੌਕੇ ਰਾਸ਼ਟਰੀ ਜਯੋਤੀ ਕਲਾ ਮੰਚ ਦੇ ਅਹੁਦੇਦਾਰ ਇੰਜ. ਨਰਿੰਦਰ ਸਿੰਘ, ਡਾ. ਬੀਰ ਚੰਦ ਖੁਰਮੀ, ਹਰਮੇਸ਼ ਸਿੰਗਲਾ, ਕੇ.ਵੀ ਪੁਰੀ, ਗਗਨ ਗੋਇਲ, ਦਰਸ਼ਨ ਜਿੰਦਲ, ਰਾਕੇਸ਼ ਠਾਕੁਰ, ਡਾ. ਧਰਮਿੰਦਰ ਸੰਧੂ ਮੌਜੂਦ ਰਹੇ। ਜ਼ਿਕਰਯੋਗ ਹੈ ਕਿ ਮੰਚ ਦਾ 19ਵਾਂ ਦੁਸਹਿਰਾ ਮੇਲਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 20 ਅਕਤੂਬਰ ਨੂੰ ਐਸ.ਐਸ.ਟੀ ਨਗਰ ਪਟਿਆਲਾ ਵਿਖੇ ਆਯੋਜਿਤ ਕੀਤਾ ਜਾਵੇਗਾ।

# ਪਾਇਲਟ ਸਮਿਤ ਮੱਛਾਰ ਵੱਲੋਂ 174 ਯਾਤਰੀਆਂ ਦੀ ਜਾਨ ਬਚਾਉਣਾ ਹਰ ਭਾਰਤੀ ਲਈ ਮਾਣ ਵਾਲੀ ਗੱਲ: ਅਨਿਲ ਵਿਜ

ਪੈ.ਗਾਮ-ਏ-ਜਗਤ
ਅੰਬਾਲਾ, 2 ਅਕਤੂਬਰ (ਆਰ.ਸਿੰਘ)



ਹਰਿਆਣਾ ਦੇ ਊਰਜਾ, ਆਵਾਜਾਈ ਅਤੇ ਕਿਰਤ ਮੰਤਰੀ ਅਨਿਲ ਵਿਜ ਨੇ ਭਾਰਤੀ ਪਾਇਲਟ ਕੈਪਟਨ ਸਮਿਤ ਮੱਛਾਰ ਵੱਲੋਂ ਜ਼ਖ਼ਮੀ ਹੋਣ ਦੇ ਬਾਵਜੂਦ 174 ਜਾਨਾਂ ਬਚਾਉਣ ਨੂੰ ਭਾਰਤੀਆਂ ਲਈ ਮਾਣ ਵਾਲੀ ਗੱਲ ਦੱਸਿਆ। ਉਨ੍ਹਾਂ ਕਿਹਾ ਕਿ ਕੈਪਟਨ ਮੱਛਾਰ ਇਸ ਦਾ ਸਿਹਰਾ ਆਪਣੇ ਲਈ ਨਾ ਲੈ ਕੇ ਭਾਰਤੀ ਸਭਿਆਚਾਰ ਨੂੰ ਦੇ ਰਹੇ ਹਨ।

ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਊਰਜਾ ਮੰਤਰੀ ਅਨਿਲ ਵਿਜ ਨੇ ਕਿਹਾ ਕਿ ਕੈਪਟਨ ਸਮਿਤ ਮੱਛਾਰ ਨੇ ਇੱਕ ਹਵਾਈ ਹਾਦਸੇ ਨੂੰ ਟਾਲ ਕੇ ਭਾਰਤ ਦਾ ਮਾਣ ਵਧਾਇਆ ਹੈ ਅਤੇ ਇਸ ਤੋਂ ਵੀ ਮਹੱਤਵਪੂਰਨ ਗੱਲ ਇਹ ਹੈ ਕਿ ਉਹ ਇਸ ਕਾਰਨਾਮੇ ਦਾ ਸਿਹਰਾ ਆਪਣੇ ਆਪ ਨੂੰ ਨਾ ਦੇ ਕੇ ਭਾਰਤੀ ਸਭਿਆਚਾਰ ਨੂੰ ਦੇ ਰਹੇ ਹਨ। ਉਨ੍ਹਾਂ ਕਿਹਾ, ਮੈਂ ਭਾਰਤੀ ਸਭਿਆਚਾਰ ਵਿੱਚ ਵਿਸ਼ਵਾਸ ਰੱਖਦਾ ਹਾਂ; ਇਹ ਇੱਕ ਵੱਡੀ ਪ੍ਰਾਪਤੀ ਹੈ, ਹਰ ਭਾਰਤੀ ਲਈ ਮਾਣ ਵਾਲੀ ਗੱਲ ਹੈ। ਇਹ ਧਿਆਨ ਦੇਣ ਯੋਗ ਹੈ ਕਿ ਫਲਾਈ ਦੁਬਈ ਫਲਾਈਟ ਦਾ ਪਾਇਲਟ ਕੈਪਟਨ ਸਮਿਤ ਮੱਛਾਰ ਸੀ ਅਤੇ ਉਸ ਦੇ ਸਹਿ ਪਾਇਲਟ ਨੇ ਉਸ ਨੂੰ ਜਹਾਜ਼ ਵਿੱਚ ਚਾਕੂ ਮਾਰ ਕੇ ਜ਼ਖ਼ਮੀ ਕਰ ਦਿੱਤਾ। ਆਪਣੀਆਂ ਸੱਟਾਂ ਦੇ ਬਾਵਜੂਦ ਕੈਪਟਨ ਸਮਿਤ ਨੇ ਜਹਾਜ਼ ਵਿੱਚ ਸਵਾਰ 174 ਯਾਤਰੀਆਂ ਦੀ ਜਾਨ ਬਚਾਈ।

# ਸ਼ਹੀਦ ਅੰਦੋਲਨ ਕਾਰੀਆਂ ਨੂੰ ਉਤਰਾਖੰਡ ਸਭਾ ਅਤੇ ਉਤਰਾਚਲੀ ਕਲਚਰਲ ਅਤੇ ਵੈਲਫੇਅਰ ਸੋਸਾਇਟੀ ਵਲੋਂ ਭਾਵ ਭੀਨੀ ਸ਼ਰਧਾਂਜਲੀ ਦਿੱਤੀ ਗਈ

ਪਟਿਆਆ, 2 ਅਕਤੂਬਰ (ਪੈ.ਗਾਮ-ਏ-ਜਗਤ)



ਉਤਰਾਖੰਡ ਸਭਾ ਪਟਿਆਲਾ ਅਤੇ ਉਤਰਾਂਚਲੀ ਕਲਚਰਲ ਅਤੇ ਵੈਲਫੇਅਰ ਸੋਸਾਇਟੀ (ਰਜਿ) ਪਟਿਆਲਾ ਵੱਲੋਂ ਉਤਰਾਖੰਡ ਰਾਜ ਦੀ ਪ੍ਰਾਪਤੀ ਕਰਨ ਲਈ ਉਸ ਸਮੇਂ ਚਲੇ ਅੰਦੋਲਨ ਦੇ ਦੌਰਾਨ ਸ਼ਹੀਦ ਹੋਏ ਅੰਦੋਲਨਕਾਰੀਆਂ, ਮਾਤਾਵਾਂ, ਭੈਣਾਂ ਨਾਲ ਹੋਏ ਤਸਦਦ, ਇੱਜਤਾਂ ਤੇ ਹੋਏ ਜਬਰਦਸਤੀ ਆਦਿ ਅਤੇ ਅਜੇ ਤੱਕ ਉਨ੍ਹਾਂ ਇਨਸਾਫ ਨਾ ਮਿਲਣ ਦੇ ਕਾਰਨ ਕੜੇ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।

ਖਾਸ ਕਰਕੇ ਸਾਂਤਮਈ ਤਰੀਕੇ ਨਾਲ ਆਪਣੀ ਮੰਗ ਭਾਰਤ ਸਰਕਾਰ ਤੋਂ ਮਨਵਾਉਣ ਜਾ ਰਹੇ ਅੰਦੋਲਨਕਾਰੀਆਂ ਨੂੰ ਰਾਮਪੁਰ ਤਿਹਾਰੇ (ਮੁਜੱਫਰਨਗਰ ਯੂ.ਪੀ.) ਤੇ ਹੋਏ ਪੁਲਿਸ ਵੱਲੋਂ ਕੀਤੀ ਗਈ ਫਾਇਰਿੰਗ ਵਿੱਚ ਸੱਤ ਅੰਦੋਲਨਕਾਰੀ ਮਾਰੇ ਗਏ ਤੇ ਮਰਨ ਵਾਲੇ ਸ਼ਹੀਦਾਂ ਨੂੰ ਤੇ ਮਾਤਰਸ਼ਕਤੀ ਤੇ ਹੋਏ ਅਤਿਆਚਾਰ ਹੋਏ ਸੀ ਨੂੰ ਨਮਨ ਕਰਦੇ ਹੋਏ ਦੋ ਮਿੰਟ ਦਾ ਮੌਨ ਰੱਖ ਕੇ ਸਰਧਾਂਜਲੀ ਦਿੱਤੀ ਗਈ।

ਇਸ ਮੌਕੇ ਤੇ ਉਤਰਾਖੰਡ ਦੇ ਵੱਖ–ਵੱਖ ਸੰਸਥਾਵਾਂ ਦੇ ਪ੍ਰਤੀਨਿਧੀ ਵੀ ਹਾਜਰ ਆਏ। ਰਾਸ਼ਟਰਪਤੀ ਮਹਾਤਮਾ ਗਾਂਧੀ ਦੀ ਪੁਨਿਆ ਤੀਥੀ ਤੇ ਅਤੇ ਭੂਤਪੂਰਬ ਪ੍ਰਧਾਨ ਮੰਤਰੀ ਸ੍ਰੀ ਲਾਲ ਬਹਾਦਰ ਸ਼ਾਸ਼ਤਰੀ ਜੀ ਨੂੰ ਵੀ ਭਾਵ ਭਿੰਨੀ ਸ਼ਰਧਾਂਜਲੀ ਮੌਨ ਰੱਖ ਕੇ ਦਿੱਤੀ ਗਈ।

ਇਸ ਮੌਕੇ ਤੇ ਉਤਰਾਖੰਡ ਸਭਾ ਦੇ ਪ੍ਰਧਾਨ ਜੋਤ ਸਿੰਘ ਭੰਡਾਰੀ, ਜਨਰਲ ਸਕੱਤਰ ਸ੍ਰੀ ਭਗਤ ਸਿੰਘ ਭੰਡਾਰੀ, ਗੜਵਾਲ ਸਭਾ ਦੇ ਪ੍ਰਧਾਨ ਸ੍ਰੀ ਗੁਰਮੀਤ ਸਿੰਘ ਨੇਗੀ, ਰਾਜਿੰਦਰ ਸਿੰਘ ਪੰਵਾਰ, ਦੇਵਿੰਦਰ ਸਿੰਘ ਰਮੋਲਾ, ਉੱਤਮ ਸਿੰਘ ਰਮੋਲਾ, ਹਿਲਾਂਸ, ਸਾਂਸਕ੍ਰਿਤੀ ਕਲਾਂ ਮੰਚ ਦੇ ਚੇਅਰਮੈਨ ਸ੍ਰੀ ਜਗਦੀਸ਼ ਪ੍ਰਸਾਦ ਭਾਰਦਵਾਜ, ਉਤਰਾਖੰਡ ਸਮਨਵੇ ਸਮਿਤੀ ਦੇ ਕਨਵੀਨਰ ਸ੍ਰੀ ਮੁਲਾਇਮ ਸਿੰਘ ਰਾਣਾ, ਜਸਬੀਰ ਸਿੰਘ ਪੁੰਡੀਰ, ਗਰੀਬ ਸਿੰਘ ਰਾਵਤ, ਭਗਵਾਨ ਸਿੰਘ ਕਠੈਤ, ਪਰਤਾਪ ਸਿੰਘ ਬਿਸ਼ਟ, ਦਿਆਲ ਸਿੰਘ ਰਾਵਤ, ਪ੍ਰੀਥੀਵੀਪਾਲ ਸਿੰਘ ਪਵਾਂਰ, ਗੋਬਿੰਦ ਸਿੰਘ ਨੇਗੀ, ਪ੍ਰਮੋਦ ਸਿੰਘ ਰਾਵਤ, ਉਰਮਿਲਾ ਦੇਵੀ, ਸੁਨੀਤਾ ਦੇਵੀ, ਸੁਸ਼ੀਲਾ ਦੇਵੀ, ਪੁਰਨਾ ਦੇਵੀ, ਸੁਰੋਜਚਨਾ ਦੇਵੀ, ਚੰਪਾ ਹਾਜਰ ਆਏ। ਅਖੀਰ ਵਿੱਚ ਪ੍ਰਧਾਨ ਜੀ ਵਲੋਂ ਸਾਰੇ ਸਭਾ ਦੇ ਪਦ ਅਧਿਕਾਰੀਆਂ ਅਤੇ ਸਦੱਸਿਆਂ ਦਾ ਧੰਨਵਾਦ ਕੀਤਾ ਗਿਆ।

# ਨਾਈਪਰ ਐਸਏਐਸ ਨਗਰ ਵਿਖੇ 'ਸਵੱਛਤਾ ਹੀ ਸੇਵਾ ਮੁਹਿੰਮ 2026' ਦੀ ਸਮਾਪਤੀ

ਐਸਏਐਸ ਨਗਰ, 2 ਅਕਤੂਬਰ (ਪੈ.ਗਾਮ-ਏ-ਜਗਤ)




ਨਾਈਪਰ ਐਸਏਐਸ ਨਗਰ ਵੱਲੋਂ 17 ਸਤੰਬਰ ਤੋਂ 2 ਅਕਤੂਬਰ ਤੱਕ 'ਸਵੱਛਤਾ ਹੀ ਸੇਵਾ ਮੁਹਿੰਮ 2026' ਤਹਿਤ ਸਫਾਈ, ਵਾਤਾਵਰਣ ਜਾਗਰੂਕਤਾ ਅਤੇ ਭਾਈਚਾਰਕ ਭਾਗੀਦਾਰੀ ਨਾਲ ਸਬੰਧਤ ਵੱਖ–ਵੱਖ ਗਤੀਵਿਧੀਆਂ ਕਰਵਾਈਆਂ ਗਈਆਂ।

ਮੁਹਿੰਮ ਦੀ ਸ਼ੁਰੂਆਤ ਸਰਕਾਰੀ ਸਕੂਲ, ਫੇਜ਼–10, ਮੁਹਾਲੀ ਵਿਖੇ ਠੋਸ ਕੂੜਾ ਪ੍ਰਬੰਧਨ ਸਬੰਧੀ ਜਾਗਰੂਕਤਾ ਪ੍ਰੋਗਰਾਮ ਨਾਲ ਹੋਈ। ਵਿਦਿਆਰਥੀਆਂ ਨੂੰ ਕੂੜੇ ਦੀ ਵੱਖ–ਵੱਖ ਛਾਂਟੀ, 3ਆਰ–ਰਿਡਿਊਸ, ਰੀਯੂਜ਼ ਅਤੇ ਰੀਸਾਈਕਲ, ਕੰਪੋਸਟਿੰਗ, ਰੀਸਾਈਕਲਿੰਗ ਅਤੇ ਸਿੰਗਲ ਯੂਜ਼ ਪਲਾਸਟਿਕ ਤੋਂ ਬਚਣ ਬਾਰੇ ਜਾਗਰੂਕ ਕੀਤਾ ਗਿਆ।

ਮੁਹਿੰਮ ਤਹਿਤ ਸਿਟੀ ਪਾਰਕ ਫੇਜ਼–9, ਰੇਲਵੇ ਸਟੇਸ਼ਨ ਫੇਜ਼–11, ਫੇਜ਼–10 ਮਾਰਕੀਟ, ਸਰਕਾਰੀ ਸਕੂਲ ਫੇਜ਼–10, ਚੰਡੀਗੜ੍ਹ ਦੇ ਸੈਕਟਰ–42 ਲੇਕ ਇਲਾਕੇ ਅਤੇ ਫਤਿਹ ਬੁਰਜ, ਮੁਹਾਲੀ ਵਿਖੇ ਸਫਾਈ ਮੁਹਿੰਮਾਂ ਚਲਾਈਆਂ ਗਈਆਂ। ਫੇਜ਼–11 ਅਤੇ ਸੈਕਟਰ–67 ਦੀਆਂ ਮਾਰਕੀਟਾਂ ਵਿੱਚ ਪਲਾਸਟਿਕ ਦੀ ਵਰਤੋਂ ਘਟਾਉਣ ਅਤੇ ਟਿਕਾਊ ਕੂੜਾ ਪ੍ਰਬੰਧਨ ਸਬੰਧੀ ਜਾਗਰੂਕਤਾ ਵੀ ਫੈਲਾਈ ਗਈ। ਇਸ ਦੌਰਾਨ ਸਫਾਈ, ਪਾਣੀ ਦੀ ਸੰਭਾਲ ਅਤੇ ਵਰਖਾ ਜਲ ਸੰਭਾਲ ਵਿਸ਼ੇ 'ਤੇ ਵਾਦ-ਵਿਵਾਦ ਮੁਕਾਬਲਾ, 'ਕਬਾੜ ਸੇ ਜੁਗਾੜ-ਬੈਸਟ ਆਊਟ ਆਫ ਵੇਸਟ' ਮੁਕਾਬਲਾ ਅਤੇ ਸਿਹਤ ਜਾਗਰੂਕਤਾ ਤੇ ਜਾਂਚ ਕੈਂਪ ਲਗਾਇਆ ਗਿਆ, ਜਿਸ ਦਾ ਨਾਈਪਰ ਭਾਈਚਾਰੇ ਦੇ ਲਗਭਗ 45-50 ਮੈਂਬਰਾਂ ਨੇ ਲਾਭ ਲਿਆ।

1 ਅਕਤੂਬਰ ਨੂੰ ਨਾਈਪਰ ਸਪੋਰਟਸ ਕੰਪਲੈਕਸ ਵਿਖੇ 'ਏਕ ਦਿਨ, ਏਕ ਘੰਟਾ, ਏਕ ਸਾਥ' ਤਹਿਤ ਇੱਕ ਘੰਟੇ ਦੀ ਸਫਾਈ ਮੁਹਿੰਮ ਚਲਾਈ ਗਈ। ਮੁਹਿੰਮ ਦੀ ਸਮਾਪਤੀ 2 ਅਕਤੂਬਰ ਨੂੰ ਸਵੱਛ ਭਾਰਤ ਦਿਵਸ ਅਤੇ 'ਇੱਕ ਪੇੜ ਮਾਂ ਕੇ ਨਾਮ' ਪਹਿਲ ਨਾਲ ਹੋਈ, ਜਿਸ ਤਹਿਤ ਨਾਈਪਰ ਕੈਂਪਸ ਵਿੱਚ ਗੁਲਮੋਹਰ ਦੇ ਬੂਟੇ ਲਗਾਏ ਗਏ। ਇਸ ਮੁਹਿੰਮ ਰਾਹੀਂ ਸਫਾਈ, ਵਾਤਾਵਰਣ ਸੰਭਾਲ ਅਤੇ ਟਿਕਾਊ ਜੀਵਨਸ਼ੈਲੀ ਨੂੰ ਸਾਂਝੀ ਜ਼ਿੰਮੇਵਾਰੀ ਵਜੋਂ ਅਪਣਾਉਣ ਦਾ ਸੰਦੇਸ਼ ਦਿੱਤਾ ਗਿਆ।

# ਵਾਨਿਆ ਦੇ ਜਨਮਦਿਨ ਮੌਕੇ ਮਾਂ ਦੀ ਰਸੋਈ ਵਿੱਚ ਲੰਗਰ ਸੇਵਾ

## ਲਾਇਨਜ਼ ਕਲੱਬ ਰਤੀਆ ਸਿਟੀ ਸਮਾਜ ਸੇਵਾ ਦੇ ਕਾਰਜਾਂ ਵਿੱਚ ਲਗਾਤਾਰ ਮੋਹਰੀ

ਪੈਗਾਮ-ਏ-ਜਗਤ/ਰਤੀਆ, 2 ਸਤੰਬਰ (ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)



ਲਾਇਨਜ਼ ਕਲੱਬ ਰਤੀਆ ਸਿਟੀ ਵੱਲੋਂ ਸਮਾਜ ਦੇ ਵੱਖ–ਵੱਖ ਖੇਤਰਾਂ ਵਿੱਚ ਲਗਾਤਾਰ ਸੇਵਾ ਕਾਰਜ ਕੀਤੇ ਜਾ ਰਹੇ ਹਨ। ਕਲੱਬ ਵੱਲੋਂ ਬਜ਼ੁਰਗ ਨਾਗਰਿਕਾਂ ਲਈ ਸਹਾਇਕ ਉਪਕਰਨ ਵੰਡ ਸਮਾਗਮ ਕਰਵਾਇਆ ਗਿਆ, ਜਿਸ ਵਿੱਚ 81 ਲਾਭਪਾਤਰੀਆਂ ਨੂੰ ਉਨ੍ਹਾਂ ਦੀ ਲੋੜ ਅਨੁਸਾਰ ਵੱਖ–ਵੱਖ ਕਿਸਮ ਦੇ ਸਹਾਇਕ ਉਪਕਰਨ ਪ੍ਰਦਾਨ ਕੀਤੇ ਗਏ।

ਇਸੇ ਸੇਵਾ ਲੜੀ ਦੇ ਤਹਿਤ ਅੱਜ ਫੂਡ ਫਾਰ ਹੰਗਰ ਪ੍ਰੋਜੈਕਟ ਅਧੀਨ ਕਲੱਬ ਮੈਂਬਰ ਲਾਇਨ ਵਿਜੈ ਗਰੋਵਰ ਦੀ ਪੋਤਰੀ ਵਾਨਿਆ ਗਰੋਵਰ ਦੇ ਚੌਥੇ ਜਨਮਦਿਨ ਮੌਕੇ ਮਾਂ ਦੀ ਰਸੋਈ, ਰਤੀਆ ਵਿਖੇ ਲੰਗਰ ਸੇਵਾ ਕੀਤੀ ਗਈ। ਇਸ ਮੌਕੇ ਵਾਨਿਆ ਨੇ ਆਪਣਾ ਜਨਮਦਿਨ ਲੋੜਵੰਦ ਲੋਕਾਂ ਨੂੰ ਭੋਜਨ ਦੀ ਸੇਵਾ ਕਰਕੇ ਮਨਾਇਆ। ਵਾਨਿਆ ਅੱਜ ਤਿੰਨ ਸਾਲ ਦੀ ਹੋ ਗਈ ਹੈ ਅਤੇ ਇਹ ਉਸ ਦਾ ਚੌਥਾ ਜਨਮਦਿਨ ਹੈ।

ਕਲੱਬ ਪ੍ਰਧਾਨ ਲਾਇਨ ਗੋਪਾਲ ਚੰਦ ਕੁਲਰੀਆਂ ਨੇ ਦੱਸਿਆ ਕਿ ਲਾਇਨਜ਼ ਕਲੱਬ ਰਤੀਆ ਸਿਟੀ ਵੱਲੋਂ ਆਉਂਦੀ 12 ਨਵੰਬਰ ਨੂੰ ਵਿਸ਼ਾਲ ਮੁਫ਼ਤ ਅੱਖਾਂ ਦੀ ਜਾਂਚ ਅਤੇ ਆਪ੍ਰੇਸ਼ਨ ਕੈਂਪ ਲਗਾਇਆ ਜਾ ਰਿਹਾ ਹੈ। ਕੈਂਪ ਵਿੱਚ ਸ਼ੰਕਰ ਹਸਪਤਾਲ, ਲੁਧਿਆਣਾ ਦੇ ਮਾਹਿਰ ਡਾਕਟਰ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕਰਨਗੇ। ਜਿਨ੍ਹਾਂ ਮਰੀਜ਼ਾਂ ਨੂੰ ਆਪ੍ਰੇਸ਼ਨ ਦੀ ਲੋੜ ਹੋਵੇਗੀ, ਉਨ੍ਹਾਂ ਨੂੰ ਆਪ੍ਰੇਸ਼ਨ ਲਈ ਮੁਫ਼ਤ ਲੁਧਿਆਣਾ ਲਿਜਾਇਆ ਜਾਵੇਗਾ।

ਉਨ੍ਹਾਂ ਦੱਸਿਆ ਕਿ ਮਰੀਜ਼ਾਂ ਦੇ ਆਉਣ–ਜਾਣ, ਰਹਿਣ, ਆਪ੍ਰੇਸ਼ਨ ਅਤੇ ਦਵਾਈਆਂ ਦਾ ਸਾਰਾ ਖਰਚਾ ਕਲੱਬ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਕੈਂਪ ਵਿੱਚ ਪਹੁੰਚ ਕੇ ਇਸ ਮੁਫ਼ਤ ਸਹੂਲਤ ਦਾ ਲਾਭ ਉਠਾਉਣ।

ਇਸ ਮੌਕੇ ਲਾਇਨ ਵਿਜੈ ਗਰੋਵਰ ਦੇ ਪਰਿਵਾਰ ਵੱਲੋਂ ਉਨ੍ਹਾਂ ਦੇ ਪੁੱਤਰ ਅਭਿਜੀਤ ਗਰੋਵਰ ਅਤੇ ਪੋਤਰੀ ਵਾਨਿਆ ਗਰੋਵਰ, ਕਲੱਬ ਦੇ ਸੀਨੀਅਰ ਮੈਂਬਰ ਲਾਇਨ ਸ਼ਿਵ ਕੁਮਾਰ ਗਰਗ, ਖਜ਼ਾਨਚੀ ਲਾਇਨ ਬਿਪਿਨ ਬੰਸਲ, ਰੀਜਨ ਚੇਅਰਮੈਨ ਲਾਇਨ ਪ੍ਰਦੀਪ ਬੰਸਲ, ਲਾਇਨਜ਼ ਕਲੱਬ ਦੇ ਸਾਬਕਾ ਪ੍ਰਧਾਨ ਹਰਵੀਰ ਜੌੜਾ ਸਮੇਤ ਕਲੱਬ ਦੇ ਹੋਰ ਮੈਂਬਰ ਹਾਜ਼ਰ ਸਨ।

## ਹਾਈ ਪਾਵਰ ਕਮੇਟੀ ਦਾ ਸ਼ਖਤ ਤੇ ਨਿਰਣਾਇਕ ਫੈਸਲਾ

# ਪੰਜਾਬ ਰਾਜ ਪੈਨਸ਼ਨਰਜ ਮਹਾਂਸੰਘ ਦੀ ਮਰਿਆਦਾ ਅਤੇ ਏਕਤਾ ਨਾਲ ਕੋਈ ਸਮਝੋਤਾ ਨਹੀਂ

ਮੋਹਾਲੀ (ਪੈ.ਗਾਮ-ਏ-ਜਗਤ)



ਪੰਜਾਬ ਰਾਜ ਪੈਨਸ਼ਨਰਜ ਮਹਾਂਸੰਘ ਦੀ ਹਾਈ ਪਾਵਰ ਕਮੇਟੀ ਦੀ ਇੱਕ ਅਹਿਮ ਮੀਟਿੰਗ ਪੈਨਸ਼ਨ ਭਵਨ, ਲੁਧਿਆਣਾ ਵਿੱਖੇ ਮਹਾਂਸੰਘ ਦੇ ਸੂਬਾ ਪ੍ਰਧਾਨ ਡਾ. ਐਨ.ਕੇ. ਕਲਸੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਜੋਗਿੰਦਰ ਸਿੰਘ, ਧਰਮਪਾਲ, ਜਰਨੈਲ ਸਿੰਘ ਸਿੱਧੂ, ਇੰਜੀ: ਦਲਜੀਤ ਸਿੰਘ ਕੋਹਲੀ, ਦਲਜੀਤ ਸਿੰਘ ਭੁੱਲਰ, ਸੁਸ਼ੀਲ ਕੁਮਾਰ, ਪਵਿੱਤਰ ਸਿੰਘ, ਜੀਤ ਸਿੰਘ ਬੰਗਾ, ਸੁਰਿੰਦਰ ਕੁਮਾਰ ਬਾਲੀਆਂ, ਜਸਵੰਤ ਸਿੰਘ ਕਲਸੀ, ਜੱਸਾ ਸਿੰਘ ਕਦਗਿੱਲ, ਸੁਰਜੀਤ ਸਿੰਘ, ਅਵਤਾਰ ਸਿੰਘ ਤੋਂ ਇਲਾਵਾ ਹੋਰ ਕਈ ਮੈਂਬਰਾਂ ਵੱਲੋਂ ਭਾਗ ਲਿਆ ਗਿਆ।

ਮੀਟਿੰਗ ਦੀ ਕਾਰਵਾਈ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਪ੍ਰਧਾਨ ਡਾ. ਐਨ.ਕੇ. ਕਲਸੀ, ਜਨਰਲ ਸਕੱਤਰ ਜੋਗਿੰਦਰ ਸਿੰਘ ਅਤੇ ਪ੍ਰੈਸ ਸਕੱਤਰ ਗੁਰਬਖਸ਼ ਸਿੰਘ ਵੱਲੋਂ ਦਸਿਆ ਗਿਆ ਕਿ ਮਿਤੀ 22 ਸਤੰਬਰ, 2026 ਨੂੰ ਸ੍ਰੀ ਖਜਾਨ ਚੰਦ, ਸੁਰਿੰਦਰ ਸਿੰਘ ਸੈਇਤਾ, ਰਾਮ ਸਿੰਘ ਕਾਲੜਾ ਅਤੇ ਬੀ ਐਸ ਸੈਣੀ ਵੱਲੋਂ ਆਪਣੇ ਦਸਤਖਤਾਂ ਹੇਠ ਪ੍ਰੈਸ ਅਤੇ ਮੀਡੀਆ ਨੂੰ ਜਾਰੀ ਕੀਤੇ ਗਏ ਬਿਆਨਾਂ ਅਤੇ ਮਿਤੀ 18 ਸਤੰਬਰ, 2026 ਨੂੰ ਪੰਜਾਬ ਦੇ ਮੁੱਖ ਮੰਤਰੀ ਨਾਲ ਹੋਈ ਸਾਂਝੀ ਤਾਲਮੇਲ ਕਮੇਟੀ ਦੀ ਮੀਟਿੰਗ ਸਬੰਧੀ ਕੀਤੀਆਂ ਗਈਆਂ ਇਤਰਾਜਯੋਗ ਟਿਪੱਣੀਆਂ ਬਾਰੇ ਵਿਸਥਾਰ ਸਹਿਤ ਵਿਚਾਰ ਵਿਟਾਂਦਰਾਂ ਕੀਤਾ ਗਿਆ।

ਮੀਟਿੰਗ ਵਿੱਚ ਇਸ ਗੱਲ ਤੇ ਗੰਭੀਰ ਚਿੰਤਾ ਅਤੇ ਅਸਹਿਮਤੀ ਪ੍ਰਗਟ ਕੀਤੀ ਗਈ ਕਿ ਉਕਤ ਬਿਆਨਾਂ ਵਿੱਚ ਮਾਨਯੋਗ ਮੁੱਖ ਮੰਤਰੀ ਜੀ ਵੱਲੋਂ 18% ਦੀ ਥਾਂ ਕੇਵਲ 8% ਡੀਏ ਦੇਣ ਦੇ ਐਲਾਨ ਨੂੰ "ਮੈਚ ਫਿਕਸਿੰਗ", "ਬਿੱਲੀ ਥੈਲਿਓਂ ਬਾਹਰ" ਆਦਿ ਸ਼ਬਦਾਵਲੀ ਦਾ ਪ੍ਰਯੋਗ ਕਰਨਾ ਅਤੇ ਕੋਰਟ ਕੇਸਾਂ ਦੀ ਪੈਰਵਾਈ ਕਰਨ ਸਬੰਧੀ ਇੱਕਤਰ ਰਾਸ਼ੀ ਸਬੰਧੀ ਬੇ–ਬੁਨਿਆਦ, ਬੇ–ਤੁੱਕੀ ਤੇ ਬੇ–ਹੂਦਾ ਬਿਆਨਬਾਜੀ ਨਾਲ ਪੰਜਾਬ ਰਾਜ ਪੈਨਸ਼ਨਰਜ ਮਹਾਂਸੰਘ ਦੀ ਸੰਸਥਾਗਤ ਮਰਿਆਦਾ, ਏਕਤਾ ਅਤੇ ਜਨਤਕ ਛਵੀ ਪ੍ਰਭਾਵਿਤ ਹੋਈ ਹੈ, ਜਿਸ ਦੀ ਸਮੂਹ ਕਮੇਟੀ ਮੈਂਬਰਾਂ ਵੱਲੋਂ ਘੋਰ ਨਿੰਦਾ ਕੀਤੀ ਗਈ।

ਪੰਜਾਬ ਰਾਜ ਪੈਨਸ਼ਨਰਜ ਮਹਾਂਸੰਘ ਇੱਕ ਸੁਸੰਗਠਿਤ ਅਤੇ ਜਿੰਮੇਵਾਰ ਪੈਨਸ਼ਨਰ ਸੰਸਥਾ ਹੈ, ਜੋ ਲੰਬੇ ਸਮੇਂ ਤੋਂ ਪੈਨਸ਼ਨਰਾਂ ਅਤੇ ਮੁਲਾਜਮਾਂ ਦੇ ਹੱਕਾਂ ਲਈ ਲੋਕਤਾਂਤਰਿਕ, ਸੰਵਿਧਾਨਕ ਅਤੇ ਕਾਨੂੰਨੀ ਢੰਗ ਨਾਲ ਸੰਘਰਸ਼ ਕਰਦੀ ਆ ਰਹੀ ਹੈ ਅਤੇ ਸੰਸਥਾ ਦੇ ਕਿਸੇ ਵੀ ਮੈਂਬਰ ਵੱਲੋਂ ਜਨਤਕ ਮੰਚ ਜਾਂ ਮੀਡੀਆ ਰਾਹੀਂ ਕੀਤੀ ਗਈ ਅਜਿਹੀ ਬਿਆਨਬਾਜੀ, ਜਿਸ ਨਾਲ ਸੰਸਥਾ ਦੀ ਮਰਿਆਦਾ ਅਤੇ ਏਕਤਾ ਪ੍ਰਭਾਵਿਤ ਹੋਵੇ, ਨੂੰ ਗੰਭੀਰਤਾ ਨਾਲ ਲੈਣਾ ਅਤੀ ਜਰੂਰੀ ਹੈ।

ਇਸ ਮੌਕੇ ਹਾਈ ਪਾਵਰ ਕਮੇਟੀ ਦੇ ਸਮੂਹ ਮੈਂਬਰਾਂ ਵੱਲੋਂ ਮਹਾਸੰਘ ਦੇ ਸੂਬਾ ਪ੍ਰਧਾਨ ਡਾ: ਐਨ.ਕੇ.ਕਲਸੀ ਦੁਆਰਾ ਸਮੂੱਚੇ ਪੈਨਸ਼ਨਰਾਂ ਦੇ ਹੱਕਾਂ ਲਈ ਕੀਤੀ ਜਾ ਰਹੀ ਪੈਰਵੀ ਅਤੇ ਵਿਸ਼ੇਸ਼ ਤੌਰ ਤੇ ਹਾਈ ਕੋਰਟ ਵਿੱਚ ਚਲ ਰਹੇ ਅਦਾਲਤੀ ਮਾਮਲਿਆਂ ਦੀ ਬਹੁਤ ਸੁਚੱਝੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਕੀਤੀ ਜਾ ਰਹੀ ਪੈਰਵੀ ਕਰਨ ਸਬੰਧੀ ਭਰਪੂਰ ਸ਼ਲਾਘਾ ਕੀਤੀ ਗਈ ਅਤੇ ਉਕਤ ਵਿਅਕਤੀਆਂ ਵੱਲੋਂ ਕੀਤੀ ਗਈ ਨਿਰਾਧਾਰ ਦੂਸ਼ਣਬਾਜੀ ਦੀ ਸ਼ਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।

ਇਸ ਸਮੂਚੇ ਮਾਮਲੇ ਤੇ ਹਰ ਪੱਖ ਤੇ ਵਿਸਥਾਰ ਨਾਲ ਵਿਚਾਰ ਕਰਨ ਉਪਰੰਤ ਹਾਈ ਪਾਵਰ ਕਮੇਟੀ ਵੱਲੋਂ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਸ੍ਰੀ ਖਜਾਨ ਚੰਦ, ਸੁਰਿੰਦਰ ਸਿੰਘ ਸੈਇਤਾ, ਰਾਮ ਸਿੰਘ ਕਾਲੜਾ ਅਤੇ ਬੀ ਐਸ ਸੈਣੀ ਇਹਨਾਂ ਚਾਰ ਮੈਂਬਰਾਂ ਨੂੰ ਪੰਜਾਬ ਰਾਜ ਪੈਨਸ਼ਨਰਜ ਮਹਾਂਸੰਘ ਵਿੱਚੋਂ ਹਮੇਸ਼ਾਂ ਲਈ ਬਰਖਾਸਤ ਕੀਤਾ ਜਾਂਦਾ ਹੈ।

# ਨਗਰ ਕੌਂਸਲ ਤਲਵੰਡੀ ਭਾਈ ਵਿਖੇ ਲਗਾਇਆ ਗਿਆ ਪੌਦਿਆਂ ਦਾ ਲੰਗਰ

ਪੈ.ਗਾਮ-ਏ-ਜਗਤ
ਤਲਵੰਡੀ/ਫਿਰੋਜ਼ਪੁਰ
2 ਅਕਤੂਬਰ (ਗੁਰਮੇਜ ਸਿੰਘ)




• ਇੱਕ ਪੇੜ ਮਾਂ ਕੇ ਨਾਮ ਤਹਿਤ ਲਗਾਏ ਗਏ ਪੌਦੇ

ਪੰਜਾਬ ਸਰਕਾਰ ਅਤੇ ਪੀਐਮਆਈਡੀਸੀ ਦੀਆਂ ਹਦਾਇਤਾਂ ਅਨੁਸਾਰ ਕਾਰਜ ਸਾਧਕ ਅਫਸਰ ਜਗਦੀਸ਼ ਰਾਏ ਗਰਗ ਅਤੇ ਸੁਪਰਡੈਂਟ ਸੈਨੀਟੇਸ਼ਨ ਸੁਖਪਾਲ ਸਿੰਘ ਦੇ ਨਿਰਦੇਸ਼ਾ ਅਨੁਸਾਰ ਸਵੱਛਤਾ ਹੀ ਸੇਵਾ ਮੁਹਿਮ ਗਾਂਧੀ ਜੈਅੰਤੀ ਨੂੰ ਮੁੱਖ ਰੱਖਦੇ ਹੋਏ ਦਫਤਰ ਨਗਰ ਕੌਂਸਲ ਪ੍ਰਧਾਨ ਕਰਨਜੋਤ ਸਿੰਘ ਗਿੱਲ ਦੀ ਅਗਵਾਈ ਵਿੱਚ ਅਤੇ ਉਹਨਾਂ ਦੀ ਸਮੁੱਚੀ ਟੀਮ ਵੱਲੋਂ ਐਮਆਰਐਫ ਸ਼ੈਡ ਅਤੇ ਕੰਪੋਸਟ ਯੂਨਿਟ ਪਲਾਂਟ ਤੇ ਪੌਦਿਆ ਦਾ ਲੰਗਰ ਲਗਾਇਆ ਗਿਆ ਅਤੇ ਇਕ ਪੇੜ ਮਾਂ ਕੇ ਨਾਮ ਤਹਿਤ ਪੌਦੇ ਲਗਾਏ ਗਏ ਅਤੇ ਸ਼ਹਿਰ ਨਿਵਾਸੀਆਂ ਨੂੰ ਵੱਧ ਤੋਂ ਵੱਧ ਪੌਦੇ ਲਾਉਣ ਲਈ ਜਾਗਰੂਕ ਕੀਤਾ ਗਿਆ।

ਇਸ ਦੇ ਨਾਲ ਪ੍ਰੋਗਰਾਮ ਕੋਆਰਡੀਨੇਟਰ ਬਲਰਾਜ ਸਿੰਘ ਵਲੋ ਲੋਕਾਂ ਨੂੰ ਨਗਰ ਕੌਂਸਲ ਵੱਲੋਂ ਗਿੱਲੇ ਕਚਰੇ ਤੋਂ ਤਿਆਰ ਕੀਤੀ ਜਾਂਦੀ ਜੈਵਿਕ ਖਾਦ ਬਾਰੇ ਦਸਿਆ ਗਿਆ ਅਤੇ ਲੋਕਾਂ ਨੂੰ ਬੂਟਿਆਂ ਦੇ ਨਾਲ ਨਾਲ ਮੁਫਤ ਵਿੱਚ ਜੈਵਿਕ ਖਾਦ ਵੰਡੀ ਗਈ ਵੰਡੀ ਗਈ। ਇਸ ਮੌਕੇ ਭਜਨ ਸਿੰਘ ਨੈਸ਼ਨਲ ਐਵਾਰਡੀ ਬ੍ਰਾਂਡ ਅੰਬੈਸਡਰ ਸਵੱਛ ਭਾਰਤ ਮਿਸ਼ਨ ਵੱਲੋਂ ਲੋਕਾਂ ਨੂੰ ਇਸ ਮੁਹਿਮ ਰਹੀ ਕਚਰੇ ਦੀ ਚਾਰ ਤਰ੍ਹਾਂ ਦੀ ਸੈਗਰੀਗੇਸ਼ਨ ਕਰਨ ਬਾਰੇ ਦਸਿਆ ਗਿਆ ਅਤੇ ਬਲਰਾਜ ਸਿੰਘ ਵਲੋ ਕਚਰੇ ਦੀ ਪ੍ਰੋਸੈਸਿੰਗ ਕਰਨ ਅਤੇ ਗਿੱਲੇ ਕਚਰੇ ਤੋਂ ਤਿਆਰ ਕੀਤੀ ਜਾਂਦੀ ਜੈਵਿਕ ਖਾਦ ਬਾਰੇ ਦੱਸਿਆ ਗਿਆ ਅਤੇ ਲੋਕਾਂ ਨੂੰ ਇਸ ਮੁਹਿੰਮ ਦਾ ਵੱਧ ਤੋਂ ਵੱਧ ਸਾਥ ਦੇਣ ਆਪਣਾ ਆਲਾ ਦੁਆਲਾ ਸਾਫ ਰੱਖਣ ਅਤੇ ਇਕ ਪੇੜ ਮਾਂ ਕੇ ਨਾਮ ਤਹਤ ਪੌਦੇ ਲਗਾਉਣ ਦੀ ਅਪੀਲ ਕੀਤੀ ਗਈ ਅਤੇ ਲੋਕਾਂ ਨੂੰ ਤਲਵੰਡੀ ਭਾਈ ਸ਼ਹਿਰ ਨੂੰ ਸਵੱਛ ਅਤੇ ਸੁੰਦਰ ਬਣਾਉਣ ਲਈ ਹਰੇਕ ਉਪਰਾਲਾ ਕਰਨ ਦੀ ਅਪੀਲ ਕੀਤੀ ਗਈ। ਇਸ ਮੌਕੇ ਤੇ ਪ੍ਰਧਾਨ ਨਗਰ ਕੌਂਸਲ ਕਰਨ ਜੋਤ ਸਿੰਘ ਗਿੱਲ, ਅਜੇ ਮੈਣੀ ਆਮ ਆਦਮੀ ਪਾਰਟੀ, ਬਰਾਂਡ ਅੰਬੈਸਡਰ ਸਵਛ ਭਾਰਤ ਮਿਸ਼ਨ ਭਜਨ ਸਿੰਘ ਸਿਆਨ, ਪ੍ਰੋਗਰਾਮ ਕੋਆਰਡੀਨੇਟਰ ਬਲਰਾਜ ਸਿੰਘ, ਮੋਟੀਵੇਟਰ ਰਮਨ ਮਹਿਕ ਵੰਸ਼ ਅਤੇ ਸਮੂਹ ਸਫਾਈ ਸੇਵਕ ਹਾਜ਼ਰ ਸੀ।

# ਪ੍ਰੋਫੈਸਰ ਸਿਮੀ ਅਗਨੀਹੋਤਰੀ ਬਾਰੇ ਟਿੱਪਣੀ ਤੋਂ ਹਿਰੋਲੀ ਵਿੱਚ ਰੋਸ, ਅਜੇ ਜੋਸ਼ੀ ਤੋਂ ਮੁਆਫ਼ੀ ਦੀ ਮੰਗ

ਪੈ.ਗਾਮ-ਏ-ਜਗਤ/ਟਾਹਲੀਵਾਲ/ਊਨਾ
2 ਅਕਤੂਬਰ (ਰਾਜਵੀਰ ਚੋਪੜਾ)

• ਵਕੀਲ ਬੋਲੇ- 17-18 ਅਕਤੂਬਰ ਦੇ ਦੰਗਲ ਵਿੱਚ ਆਏ ਤਾਂ ਕੀਤਾ ਜਾਵੇਗਾ ਪੁਰਜ਼ੋਰ ਵਿਰੋਧ, ਕਾਨੂੰਨੀ ਲੜਾਈ ਵੀ ਲੜਾਂਗੇ



ਮਰਹੂਮ ਪ੍ਰੋਫੈਸਰ ਸਿਮੀ ਅਗਨੀਹੋਤਰੀ ਨੂੰ ਲੈ ਕੇ ਭਾਜਪਾ ਆਗੂ ਅਜੇ ਜੋਸ਼ੀ ਵੱਲੋਂ ਕੀਤੀ ਗਈ ਟਿੱਪਣੀ ਦੇ ਵਿਰੋਧ ਵਿੱਚ ਹਿਰੋਲੀ ਵਿੱਚ ਆਵਾਜ਼ ਉੱਠਣੀ ਸ਼ੁਰੂ ਹੋ ਗਈ ਹੈ। ਵਕੀਲ ਰਣਦੀਪ ਠਾਕੁਰ ਨੇ ਟਿੱਪਣੀ ਦੀ ਸਖ਼ਤ ਨਿੰਦਾ ਕਰਦਿਆਂ ਅਜੇ ਜੋਸ਼ੀ ਤੋਂ ਜਨਤਕ ਤੌਰ 'ਤੇ ਮੁਆਫ਼ੀ ਮੰਗਣ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਰਾਜਨੀਤੀ ਵਿੱਚ ਬੋਲਣ ਤੋਂ ਪਹਿਲਾਂ ਮਰਿਆਦਾ ਦਾ ਧਿਆਨ ਰੱਖਣਾ ਚਾਹੀਦਾ ਹੈ। ਕਿਸੇ ਮਰਹੂਮ ਵਿਅਕਤੀ ਨੂੰ ਲੈ ਕੇ ਇਸ ਤਰ੍ਹਾਂ ਦੀ ਟਿੱਪਣੀ ਕਰਨਾ ਉਚਿਤ ਨਹੀਂ ਹੈ।

ਰਣਦੀਪ ਠਾਕੁਰ ਨੇ ਪ੍ਰੈੱਸ ਬਿਆਨ ਜਾਰੀ ਕਰਕੇ ਕਿਹਾ ਕਿ ਪਿਛਲੇ ਦਿਨ ਅਜੇ ਜੋਸ਼ੀ ਨੇ ਮਰਹੂਮ ਪ੍ਰੋਫੈਸਰ ਸਿਮੀ ਅਗਨੀਹੋਤਰੀ ਨੂੰ ਲੈ ਕੇ ਜੋ ਟਿੱਪਣੀ ਕੀਤੀ, ਉਹ ਉਸ ਦਾ ਸਖ਼ਤ ਵਿਰੋਧ ਕਰਦੇ ਹਨ। ਉਨ੍ਹਾਂ ਕਿਹਾ ਕਿ ਸਿਮੀ ਅਗਨੀਹੋਤਰੀ ਹਿਰੋਲੀ ਦੇ ਲੋਕਾਂ ਲਈ ਸਨਮਾਨ ਦਾ ਵਿਸ਼ਾ ਹਨ। ਉਨ੍ਹਾਂ ਬਾਰੇ ਕੀਤੀ ਗਈ ਟਿੱਪਣੀ ਨਾਲ ਹਿਰੋਲੀ ਦੇ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ। ਉਨ੍ਹਾਂ ਅਜੇ ਜੋਸ਼ੀ ਤੋਂ ਜਨਤਕ ਤੌਰ 'ਤੇ ਮੁਆਫ਼ੀ ਮੰਗਣ ਦੀ ਮੰਗ ਕਰਦਿਆਂ ਕਿਹਾ ਕਿ ਹਿਰੋਲੀ ਵਿੱਚ 17 ਅਤੇ 18 ਅਕਤੂਬਰ ਨੂੰ ਹੋਣ ਵਾਲੇ ਦੰਗਲ ਵਿੱਚ ਉਹ ਸ਼ਾਮਲ ਨਾ ਹੋਣ। ਜੇਕਰ ਉਹ ਦੰਗਲ ਵਿੱਚ ਆਉਂਦੇ ਹਨ ਤਾਂ ਉਨ੍ਹਾਂ ਦਾ ਪੁਰਜ਼ੋਰ ਵਿਰੋਧ ਕੀਤਾ ਜਾਵੇਗਾ। ਕਿਹਾ ਕਿ ਦੰਗਲ ਵਿੱਚ ਪਹਿਲਵਾਨਾਂ ਦਾ ਸਨਮਾਨ ਕੀਤਾ ਜਾਂਦਾ ਹੈ, ਅਪਮਾਨਜਨਕ ਸ਼ਬਦਾਂ ਦਾ ਨਹੀਂ।

ਉਨ੍ਹਾਂ ਕਿਹਾ ਕਿ ਟਿੱਪਣੀ ਦੇ ਵਿਰੋਧ ਵਿੱਚ ਹਰ ਸੰਭਵ ਪੱਧਰ 'ਤੇ ਕਾਨੂੰਨੀ ਲੜਾਈ ਵੀ ਲੜੀ ਜਾਵੇਗੀ। ਉਨ੍ਹਾਂ ਦੀ ਕਾਨੂੰਨੀ ਟੀਮ ਇਸ ਮਾਮਲੇ ਵਿੱਚ ਹਰ ਪੱਖ ਤੋਂ ਕਾਰਵਾਈ ਕਰੇਗੀ। ਟਿੱਪਣੀ ਨੂੰ ਲੈ ਕੇ ਉਹ ਹਰ ਪੱਧਰ 'ਤੇ ਆਪਣਾ ਵਿਰੋਧ ਦਰਜ ਕਰਵਾਉਣਗੇ। ਉਨ੍ਹਾਂ ਕਿਹਾ ਕਿ ਸਿਮੀ ਅਗਨੀਹੋਤਰੀ ਹਿਰੋਲੀ ਦੇ ਲੋਕਾਂ ਲਈ ਮਾਂ ਦੇ ਸਮਾਨ ਹਨ। ਅੱਜ ਉਹ ਲੋਕਾਂ ਦੇ ਵਿਚਕਾਰ ਨਹੀਂ ਹਨ, ਪਰ ਉਨ੍ਹਾਂ ਦੇ ਵਿਚਾਰ, ਵਿਚਾਰਧਾਰਾ ਅਤੇ ਆਸ਼ੀਰਵਾਦ ਅੱਜ ਵੀ ਹਿਰੋਲੀ ਦੇ ਲੋਕਾਂ ਦੇ ਦਿਲਾਂ ਵਿੱਚ ਉਸੇ ਸਨਮਾਨ ਨਾਲ ਮੌਜੂਦ ਹਨ। ਅਜਿਹੇ ਵਿੱਚ ਉਨ੍ਹਾਂ ਬਾਰੇ ਕੀਤੀ ਗਈ ਟਿੱਪਣੀ ਨੂੰ ਲੈ ਕੇ ਲੋਕਾਂ ਵਿੱਚ ਨਾਰਾਜ਼ਗੀ ਸੁਭਾਵਿਕ ਹੈ।

ਠਾਕੁਰ ਨੇ ਕਿਹਾ ਕਿ ਅਜੇ ਜੋਸ਼ੀ ਨੇ ਜੋ ਗੱਲ ਕਹੀ ਹੈ, ਉਹ ਗਲਤ ਹੈ ਅਤੇ ਉਹ ਇਸ ਦੀ ਪੁਰਜ਼ੋਰ ਨਿੰਦਾ ਕਰਦੇ ਹਨ। ਉਨ੍ਹਾਂ ਦੁਹਰਾਇਆ ਕਿ ਅਜੇ ਜੋਸ਼ੀ ਨੂੰ ਇਸ ਮਾਮਲੇ ਵਿੱਚ ਜਨਤਕ ਤੌਰ 'ਤੇ ਮੁਆਫ਼ੀ ਮੰਗਣੀ ਚਾਹੀਦੀ ਹੈ। ਉਨ੍ਹਾਂ ਮੀਡੀਆ ਰਾਹੀਂ ਵੀ ਅਜੇ ਜੋਸ਼ੀ ਨੂੰ ਅਪੀਲ ਕੀਤੀ ਕਿ ਉਹ ਆਪਣੀ ਟਿੱਪਣੀ ਨੂੰ ਲੈ ਕੇ ਸਥਿਤੀ ਸਪੱਸ਼ਟ ਕਰਨ ਅਤੇ ਹਿਰੋਲੀ ਦੇ ਲੋਕਾਂ ਤੋਂ ਜਨਤਕ ਤੌਰ 'ਤੇ ਮੁਆਫ਼ੀ ਮੰਗਣ।

# ਮਹਾਰਾਜਾ ਅਗਰਸੇਨ ਜਯੰਤੀ ਮੌਕੇ ਅਗਰਵਾਲ ਵੈਸ਼ ਸਮਾਜ ਹਰਿਆਣਾ ਕਰਵਾਏਗਾ ਚਿੱਤਰਕਲਾ ਮੁਕਾਬਲਾ : ਜ਼ਿਲ੍ਹਾ ਪ੍ਰਧਾਨ ਰਾਜਿੰਦਰ ਮਿੱਤਲ

ਪੈਗਾਮ-ਏ-ਜਗਤ/ਰਤੀਆ, 2 ਅਕਤੂਬਰ (ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

• 10 ਸਰਵੋਤਮ ਚਿੱਤਰ ਰਾਜ ਪੱਧਰੀ ਇਨਾਮਾਂ ਲਈ ਚੁਣੇ ਜਾਣਗੇ



ਅਗਰਵਾਲ ਵੈਸ਼ ਸਮਾਜ ਹਰਿਆਣਾ ਵੱਲੋਂ ਮਹਾਰਾਜਾ ਅਗਰਸੇਨ ਜਯੰਤੀ ਦੇ ਮੌਕੇ 'ਤੇ ਮਹਾਰਾਜਾ ਅਗਰਸੇਨ ਦੇ ਜੀਵਨ ਚਰਿੱਤਰ ਅਤੇ 'ਇੱਕ ਇੱਟ ਇੱਕ ਰੁਪਇਆ' ਦੇ ਸਿਧਾਂਤ ਨੂੰ ਰਚਨਾਤਮਕਤਾ ਨਾਲ ਜਨ–ਜਨ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਚਿੱਤਰਕਲਾ ਮੁਕਾਬਲਾ ਕਰਵਾਇਆ ਜਾ ਰਿਹਾ ਹੈ।

ਅਗਰਵਾਲ ਵੈਸ਼ ਸਮਾਜ ਫਤਿਹਾਬਾਦ ਦੇ ਜ਼ਿਲ੍ਹਾ ਪ੍ਰਧਾਨ ਰਾਜਿੰਦਰ ਮਿੱਤਲ ਨੇ ਦੱਸਿਆ ਕਿ ਇਹ ਮੁਕਾਬਲਾ ਸੂਬਾ ਪ੍ਰਧਾਨ ਅਸ਼ੋਕ ਬੁਵਾਨੀਵਾਲਾ ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ। ਮੁਕਾਬਲਾ ਦੋ ਉਮਰ ਵਰਗਾਂ ਵਿੱਚ ਕਰਵਾਇਆ ਜਾਵੇਗਾ।

ਇਸ ਤਹਿਤ ਪਹਿਲੇ ਉਮਰ ਵਰਗ ਵਿੱਚ 11 ਤੋਂ 18 ਸਾਲ ਅਤੇ ਦੂਜੇ ਉਮਰ ਵਰਗ ਵਿੱਚ 18 ਤੋਂ 45 ਸਾਲ ਤੱਕ ਦੇ ਭਾਗੀਦਾਰ ਹਿੱਸਾ ਲੈ ਸਕਣਗੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਪ੍ਰਾਪਤ ਹੋਣ ਵਾਲੀਆਂ ਸਾਰੀਆਂ ਪੇਂਟਿੰਗਾਂ ਅਤੇ ਭਾਗੀਦਾਰਾਂ ਦੀ ਪੂਰੀ ਜਾਣਕਾਰੀ 5 ਅਕਤੂਬਰ 2026 ਤੱਕ ਸੂਬਾ ਦਫ਼ਤਰ ਨੂੰ ਭੇਜ ਦਿੱਤੀ ਜਾਵੇਗੀ ਤਾਂ ਜੋ ਸਾਰੀਆਂ ਐਂਟਰੀਆਂ ਨੂੰ ਮੁਕਾਬਲੇ ਵਿੱਚ ਸਮੇਂ ਸਿਰ ਸ਼ਾਮਲ ਕੀਤਾ ਜਾ ਸਕੇ। ਮਿੱਤਲ ਨੇ ਦੱਸਿਆ ਕਿ ਭਾਗੀਦਾਰ ਮਹਾਰਾਜਾ ਅਗਰਸੇਨ ਦੇ ਜੀਵਨ ਚਰਿੱਤਰ ਅਤੇ 'ਇੱਕ ਇੱਟ ਇੱਕ ਰੁਪਇਆ' ਦੇ ਸਿਧਾਂਤ, ਇਨ੍ਹਾਂ ਦੋ ਵਿਸ਼ਿਆਂ ਵਿੱਚੋਂ ਕਿਸੇ ਇੱਕ ਵਿਸ਼ੇ 'ਤੇ ਚਿੱਤਰ ਬਣਾਏਗਾ। ਮੁਕਾਬਲੇ ਲਈ ਲੋੜੀਂਦੀ ਸਮੱਗਰੀ ਭਾਗੀਦਾਰਾਂ ਦੀ ਆਪਣੀ ਹੋਵੇਗੀ। ਚਾਰਟਸ਼ੀਟ ਦਾ ਆਕਾਰ 13 ਗੁਣਾ 21 ਸੈਂਟੀਮੀਟਰ ਹੀ ਮੰਨਿਆ ਜਾਵੇਗਾ। ਚਿੱਤਰ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 5 ਅਕਤੂਬਰ 2026 ਹੋਵੇਗੀ। ਸੂਬਾ ਦਫ਼ਤਰ ਵੱਲੋਂ ਭਾਗੀਦਾਰਾਂ ਦੀਆਂ ਰਚਨਾਵਾਂ ਜ਼ਿਲ੍ਹਾ ਪ੍ਰਧਾਨਾਂ ਰਾਹੀਂ ਹੀ ਮਨਜ਼ੂਰ ਕੀਤੀਆਂ ਜਾਣਗੀਆਂ। ਇਸ ਲਈ ਭਾਗੀਦਾਰ ਆਪਣੇ ਚਿੱਤਰ ਸਬੰਧਤ ਜ਼ਿਲ੍ਹਾ ਪ੍ਰਧਾਨ ਕੋਲ ਹੀ ਜਮ?ਹਾਂ ਕਰਵਾਉਣ। ਚਿੱਤਰ ਦੇ ਨਾਲ ਭਾਗੀਦਾਰ ਦਾ ਨਾਮ, ਪਤਾ ਅਤੇ ਮੋਬਾਈਲ ਨੰਬਰ ਦੇਣਾ ਲਾਜ਼ਮੀ ਹੋਵੇਗਾ। ਮਿੱਤਲ ਨੇ ਦੱਸਿਆ ਕਿ ਮੁਕਾਬਲੇ ਵਿੱਚ ਦੋਵੇਂ ਉਮਰ ਵਰਗਾਂ ਵਿੱਚੋਂ 5–5, ਭਾਵ ਕੁੱਲ 10 ਸਰਵੋਤਮ ਚਿੱਤਰਾਂ ਨੂੰ ਰਾਜ ਪੱਧਰ 'ਤੇ ਇਨਾਮਾਂ ਲਈ ਚੁਣਿਆ ਜਾਵੇਗਾ। ਦੋਵੇਂ ਉਮਰ ਵਰਗਾਂ ਵਿੱਚ ਇਨਾਮੀ ਰਾਸ਼ੀ ਪਹਿਲੇ ਇਨਾਮ ਲਈ 11 ਹਜ਼ਾਰ ਰੁਪਏ, ਦੂਜੇ ਇਨਾਮ ਲਈ 5,100 ਰੁਪਏ, ਤੀਜੇ ਇਨਾਮ ਲਈ 3,100 ਰੁਪਏ ਅਤੇ ਹੌਸਲਾ–ਅਫ਼ਜ਼ਾਈ ਇਨਾਮ ਲਈ 500 ਰੁਪਏ ਹੋਵੇਗੀ। ਮੁਕਾਬਲੇ ਵਿੱਚ ਸਿਰਫ਼ ਹਰਿਆਣਾ ਦੇ ਵਸਨੀਕ ਹੀ ਹਿੱਸਾ ਲੈ ਸਕਣਗੇ।

# ਗਾਂਧੀ ਜਯੰਤੀ ਦੇ ਮੌਕੇ 'ਤੇ ਹਰਬਲ ਪਾਰਕ ਪੰਚਕੂਲਾ ਵਿੱਚ ਐਚਏਯੂ ਟ੍ਰਾਈ ਸਿਟੀ ਐਲੂਮਨੀ ਐਸੋਸੀਏਸ਼ਨ ਨੇ ਚਲਾਈ ਸਫਾਈ ਮੁਹਿੰਮ

ਪੈ.ਗਾਮ-ਏ-ਜਗਤ
ਹਰਿਆਣਾ/ਪੰਚਕੂਲਾ
2 ਅਕਤੂਬਰ (ਦਿਨਕਰ ਗਾਵੜੀ)



ਹਰਿਆਣਾ ਖੇਤੀਬਾੜੀ ਯੂਨੀਵਰਸਿਟੀ ਹਿਸਾਰ ਦੇ ਸਾਬਕਾ ਵਿਦਿਆਰਥੀਆਂ ਦੀ ਐਸੋਸੀਏਸ਼ਨ ਦੇ ਮੈਂਬਰ, ਜੋ ਪੰਚਕੂਲਾ ਅਤੇ ਆਸ-ਪਾਸ ਰਹਿੰਦੇ ਹਨ, ਨੇ ਅੱਜ 2 ਅਕਤੂਬਰ ਨੂੰ ਗਾਂਧੀ ਜਯੰਤੀ ਦੇ ਮੌਕੇ 'ਤੇ ਪੰਚਕੂਲਾ ਸੈਕਟਰ 26 ਸਥਿਤ ਹਰਬਲ ਪਾਰਕ ਵਿੱਚ ਸਫਾਈ ਮੁਹਿੰਮ ਚਲਾਈ। ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਡਾ. ਬੀ. ਐਸ. ਦੁੱਗਲ, ਸਲਾਹਕਾਰ ਡਾ. ਯਸ਼ਪਾਲ ਵਰਮਾ, ਸੀਨੀਅਰ ਮੈਂਬਰ ਓ. ਪੀ. ਸਿਹਾਗ, ਜਨਰਲ ਸਕੱਤਰ ਰੋਹਤਾਸ ਰਮਨ, ਕਾਰਜਕਾਰੀ ਮੈਂਬਰ ਸੁਰਿੰਦਰ ਚੱਢਾ, ਸਾਬਕਾ ਪ੍ਰਧਾਨ ਮਹਿੰਦਰ ਸਾਂਗਵਾਨ, ਕੇ. ਕੇ. ਮਾਨਵ, ਡਾ. ਰਾਜੇਂਦਰ ਸੋਲੰਕੀ, ਸੰਜੀਵ ਛਿੱਲਰ, ਅਸ਼ੋਕ ਕੁਮਾਰ ਆਦਿ ਮੈਂਬਰਾਂ ਨੇ ਸਫਾਈ ਮੁਹਿੰਮ ਵਿੱਚ ਵੱਧ–ਚੜ੍ਹ ਕੇ ਹਿੱਸਾ ਲਿਆ। ਡਾ. ਬੀ. ਐਸ. ਦੁੱਗਲ, ਡਾ. ਯਸ਼ ਪਾਲ ਵਰਮਾ ਅਤੇ ਓ. ਪੀ. ਸਿਹਾਗ ਨੇ ਕਿਹਾ ਕਿ ਰਾਸ਼ਟਰਪਿਤਾ ਮਹਾਤਮਾ ਗਾਂਧੀ ਜੀ ਸਫਾਈ ਨੂੰ ਬਹੁਤ ਜ਼ਿਆਦਾ ਮਹੱਤਵ ਦਿੰਦੇ ਸਨ। ਉਹ ਹਮੇਸ਼ਾ ਕਹਿੰਦੇ ਸਨ ਕਿ ਜਿੱਥੇ ਸਫਾਈ ਹੁੰਦੀ ਹੈ, ਉੱਥੇ ਭਗਵਾਨ ਦਾ ਵਾਸ ਹੁੰਦਾ ਹੈ। ਸਾਰੇ ਸੀਨੀਅਰ ਮੈਂਬਰਾਂ ਨੇ ਪੰਚਕੂਲਾ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਸ਼ਹਿਰ ਅਤੇ ਪੂਰੇ ਇਲਾਕੇ ਨੂੰ ਸਾਫ਼–ਸੁਥਰਾ ਰੱਖਣ ਵਿੱਚ ਆਪਣਾ ਯੋਗਦਾਨ ਪਾਉਣ।

ਇਸ ਮੌਕੇ ਐਚਏਯੂ ਟ੍ਰਾਈ ਸਿਟੀ ਐਲੂਮਨੀ ਐਸੋਸੀਏਸ਼ਨ ਦੇ ਮੈਂਬਰਾਂ ਨੇ ਪੂਰੇ ਪਾਰਕ ਵਿੱਚੋਂ ਕਾਫ਼ੀ ਮਾਤਰਾ ਵਿੱਚ ਪੋਲੀਥੀਨ, ਖਾਲੀ ਪਲਾਸਟਿਕ ਦੀਆਂ ਬੋਤਲਾਂ, ਪਾਨ–ਗੁਟਖਾ ਦੇ ਪਾਊਚ ਅਤੇ ਹੋਰ ਗੰਦਗੀ ਸਾਫ਼ ਕੀਤੀ।

# 'ਖੇਡਾਂ ਵਤਨ ਪੰਜਾਬ ਦੀਆਂ-2026' (ਸੀਜ਼ਨ-4) ਤਹਿਤ ਜ਼ਿਲ੍ਹਾ ਪੱਧਰੀ ਖੇਡਾਂ ਦਾ ਆਗਾਜ਼

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, 2 ਅਕਤੂਬਰ (ਪੈ.ਗਾਮ-ਏ-ਜਗਤ)**

- ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨ ਲਈ 'ਖੇਡਾਂ ਵਤਨ ਪੰਜਾਬ ਦੀਆਂ' ਸਰਕਾਰ ਦਾ ਪ੍ਰਮੁੱਖ ਉਪਰਾਲਾ: ਵਿਧਾਇਕ



'ਖੇਡਾਂ ਵਤਨ ਪੰਜਾਬ ਦੀਆਂ-2026' (ਸੀਜ਼ਨ-4) ਤਹਿਤ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਵਿੱਚ ਜ਼ਿਲ੍ਹਾ ਪੱਧਰੀ ਖੇਡਾਂ ਦਾ ਅੱਜ ਸ਼ਾਨਦਾਰ ਆਗਾਜ਼ ਹੋਇਆ। ਮੋਹਾਲੀ ਦੇ ਸੈਕਟਰ-78 ਸਥਿਤ ਖੇਡ ਕੰਪਲੈਕਸ ਵਿਖੇ ਐਮ.ਐਲ.ਏ. ਮੋਹਾਲੀ ਸ੍ਰੀ ਕੁਲਵੰਤ ਸਿੰਘ ਅਤੇ ਐਮ.ਐਲ.ਏ. ਡੇਰਾਬੱਸੀ ਸ੍ਰੀ ਕੁਲਜੀਤ ਸਿੰਘ ਰੰਧਾਵਾ ਨੇ ਸਾਂਝੇ ਤੌਰ 'ਤੇ ਇਨ੍ਹਾਂ ਖੇਡਾਂ ਦਾ ਉਦਘਾਟਨ ਕੀਤਾ।

ਇਸ ਮੌਕੇ ਵਿਧਾਇਕਾਂ ਨੇ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਲਈ ਪੰਜਾਬ ਸਰਕਾਰ ਦਾ ਇੱਕ ਪ੍ਰਮੁੱਖ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਖੇਡਾਂ ਨੇ ਸੂਬੇ ਦੇ ਖਿਡਾਰੀਆਂ ਨੂੰ ਜ਼ਿਲ੍ਹਾ ਅਤੇ ਸੂਬਾ ਪੱਧਰ ਤੋਂ ਅੱਗੇ ਕੌਮੀ ਤੇ ਕੌਮਾਂਤਰੀ ਪੱਧਰ ਦੇ ਮੁਕਾਬਲਿਆਂ ਲਈ ਤਿਆਰ ਹੋਣ ਦਾ ਮੌਕਾ ਦਿੱਤਾ ਹੈ। ਐਮ.ਐਲ.ਏ. ਮੋਹਾਲੀ ਕੁਲਵੰਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ ਕੌਮੀ ਅਤੇ ਕੌਮਾਂਤਰੀ ਪੱਧਰ ਦੇ ਖੇਡ ਮੁਕਾਬਲਿਆਂ ਲਈ ਤਿਆਰ ਕਰਨ ਵਾਸਤੇ 'ਖੇਡਾਂ ਵਤਨ ਪੰਜਾਬ ਦੀਆਂ' ਦਾ ਮੰਚ ਬਹੁਤ ਮਹੱਤਵਪੂਰਨ ਸਾਬਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਖੇਡਾਂ ਵਿੱਚ ਅੰਡਰ-14 ਵਰਗ ਤੋਂ ਲੈ ਕੇ 70 ਸਾਲ ਤੋਂ ਵੱਧ ਉਮਰ ਦੇ ਖਿਡਾਰੀ ਵੀ ਭਾਗ ਲੈ ਸਕਦੇ ਹਨ ਅਤੇ ਜੇਤੂ ਖਿਡਾਰੀਆਂ ਲਈ ਨਗਦ ਇਨਾਮ ਵੀ ਰੱਖੇ ਗਏ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੌਮਾਂਤਰੀ ਪੱਧਰ ਦੇ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਸੂਬੇ ਦੇ ਖਿਡਾਰੀਆਂ ਨੂੰ ਤਿਆਰੀ ਲਈ ਰਾਸ਼ੀ ਮੁਹੱਈਆ ਕਰਵਾਉਣ ਦਾ ਵੀ ਉਪਰਾਲਾ ਕੀਤਾ ਗਿਆ ਹੈ। ਇਸ ਤੋਂ ਇਲਾਵਾ ਕੌਮਾਂਤਰੀ ਮੁਕਾਬਲਿਆਂ ਵਿੱਚ ਤਮਗੇ ਜਿੱਤ ਕੇ ਸੂਬੇ ਦਾ ਨਾਮ ਰੌਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਉੱਚ ਸਰਕਾਰੀ ਅਹੁਦਿਆਂ 'ਤੇ ਨੌਕਰੀਆਂ ਦੇਣ ਦੀ ਨੀਤੀ ਵੀ ਲਾਗੂ ਕੀਤੀ ਜਾ ਰਹੀ ਹੈ।

ਐਮ.ਐਲ.ਏ. ਡੇਰਾਬੱਸੀ ਸ੍ਰੀ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਬਪੱਖੀ ਵਿਕਾਸ ਦੇ ਨਾਲ-ਨਾਲ ਖੇਡਾਂ ਅਤੇ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਮਿਆਰੀ ਸਿੱਖਿਆ ਅਤੇ ਸਿਹਤ ਸਹੂਲਤਾਂ ਦੇਣ ਦੇ ਨਾਲ-ਨਾਲ ਵਧੀਆ ਸੜਕੀ ਢਾਂਚਾ ਵਿਕਸਤ ਕਰਨ ਅਤੇ ਖੇਡਾਂ ਲਈ ਢੁਕਵਾਂ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ 3100 ਤੋਂ ਵੱਧ ਪੇਂਡੂ ਖੇਡ ਮੈਦਾਨ ਬਣਾਏ ਜਾ ਰਹੇ ਹਨ ਤਾਂ ਜੋ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਉਨ੍ਹਾਂ ਦੀ ਊਰਜਾ ਨੂੰ ਉਸਾਰੂ ਦਿਸ਼ਾ ਵਿੱਚ ਲਾਇਆ ਜਾ ਸਕੇ ਅਤੇ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਦੇ ਖੇਤਰ ਵਿੱਚ ਪੰਜਾਬ ਦਾ ਨਾਮ ਰੌਸ਼ਨ ਕਰਨ।

ਜ਼ਿਲ੍ਹਾ ਪੱਧਰੀ 'ਖੇਡਾਂ ਵਤਨ ਪੰਜਾਬ ਦੀਆਂ-2026' ਦੇ ਮੁਕਾਬਲੇ 2 ਅਕਤੂਬਰ ਤੋਂ 6 ਅਕਤੂਬਰ ਤੱਕ ਜ਼ਿਲ੍ਹੇ ਵਿੱਚ ਨਿਰਧਾਰਤ ਵੱਖ-ਵੱਖ ਖੇਡ ਸਥਾਨਾਂ 'ਤੇ ਕਰਵਾਏ ਜਾਣਗੇ।

# 'ਮਿੱਟੀ ਮੁੜ ਵਾਜਾਂ ਮਾਰਦੀ-3' ਰਾਹੀਂ ਡਾ. ਗੁਰਜੀਤ ਸਿੰਘ ਬਰਾੜ ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਵੱਲੋਂ NRI ਨੂੰ ਪੰਜਾਬ ਵਿੱਚ ਨਿਵੇਸ਼ ਲਈ ਸੱਦਾ

**ਮੁਹਾਲੀ, 2 ਅਕਤੂਬਰ (ਪੈ.ਗਾਮ-ਏ-ਜਗਤ)**

ਪੰਜਾਬ ਵਿੱਚ ਨਿਵੇਸ਼ ਅਤੇ ਕਾਰੋਬਾਰ ਦੀਆਂ ਸੰਭਾਵਨਾਵਾਂ ਨਾਲ ਪ੍ਰਵਾਸੀ ਭਾਰਤੀਆਂ ਨੂੰ ਜੋੜਨ ਦੇ ਉਦੇਸ਼ ਨਾਲ NRI ਸੇਤੂ, PTPC, ਇੰਡੀਆ ਚੈਂਬਰ ਆਫ ਇੰਟਰਨੈਸ਼ਨਲ ਬਿਜ਼ਨਸ ਅਤੇ ਆਪਣੀ ਖੇਤੀ ਵੱਲੋਂ ਸਾਂਝੇ ਤੌਰ 'ਤੇ "ਮਿੱਟੀ ਮੁੜ ਵਾਜਾਂ ਮਾਰਦੀ-3" ਵਿਸ਼ੇ ਤਹਿਤ ਆਨਲਾਈਨ ਵੈਬਿਨਾਰ ਕਰਵਾਇਆ ਗਿਆ। ਇਸ ਵੈਬਿਨਾਰ ਵਿੱਚ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ NRI, ਉਦਯੋਗਪਤੀਆਂ ਅਤੇ ਪੰਜਾਬ ਵਿੱਚ ਨਿਵੇਸ਼ ਕਰਨ ਦੇ ਇੱਛੁਕ ਲੋਕਾਂ ਨੇ ਹਿੱਸਾ ਲਿਆ।

ਵੈਬਿਨਾਰ ਦੇ ਮੁੱਖ ਮਹਿਮਾਨ ਡਾ. ਗੁਰਜੀਤ ਸਿੰਘ ਬਰਾੜ, ਡਾਇਰੈਕਟਰ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਨੇ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਖੇਤੀਬਾੜੀ ਸਕੀਮਾਂ, Agriculture Infrastructure Fund (AIF) ਅਤੇ ਸਕਿੱਲ ਡਿਵੈਲਪਮੈਂਟ ਸੈਂਟਰਾਂ ਰਾਹੀਂ ਨੌਜਵਾਨਾਂ ਲਈ ਉਪਲਬਧ ਮੌਕਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਫਸਲੀ ਵਿਭਿੰਨਤਾ ਦੀ ਮਹੱਤਤਾ ਬਾਰੇ ਗੱਲ ਕਰਦਿਆਂ ਕਿਸਾਨਾਂ ਨੂੰ ਰਵਾਇਤੀ ਫਸਲਾਂ ਦੇ ਨਾਲ-ਨਾਲ ਤੇਲ ਬੀਜ ਫਸਲਾਂ ਦੀ ਕਾਸ਼ਤ ਵੱਲ ਵੀ ਧਿਆਨ ਦੇਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਉਦਯੋਗ ਅਤੇ ਨਿਵੇਸ਼ ਨੂੰ ਉਤਸ਼ਾਹਿਤ ਕਰਨ ਲਈ ਅਨੁਕੂਲ ਮਾਹੌਲ ਸਿਰਜਣ ਵੱਲ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

ਵੈਬਿਨਾਰ ਦੀ ਅਗਵਾਈ ਸ਼੍ਰੀ ਬਾਲ ਮੁਕੰਦ ਸ਼ਰਮਾ, ਚੀਫ ਪੈਟਰਨ, PTPC ਅਤੇ ਸਾਬਕਾ ਚੇਅਰਮੈਨ, ਪੰਜਾਬ ਸਟੇਟ ਫੂਡ ਕਮਿਸ਼ਨ ਨੇ ਕੀਤੀ। ਉਨ੍ਹਾਂ ਕਿਹਾ ਕਿ PTPC ਦਾ ਮੁੱਖ ਉਦੇਸ਼ ਪੰਜਾਬ ਦੇ ਨੌਜਵਾਨਾਂ ਨੂੰ ਖੇਤੀ ਉਤਪਾਦਾਂ ਦੀ ਪ੍ਰੋਸੈਸਿੰਗ ਅਤੇ ਮੰਡੀਕਰਨ ਨਾਲ ਜੋੜ ਕੇ ਉਨ੍ਹਾਂ ਨੂੰ ਕਾਮਯਾਬ ਉੱਦਮੀ ਬਣਾਉਣ ਵਿੱਚ ਸਹਿਯੋਗ ਦੇਣਾ ਹੈ। ਉਨ੍ਹਾਂ ਦੱਸਿਆ ਕਿ PTPC ਰਾਹੀਂ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਨੌਜਵਾਨਾਂ ਵੱਲੋਂ ਤਿਆਰ ਕੀਤੇ ਖੇਤੀ ਉਤਪਾਦਾਂ ਨੂੰ ਵਿਦੇਸ਼ੀ ਬਾਜ਼ਾਰਾਂ ਤੱਕ ਪਹੁੰਚਾਉਣ ਅਤੇ ਨਿਰਯਾਤ ਦੇ ਮੌਕੇ ਪੈਦਾ ਕਰਨ ਲਈ ਵੀ ਯਤਨ ਕੀਤੇ ਜਾਣਗੇ।

NRI ਸੇਤੂ ਦੇ CEO ਗੁਰਮਿੰਦਰ ਮਦਾਨ ਨੇ ਕਿਹਾ ਕਿ ਸੰਸਥਾ ਦਾ ਉਦੇਸ਼ ਵਿਦੇਸ਼ਾਂ ਵਿੱਚ ਵੱਸਦੇ ਭਾਰਤੀਆਂ ਨੂੰ ਮੁੜ ਪੰਜਾਬ ਨਾਲ ਜੋੜਨਾ ਅਤੇ ਉਨ੍ਹਾਂ ਨੂੰ ਇੱਥੇ ਕਾਰੋਬਾਰ ਸਥਾਪਤ ਕਰਨ, ਨਿਵੇਸ਼ ਕਰਨ ਅਤੇ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਲਈ ਸਹਿਯੋਗ ਦੇਣਾ ਹੈ। ਉਨ੍ਹਾਂ ਦੱਸਿਆ ਕਿ NRI ਸੇਤੂ ਵੱਲੋਂ ਨਿਵੇਸ਼ਕਾਂ ਨੂੰ ਯੋਜਨਾ ਬਣਾਉਣ ਤੋਂ ਲੈ ਕੇ ਪ੍ਰੋਜੈਕਟ ਸ਼ੁਰੂ ਕਰਨ ਤੱਕ ਹੈਂਡਹੋਲਡਿੰਗ ਅਤੇ ਲੋੜੀਂਦਾ ਮਾਰਗਦਰਸ਼ਨ ਮੁਹੱਈਆ ਕਰਵਾਇਆ ਜਾਵੇਗਾ।

ਇੰਡੀਆ ਚੈਂਬਰ ਆਫ ਇੰਟਰਨੈਸ਼ਨਲ ਬਿਜ਼ਨਸ (ICIB) ਦੇ ਡਾ. ਹਰਿੰਦਰ ਸਿੰਘ ਨੇ ਡੇਅਰੀ, ਐਗਰੋ-ਪ੍ਰੋਸੈਸਿੰਗ ਅਤੇ ਪੇਂਡੂ ਉਦਯੋਗਾਂ ਵਿੱਚ ਨਿਵੇਸ਼ ਦੀਆਂ ਸੰਭਾਵਨਾਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ICIB ਦੇ ਪ੍ਰਧਾਨ ਮਨਪ੍ਰੀਤ ਸਿੰਘ ਨੇ ਵੀਡੀਓ ਸੰਦੇਸ਼ ਰਾਹੀਂ ਵੈਬਿਨਾਰ ਨਾਲ ਜੁੜੇ NRI ਭਾਈਚਾਰੇ ਨੂੰ ICIB ਦੀ ਭੂਮਿਕਾ ਅਤੇ ਇਸ ਦੀਆਂ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ।

ਇਸੇ ਦੌਰਾਨ 'ਆਪਣੀ ਖੇਤੀ' ਦੇ ਸਹਿ-ਸੰਸਥਾਪਕ ਹੁਨਰ ਬਰਾੜ ਨੇ ਆਧੁਨਿਕ ਖੇਤੀਬਾੜੀ, ਹਾਰਟੀਕਲਚਰ, ਵੈਲਿਊ ਐਡੀਸ਼ਨ ਅਤੇ ਖੇਤੀਬਾੜੀ ਆਧਾਰਿਤ ਉਦਯੋਗਾਂ ਵਿੱਚ ਉੱਭਰ ਰਹੇ ਮੌਕਿਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਖੇਤੀ ਨੂੰ ਸਿਰਫ਼ ਉਤਪਾਦਨ ਤੱਕ ਸੀਮਤ ਨਾ ਰੱਖ ਕੇ ਇਸ ਨੂੰ ਪ੍ਰੋਸੈਸਿੰਗ, ਵੈਲਿਊ ਐਡੀਸ਼ਨ ਅਤੇ ਮਾਰਕੀਟ ਨਾਲ ਜੋੜਨ ਦੀਆਂ ਸੰਭਾਵਨਾਵਾਂ ਬਾਰੇ ਵੀ ਚਰਚਾ ਕੀਤੀ।

ਵੈਬਿਨਾਰ ਦੇ ਅੰਤ ਵਿੱਚ NRI ਸੇਤੂ ਦੇ CEO ਗੁਰਮਿੰਦਰ ਮਦਾਨ ਨੇ ਭਾਗੀਦਾਰਾਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਦਿੱਤੇ। ਵੈਬਿਨਾਰ ਨਾਲ ਜੁੜੇ NRI ਭਾਗੀਦਾਰਾਂ ਨੇ ਇਸ ਪਹਿਲ ਨੂੰ ਲਾਭਦਾਇਕ ਦੱਸਿਆ ਅਤੇ ਭਵਿੱਖ ਵਿੱਚ ਵੀ ਪੰਜਾਬ ਵਿੱਚ ਨਿਵੇਸ਼, ਖੇਤੀਬਾੜੀ ਅਤੇ ਕਾਰੋਬਾਰੀ ਮੌਕਿਆਂ ਸਬੰਧੀ ਇਸ ਤਰ੍ਹਾਂ ਦੇ ਮਾਰਗਦਰਸ਼ਨ ਪ੍ਰੋਗਰਾਮ ਕਰਵਾਉਣ ਦੀ ਲੋੜ 'ਤੇ ਜ਼ੋਰ ਦਿੱਤਾ।

ਵੈਬੀਨਾਰ ਦੇ ਅਖੀਰ ਵਿੱਚ ਡਾ ਹਰਿੰਦਰ ਸਿੰਘ, ਚੇਅਰਮੈਨ 9392, ਇੰਟਰਨੈਸ਼ਨਲ ਰਿਲੇਸ਼ਨ ਕਮੇਟੀ ਪੰਜਾਬ ਨੇ ਬਾਲ ਮੁਕੰਦ ਸ਼ਰਮਾ ਜੀ ਅਤੇ ਸਾਰੇ ਬੁਲਾਰਿਆ ਦਾ ਵੈਬੀਨਾਰ ਵਿੱਚ ਸ਼ਾਮਿਲ ਹੋਣ ਲਈ ਧੰਨਵਾਦ ਕੀਤਾ।

# ਚੰਡੀਗੜ੍ਹ ਵਿੱਚ 'ਵਾਕਾਥੌਨ' ਨਾਲ 'ਵਣਜੀਵ ਸਪਤਾਹ 2026' ਦੀ ਸ਼ਾਨਦਾਰ ਸ਼ੁਰੂਆਤ

**ਪੈ.ਗਾਮ-ਏ-ਜਗਤ ਚੰਡੀਗੜ੍ਹ, 2 ਅਕਤੂਬਰ (ਹਰਮਿੰਦਰ ਸਿੰਘ ਨਾਗਪਾਲ)**

- ਕੁਦਰਤੀ ਆਵਾਸਾਂ ਦੀ ਸੰਭਾਲ 'ਤੇ ਵਿਸ਼ੇਸ਼ ਜ਼ੋਰ, ਉਦਘਾਟਨੀ ਸਮਾਰੋਹ ਦੌਰਾਨ ਯੂ.ਟੀ. ਚੰਡੀਗੜ੍ਹ ਦੀ ਵਣਜੀਵ ਸਰਵੇਖਣ ਰਿਪੋਰਟ ਕੀਤੀ ਗਈ ਜਾਰੀ



ਵਣ ਅਤੇ ਵਣਜੀਵ ਵਿਭਾਗ, ਯੂ.ਟੀ. ਚੰਡੀਗੜ੍ਹ ਵੱਲੋਂ ਹਫ਼ਤਾ ਭਰ ਚੱਲਣ ਵਾਲੇ 'ਵਾਈਲਡਲਾਈਫ ਵੀਕ 2026' (ਜੰਗਲੀ ਜੀਵ ਹਫ਼ਤਾ) ਦਾ ਸ਼ਾਨਦਾਰ ਆਗਾਜ਼ ਕੀਤਾ ਗਿਆ। ਇਸ ਸਾਲ ਦਾ ਇਹ ਸਮਾਰੋਹ "ਕਨੈਕਟਿੰਗ ਹੈਬਿਟੈਟਸ, ਥ੍ਰਾਇਵਿੰਗ ਵਾਇਲਡਲਾਇਫ" ਵਿਸ਼ੇ 'ਤੇ ਆਧਾਰਿਤ ਇੱਕ ਜਾਗਰੂਕਤਾ 'ਵਾਕਾਥੌਨ' ਨਾਲ ਸ਼ੁਰੂ ਹੋਇਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਕੁਦਰਤੀ ਆਵਾਸਾਂ ਦੀ ਸੰਭਾਲ?, ਵਾਤਾਵਰਣਕ ਸੰਪਰਕ ਬਣਾਈ ਰੱਖਣ ਅਤੇ ਜੰਗਲੀ ਜੀਵਾਂ ਦੀ ਸੁਰੱਖਿਆ ਵਿੱਚ ਆਮ ਲੋਕਾਂ ਦੀ ਭਾਗੀਦਾਰੀ ਨੂੰ ਵਧਾਉਣਾ ਹੈ।

ਇਹ ਵਾਕਾਥੌਨ ਸੁਖਨਾ ਝੀਲ ਦੇ ਰੈਗੂਲੇਟਰੀ ਐਂਡ ਤੋਂ ਸ਼ੁਰੂ ਹੋ ਕੇ ਮਨਮੋਹਕ 'ਲੇਕ ਰਿਜ਼ਰਵ ਫੌਰੈਸਟ' ਵਿੱਚੋਂ ਲੰਘਦੀ ਹੋਈ ਚੰਡੀਗੜ੍ਹ ਬਰਡ ਪਾਰਕ ਦੇ ਨੇੜੇ ਸੰਪੰਨ ਹੋਈ। ਸਮਾਗਮ ਵਿੱਚ ਸੈਂਕੜੇ ਐੱਨ.ਐੱਸ.ਐੱਸ. ਵਲੰਟੀਅਰਾਂ, ਸਕੂਲਾਂ-ਕਾਲਜਾਂ ਦੇ ਵਿਦਿਆਰਥੀਆਂ, ਕੁਦਰਤ ਪ੍ਰੇਮੀਆਂ, ਗ਼ੈਰ-ਸਰਕਾਰੀ ਸੰਗਠਨਾਂ ਦੇ ਪ੍ਰਤੀਨਿਧੀਆਂ, ਸਿਵਲ ਸੋਸਾਇਟੀ ਦੇ ਮੈਂਬਰਾਂ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਭਾਰੀ ਉਤਸ਼ਾਹ ਨਾਲ ਹਿੱਸਾ ਲਿਆ। ਇਸ ਭਾਰੀ ਇਕੱਠ ਨੇ ਚੰਡੀਗੜ੍ਹ ਦੀ ਸਮ੍ਰਿੱਧ ਕੁਦਰਤੀ ਵਿਰਾਸਤ ਨੂੰ ਬਚਾਉਣ ਲਈ ਸਮੁਦਾਇ ਦੀ ਵਧਦੀ ਰੁਚੀ ਅਤੇ ਸਮੂਹਿਕ ਪ੍ਰਤੀਬੱਧਤਾ ਨੂੰ ਸਾਫ਼ ਦਰਸਾਇਆ।

ਉਦਘਾਟਨੀ ਸਮਾਰੋਹ ਦੌਰਾਨ ਯੂ.ਟੀ. ਚੰਡੀਗੜ੍ਹ ਦੇ ਮੁੱਖ ਸਕੱਤਰ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਆਪਣੇ ਸੰਬੋਧਨ ਵਿੱਚ ਉਨ੍ਹਾਂ ਕਿਹਾ, ਚੰਡੀਗੜ੍ਹ ਦੀ ਸਮ੍ਰਿੱਧ ਕੁਦਰਤੀ ਵਿਰਾਸਤ ਸਾਡੇ ਨਿਰੰਤਰ ਯਤਨਾਂ ਅਤੇ ਵਾਤਾਵਰਣਕ ਸੰਤੁਲਨ ਦਾ ਨਤੀਜਾ ਹੈ। ਕੁਦਰਤੀ ਗਲਿਆਰਿਆਂ ਨੂੰ ਆਪਸ ਵਿੱਚ ਜੋੜਨਾ ਅਤੇ ਲੋਕਾਂ ਨੂੰ ਨਾਲ ਜੋੜਨਾ ਅਜਿਹਾ ਕਦਮ ਹੈ, ਜੋ ਇਹ ਸੁਨਿਸ਼ਚਿਤ ਕਰੇਗਾ ਕਿ ਸਾਡਾ ਸ਼ਹਿਰੀ ਵਾਤਾਵਰਣ ਆਉਣ ਵਾਲੀਆਂ ਪੀੜ੍ਹੀਆਂ ਲਈ ਜੰਗਲੀ ਜੀਵਾਂ ਨਾਲ ਸੁਹਿਰਦਤਾ ਨਾਲ ਸਹਿਹੋਂਦ ਬਣਾ ਕੇ ਰੱਖੇ।

ਇਸ ਪ੍ਰੋਗਰਾਮ ਦਾ ਇੱਕ ਮੁੱਖ ਆਕਰਸ਼ਣ ਸਰਵੇ ਰਿਪੋਰਟ ਆਵ ਵਾਇਲਡਲਾਇਫ ਆਵ ਯੂ.ਟੀ. ਚੰਡੀਗੜ੍ਹ ਨੂੰ ਜਾਰੀ ਕਰਨਾ ਰਿਹਾ, ਜਿਸ ਵਿੱਚ ਸ਼ਹਿਰ ਵਿੱਚ ਕੀਤੀ ਗਈ ਜੰਗਲੀ ਜੀਵ ਗਣਨਾ ਦੇ ਮਹੱਤਵਪੂਰਨ ਨਿਸ਼ਕਰਸ਼ ਪੇਸ਼ ਕੀਤੇ ਗਏ ਹਨ। ਇਹ ਰਿਪੋਰਟ ਭਵਿੱਖ ਵਿੱਚ ਵਿਗਿਆਨਿਕ ਸੰਭਾਲ ਯੋਜਨਾਵਾਂ ਅਤੇ ਜੀਵਾਂ ਦੀ ਨਿਗਰਾਨੀ ਲਈ ਬਹੁਤ ਲਾਹੇਵੰਦ ਸਾਬਤ ਹੋਵੇਗੀ। ਇਸ ਤੋਂ ਇਲਾਵਾ, ਇੱਕ ਨਰੋਈ ਅਤੇ ਟਿਕਾਊ ਜੀਵਨਸ਼ੈਲੀ 'ਤੇ ਕੇਂਦ੍ਰਿਤ ਮੈਗਜ਼ੀਨ 'ਪਹਲ' ਅਤੇ ਚੰਡੀਗੜ੍ਹ ਪ੍ਰਦੂਸ਼ਣ ਕੰਟਰੋਲ ਕਮੇਟੀ ਦਾ ਵਿਸ਼ੇਸ਼ ਬੁਲੇਟਿਨ ਵੀ ਜਾਰੀ ਕੀਤਾ ਗਿਆ।

ਵਿਭਾਗ ਵੱਲੋਂ ਵਾਤਾਵਰਣ ਅਤੇ ਜੰਗਲੀ ਜੀਵ ਸੰਭਾਲ ਦੇ ਖੇਤਰ ਵਿੱਚ ਸ਼ਲਾਘਾਯੋਗ ਯੋਗਦਾਨ ਪਾਉਣ ਬਦਲੇ ਸੁਸ਼੍ਰੀ ਗੀਤਾਂਜਲੀ ਕੰਵਰ (ਸੀਨੀਅਰ ਕੋਆਰਡੀਨੇਟਰ, WWF), ਕੁਲਭੂਸ਼ਣ ਕੰਵਰ ਅਤੇ ਵਿਕਰਮਜੀਤ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਪੂਰੇ ਹਫ਼ਤੇ ਦੌਰਾਨ ਬਟਰਫਲਾਈ ਪਾਰਕ ਵਿਖੇ 'ਬਟਰਫਲਾਈ ਵਾਕ', ਸਿਟੀ ਫੋਰੈਸਟ ਵਿੱਚ 'ਬਰਡ ਵਾਚਿੰਗ', ਬੋਟੈਨੀਕਲ ਗਾਰਡਨ ਵਿਖੇ ਪੇਂਟਿੰਗ ਤੇ ਕੁਇਜ਼ ਮੁਕਾਬਲੇ ਅਤੇ ਨੁੱਕੜ ਨਾਟਕ ਵਰਗੀਆਂ ਕਈ ਗਤੀਵਿਧੀਆਂ ਆਯੋਜਿਤ ਕੀਤੀਆਂ ਜਾਣਗੀਆਂ। ਸਮਾਗਮ ਵਿੱਚ ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਵਣ ਸਕੱਤਰ ਮਨਦੀਪ ਸਿੰਘ ਬਰਾੜ, ਵਿੱਤ ਸਕੱਤਰ ਦਿਪਰਵਾ ਲਾਕੜਾ, ਮੁੱਖ ਵਣਪਾਲ ਸੌਰਭ ਕੁਮਾਰ, ਨਗਰ ਨਿਗਮ ਕਮਿਸ਼ਨਰ ਅਮਿਤ ਕੁਮਾਰ, ਵਣਪਾਲ ਅਨੂਪ ਕੁਮਾਰ ਸੋਨੀ, ਪਰਸੋਨਲ ਸਕੱਤਰ ਸਵਪਨਿਲ ਨਾਇਕ ਅਤੇ ਡਿਪਟੀ ਕੰਜ਼ਰਵੇਟਰ ਸਤਯੇਂਦਰ ਮੌਰਯ ਸਮੇਤ ਹੋਰ ਕਈ ਸੀਨੀਅਰ ਅਧਿਕਾਰੀ ਹਾਜ਼ਰ ਸਨ।

# ਪੰਜਾਬ ਦੇ ਲੋਕਾਂ ਨੂੰ ਪ੍ਰਸ਼ਾਸਨ ਦੀ ਮਿਲੀ ਭੁਗਤ ਨਾਲ ਸ਼ਰੇਆਮ ਨਕਲੀ ਦੁੱਧ, ਦਹੀਂ, ਪਨੀਰ, ਦੇਸੀ ਘਿਓ ਨਕਲੀ ਮਠਿਆਈਆਂ ਵੇਚੀਆਂ ਜਾ ਰਹੀਆਂ ਹਨ ਸੇਹਤ ਵਿਭਾਗ ਤੇ ਫੂਡ ਸਪਲਾਈ ਦੇ ਅਫਸਰ ਅੱਖਾਂ ਬੰਦ ਕਰਕੇ ਸੁੱਤੇ ਪਏ ਹਨ

**ਪੈ.ਗਾਮ-ਏ-ਜਗਤ ਅਮ੍ਰਿਤਸਰ (ਹਰਮਿੰਦਰ ਸਿੰਘ ਨਾਗਪਾਲ)**



ਪੰਜਾਬ ਚ ਰੋਜ਼ਾਨਾ ਹੀ ਪਿੰਡਾਂ ਕਸਬਿਆਂ ਤੇ ਸਹਿਰਾਂ ਵਿੱਚ ਸ਼ਰੇਆਮ ਨਕਲੀ ਮਿਠਾਈਆਂ ਨਕਲੀ ਦੁੱਧ ਦਹੀ ਪਨੀਰ ਤੇ ਦੇਸੀ ਘਿਉ ਬਣਕੇ ਜ਼ਹਿਰ ਵੇਚਿਆ ਜਾ ਰਿਹਾ ਹੈ ਪ੍ਰਸਾਸਨ ਸਿਹਤ ਵਿਭਾਗ ਤੇ ਫੂਡ ਸਪਲਾਈ ਅਫ਼ਸਰਾਂ ਦੀ ਮਿਲੀਭੁਗਤ ਨਾਲ ਚੱਲ ਰਿਹਾ ਵੱਡਾ ਰੈਕਟ ਪਬਲਿਕ ਨੂੰ ਸਰੇਆਮ ਜਹਿਰ ਖਾਣ ਲਈ ਮਜਬੂਰ ਕੀਤਾ ਜਾ ਰਿਹਾ ਹੈ ਪ੍ਰਾਨ ਰਣਜੀਤ ਸਿੰਘ ਭੋਮਾ ਖੁਸੀਆਂ ਸਮਾਗਮਾਂ ਸਮੇਂ ਤੇ ਵੱਖ-ਵੱਖ ਤਿਉਹਾਰਾਂ ਤੋਂ ਪਹਿਲਾਂ ਨਕਲੀ ਮਠਿਆਈਆਂ ਜਹਿਰ ਦਾ ਧੰਦਾ ਬੇਖੋਫ ਦੁੱਧ ਦਹੀ ਪਨੀਰ ਦੇਸੀ ਘਿਉ ਨਕਲੀ ਤਿਆਰ ਰੋਜਾਨਾ ਸਰੇਆਮ ਵੇਚਿਆ ਜਾ ਰਿਹਾ ਸਿਹਤ ਵਿਭਾਗ ਤੇ ਫੂਡ ਸਪਲਾਈ ਦੇ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਗੋਰਖ ਧੰਦਾ ਜਹਿਰ ਵੇਚਿਆ ਜਾ ਰਿਹਾ ਹੈ ਪੰਜਾਬ ਵਾਸੀਓ ਖੁਦ ਨਕਲੀ ਮਿਠਾਈਆਂ ਤੇ ਦੁੱਧ ਤੋ ਬਣੇ ਪ੍ਰਦਾਰਥ ਪਨੀਰ ਦਹੀ ਦੇਸੀ ਘਿਉ ਆਪਣੇ ਘਰਾਂ ਵਿੱਚ ਤੇ ਰਿਸਤੇਦਾਰੀ ਵਿੱਚ ਜਹਿਰ ਰੂਪੀ ਪ?ਦਾਰਥ ਨੂੰ ਖਾਣ ਪੀਣ ਤੋਂ ਨਾ ਵਰਤੋਂ ਕਰੋ ਸਮਾਜ ਸੁਧਾਰ ਸੰਸਥਾ ਪੰਜਾਬ ਦੇ ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੂਰੇ ਪੰਜਾਬ ਵਿੱਚ ਹਰੇਕ ਜਿਲਿਆਂ ਕਸਬਿਆਂ ਪਿੰਡਾਂ ਵਿੱਚ ਸਰੇਆਮ ਜਹਿਰ ਨਕਲੀ ਦੁੱਧ ਦਹੀ ਪਨੀਰ ਦੇਸੀ ਘਿਉ ਮਿਠਾਈਆਂ ਨਕਲੀ ਵੇਚੀਆਂ ਜਾ ਰਹੀਆਂ ਪ੍ਰਸਾਸਨ ਕੁੰਭ ਕਰਨੀ ਨੀਦ ਸੁੱਤਾ ਪਿਆ ਹੈ ਹਜਾਰਾਂ ਲੋਕ ਵੱਖ ਵੱਖ ਹਸਪਤਾਲਾਂ ਵਿੱਚ ਭਿਆਨਕ ਬਿਮਾਰੀਆਂ ਕੈਸਰ ਨਾਮੁਰਾਦ ਬੀਮਾਰੀ ਨਾਲ ਪੀੜਿਤ ਲੱਖਾਂ ਰੁਪਏ ਲਗਾਕੇ ਇਲਾਜ਼ ਕਰਵਾ ਰਹੇ ਹਨ ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਪੰਜਾਬ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਪਣੇ ਵੱਖ-ਵੱਖ ਰਿਸਤੇਦਾਰੀ ਵਿੱਚ ਜਾਣ ਸਮੇਂ ਗਿਫਟ ਤੋਰ ਤੇ ਪਿਆਜ਼ ਖੰਡ ਗੁੜ ਫਲ ਫਰੂਟ ਦਾ ਥੋੜਾ ਜਿਹਾ ਸੰਮਾਨ ਖੜਿਆਂ ਜਾਵੇ ਜ਼ਹਿਰ ਰੂਪੀ ਪ੍ਰਦਾਰਥ ਦਾ ਬਾਈਕਾਟ ਕੀਤਾ ਜਾਵੇ ਪ੍ਰਧਾਨ ਰਣਜੀਤ ਸਿੰਘ ਭੋਮਾ ਰੋਜਾਨਾ ਹੀ ਦੁਕਾਨਾਂ ਵਿੱਚ ਜਹਿਰ ਰੂਪੀ ਪ੍ਰਦਾਰਥ ਤਿਆਰ ਹੋ ਕੇ ਖੁਸੀਆਂ ਸਮਾਗਮਾਂ ਤੇ ਵੱਖ-ਵੱਖ ਤਿਉਹਾਰਾਂ ਦਾ ਸੀਜ਼ਨ ਸ਼ੁਰੂ ਹੁੰਦੇ ਹੀ ਨਕਲੀ ਅਤੇ ਸਿੰਥੈਟਿਕ ਤੇ ਸਰਫ ਪਾਊਂਡਰ ਨਕਲੀ ਦੁੱਧ ਰਾਹੀਂ ਮਠਿਆਈਆਂ ਬਣਾਉਣ ਵਾਲੇ ਲਾਲਚੀ ਲੋਕ ਸਰਗਰਮ ਹੋ ਗਏ ਹਨ। ਮੁਨਾਫ਼ੇ ਦੀ ਲਾਲਚ ਵਿੱਚ ਲੋਕਾਂ ਦੀ ਸਿਹਤ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ ਤੇ ਹਸਪਤਾਲਾਂ ਵਿੱਚ ਵੱਖ ਵੱਖ ਹਜਾਰਾਂ ਮਰੀਜ ਨਾ ਮੁਰਾਦ ਬੀਮਾਰੀਆਂ ਨਾਲ ਲੜ ਰਹੇ ਹਨ ਅਤੇ ਰੋਜਾਨਾ ਖੁਸੀਆਂ ਦੇ ਸਮਾਗਮਾਂ ਵਿੱਚ ਤੇ ਵੱਖ-ਵੱਖ ਪਵਿੱਤਰ ਤਿਉਹਾਰਾਂ ਦੀ ਆੜ ਵਿੱਚ ਜ਼ਹਿਰ ਵਰਗੀਆਂ ਮਿਲਾਵਟੀ ਵਸਤਾਂ ਮਿਠਾਈਆਂ ਰਸਗੁੱਲੇ ਵੇਸਣ ਗੁਲਾਬ ਜਾਮਨ ਦੁੱਧ ਦਹੀਂ ਪਨੀਰ ਨਕਲੀ ਜਹਿਰ ਦੁਕਾਨਾਂ ਛੋਟੀ ਤੇ ਵੱਡੇ ਵੱਡੇ ਦੁਕਾਨਾਂ ਨਾਮੀ ਤੇ ਸਰੇਆਮ ਵੇਚਿਆ ਜਾ ਰਿਹਾ ਹੈ ਦੁਕਾਨਾਂ ਵਿੱਚ ਮਿਠਾਈਆਂ ਆਦਿ ਤਿਆਰ ਕਰਨ? ਵਾਲੇ ਨਸੇ ਕਰਨ ਤੇ ਤਬਾਕੂ ਪਾਨ ਬੀੜੀਆਂ ਪੀਣ ਵਾਲੇ ਲੈਬਰ ਬਿਨਾ ਸਫਾਈ ਤੋ ਹੱਥਾਂ ਵਿੱਚ ਗਲਵਜ ਨਹੀਂ ਪਾਏ ਜਾਂਦੇ ਨਾ ਹੀ ਸਿਰ ਵੀ ਢੱਕੇ ਨਹੀਂ ਹੁੰਦੇ ਸਾਰੇ ਨਿਯਮ ਸਿੱਕੇ ਟੰਗ ਕੇ ਮਿਠਾਈਆਂ ਤਿਆਰ ਹੋ ਰਹੀਆਂ ਹਨ ਕਦੀ ਫੂਡ ਸਪਲਾਈ ਤੇ ਸਿਹਤ ਵਿਭਾਗ ਟੀਮਾਂ ਵੱਲੋਂ ਕਦੇ ਸਖਤੀ ਨਾਲ ਚੈਕਿੰਗ ਨਹੀਂ ਕੀਤੀ ਗਈ ਨਾ ਕੋਈ ਸਖਤ ਕੇਸ ਰਜਿਸਟਰਡ ਹੋਇਆ ਨਾ ਸਜਾਵਾਂ ਹੋਈਆਂ ਹਨ ਸਰੇਆਮ ਮਨੁੱਖਤਾ ਦਾ ਕਾਤਲ ਕੀਤਾ ਜਾ ਰਿਹਾ ਹੈ ਤੇ ਇਸ ਤੋ ਸਿੱਧਾ ਸੱਤ ਹੈ ਅਫ਼ਸਰ ਲੋਕ ਸਰੇਆਮ ਮਹੀਨੇ ਲੈਕੇ ਸਾਰਾ ਗੋਰਖ ਧੰਦਾ ਦਿਨ ਰਾਤ ਚਲਾ ਰਹੇ ਹਨ

ਰਣਜੀਤ ਸਿੰਘ ਭੋਮਾ ਨੇ ਦੋਸ਼ ਲਗਾਇਆ ਕਿ ਅੰਮਿਤਸਰ ਤਰਨਤਾਰਨ ਪੱਟੀ ਫਤਿਹਗੜ੍ਹ ਚੂੜੀਆਂ ਡੇਰਾ ਬਾਬਾ ਨਾਨਕ ਬਟਾਲਾ ਮਜੀਠਾ ਚਵਿੰਡਾ ਦੇਵੀ ਅਤੇ ਜੈਤੀਪੁਰ ਵੇਰਕਾ ਬਾਬਾ ਬਕਾਲਾ ਜੰਡਿਆਲਾ ਅਜਨਾਲਾ ਮਹਿਤਾ ਆਸ-ਪਾਸ ਦੇ ਦਿਹਾਤੀ ਇਲਾਕਿਆਂ ਵਿੱਚ 90 ਫੀਸਦੀ ਮਿਲਾਵਟੀ ਮਠਿਆਈਆਂ, ਦੁੱਧ ਅਤੇ ਪਨੀਰ ਦੀ ਵਿਕਰੀ ਸਬੰਧੀ ਲਗਾਤਾਰ ਜਹਿਰ ਰੂਪੀ ਪ੍ਰਦਾਰਥ ਸਰੇਆਮ ਸਵਾਲ ਉੱਠ ਰਹੇ ਹਨ, ਪਰ ਸਿਹਤ ਵਿਭਾਗ ਦੀ ਕਾਰਵਾਈ ਸਿਰਫ਼ ਖਾਨਾਪੂਰਤੀ ਤੱਕ ਸੀਮਤ ਨਜ਼ਰ ਆ ਰਹੀ ਹੈ। ਉਨ੍ਹਾਂ ਮੁਤਾਬਕ ਹਜਾਰਾਂ ਦੁਕਾਨਾਂ ਦੀ ਜਾਂਚ ਦੀ ਲੋੜ ਦੇ ਬਾਵਜੂਦ ਹੁਣ ਤੱਕ ਸਿਰਫ਼ ਇੱਕ ਛਾਪੇਮਾਰੀ ਕਰਨਾ ਵਿਭਾਗ ਦੀ ਕਾਰਗੁਜ਼ਾਰੀ 'ਤੇ ਵੱਡਾ ਸਵਾਲੀਆ ਨਿਸ਼ਾਨ ਹੈ।

ਉਨ੍ਹਾਂ ਕਿਹਾ ਕਿ ਜੇਕਰ ਪ੍ਰਸ਼ਾਸਨ ਇੰਨੀ ਵੱਡੀ ਸਮੱਸਿਆ ਤੋਂ ਜਾਣੂ ਹੋਣ ਦੇ ਬਾਵਜੂਦ ਵੀ ਚੁੱਪ ਰਹਿੰਦਾ ਹੈ ਤਾਂ ਇਹ ਚੁੱਪੀ ਕਈ ਸਵਾਲ ਖੜ੍ਹੇ ਕਰਦੀ ਹੈ। ਆਖ਼ਰ ਮਿਲਾਵਟਖੋਰਾਂ ਨੂੰ ਕਿਸ ਦੀ ਸ਼ਹਿ ਮਿਲ ਰਹੀ ਹੈ? ਕੀ ਵਿਭਾਗ ਕਿਸੇ ਵੱਡੇ ਹਾਦਸੇ ਦੀ ਉਡੀਕ ਕਰ ਰਿਹਾ ਹੈ?

# ਗਊ ਸੇਵਾ ਲਈ ਭਾਗਵਤ ਕਥਾ ਦਾ ਪੰਜਵਾਂ ਦਿਨ: ਪ੍ਰੇਮ ਨਾਲ ਹੀ ਪ੍ਰਭੂ ਦੀ ਪ੍ਰਾਪਤੀ ਹੋਵੇਗੀ: ਆਚਾਰਿਆ ਰਾਮ ਸੇਵਕ ਸ਼ਾਸਤਰੀ

**ਪੈ.ਗਾਮ-ਏ-ਜਗਤ ਰਤੀਆ, 2 ਸਤੰਬਰ (ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)**



ਸ੍ਰੀ ਕ੍ਰਿਸ਼ਨ ਗਊਸ਼ਾਲਾ ਰਤੀਆ ਦੇ ਵਿਹੜੇ ਵਿੱਚ ਸੰਤ ਬਾਬਾ ਬਾਬੂ ਰਾਮ ਜੀ ਦੁਗਾਲ ਵਾਲਿਆਂ ਅਤੇ ਸੰਤ ਬਾਬਾ ਕਰਮ ਚੰਦ ਜੀ ਬੱਚੂਆਣਾ ਵਾਲਿਆਂ ਦੀ ਅਸੀਮ ਕਿਰਪਾ ਨਾਲ ਅਤੇ ਸੰਤ ਸ਼ਿਰੋਮਣੀ ਸ੍ਰੀ ਨਾਰਾਇਣ ਮੁਨੀ ਜੀ ਦੇ ਪਾਵਨ ਸਾਨਿਧ ਵਿੱਚ ਸ੍ਰੀ ਕ੍ਰਿਸ਼ਨ ਗਊਸ਼ਾਲਾ ਕਮੇਟੀ ਵੱਲੋਂ ਗਊ ਸੇਵਾ ਲਈ ਪਿਤਰ ਪੱਖ ਵਿੱਚ ਕਰਵਾਏ ਜਾ ਰਹੇ ਸ੍ਰੀਮਦ ਭਾਗਵਤ ਸਪਤਾਹ ਗਿਆਨ ਯੱਗ ਵਿੱਚ ਹਾਜ਼ਰ ਸ਼ਰਧਾਲੂਆਂ ਨੂੰ ਵਿਆਸ ਪੀਠ 'ਤੇ ਬਿਰਾਜਮਾਨ ਆਚਾਰਿਆ ਸ੍ਰੀ ਰਾਮ ਸੇਵਕ ਸ਼ਾਸਤਰੀ ਜੀ ਕਾਲਵਾਣੂ ਵਾਲਿਆਂ ਨੇ ਪੰਜਵੇਂ ਦਿਨ ਦੀ ਕਥਾ ਦੌਰਾਨ ਬਾਲ ਸ੍ਰੀ ਕ੍ਰਿਸ਼ਨ ਜੀ ਅਤੇ ਸ਼ੰਕਰ ਜੀ ਦੇ ਪ੍ਰਸੰਗ ਦੀ ਕਥਾ ਸੁਣਾਉਂਦਿਆਂ ਕਿਹਾ ਕਿ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਬਾਲ ਸਰੂਪ ਦੇ ਦਰਸ਼ਨ ਕਰਨ ਲਈ ਭਗਵਾਨ ਸ਼ੰਕਰ ਜੀ ਕੈਲਾਸ਼ ਪਰਬਤ ਤੋਂ ਧਰਤੀ ਲੋਕ 'ਤੇ ਆਏ।

ਉਨ੍ਹਾਂ ਵੱਲੋਂ ਗਾਇਆ ਗਿਆ ਭਜਨ "ਮਈਆ ਦਰਸ਼ ਕਰਾਦੇ ਨੰਦਲਾਲ ਦੇ, ਯੋਗੀ ਆਇਆ ਦੂਰੋ ਚਲ ਕੇ"ਸੁਣ ਕੇ ਸ਼ਰਧਾਲੂ ਭਾਵਵਿਭੋਰ ਹੋ ਗਏ। ਅੱਗੇ ਪ੍ਰਵਚਨ ਕਰਦਿਆਂ ਪ੍ਰਸਿੱਧ ਕਥਾਵਾਚਕ ਆਚਾਰਿਆ ਰਾਮ ਸੇਵਕ ਸ਼ਾਸਤਰੀ ਜੀ ਕਾਲਵਾਣੂ ਵਾਲਿਆਂ ਨੇ ਕਿਹਾ ਕਿ ਧਰਮ ਸ਼ਾਸਤਰ ਸਾਨੂੰ ਜੀਵਨ ਵਿੱਚ ਦਿਸ਼ਾ ਦਿੰਦੇ ਹਨ। ਮਨੁੱਖ ਨੂੰ ਸ਼ਾਸਤਰਾਂ ਰਾਹੀਂ ਹੀ ਪਤਾ ਲੱਗਦਾ ਹੈ ਕਿ ਬੁਰਾਈ ਅਤੇ ਚੰਗਿਆਈ ਵਿਚਕਾਰ ਕੀ ਫ਼ਰਕ ਹੈ। ਇਹ ਸਾਨੂੰ ਜੀਵਨ ਵਿੱਚ ਸਹੀ ਫ਼ੈਸਲਾ ਲੈਣ ਦੀ ਸੂਝ ਪ੍ਰਦਾਨ ਕਰਦੇ ਹਨ। ਉਨ੍ਹਾਂ ਕਿਹਾ ਕਿ ਮਨੁੱਖ ਨੂੰ ਫਲ ਦੀ ਇੱਛਾ ਕੀਤੇ ਬਿਨਾਂ ਕਰਮ ਕਰਨਾ ਚਾਹੀਦਾ ਹੈ। ਧਨ-ਦੌਲਤ ਦੇ ਬਲ 'ਤੇ ਕਦੇ ਵੀ ਪ੍ਰਭੂ ਨੂੰ ਪ੍ਰਾਪਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਪ੍ਰਭੂ ਨੂੰ ਕੇਵਲ ਪ੍ਰੇਮ ਰਾਹੀਂ ਹੀ ਪ੍ਰਾਪਤ ਕੀਤਾ ਜਾ ਸਕਦਾ ਹੈ।

ਇਸ ਮੌਕੇ ਸ੍ਰੀ ਕ੍ਰਿਸ਼ਨ ਗਊਸ਼ਾਲਾ ਕਮੇਟੀ ਅਤੇ ਮਹਿਲਾ ਮੰਡਲ ਦੇ ਸਾਰੇ ਮੈਂਬਰਾਂ ਸਮੇਤ ਸਮੂਹ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਮੈਂਬਰਾਂ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਾਸਤਰੀ ਜੀ ਤੋਂ ਆਸ਼ੀਰਵਾਦ ਲਿਆ ਅਤੇ ਭਾਗਵਤ ਕਥਾ ਦਾ ਆਨੰਦ ਮਾਣਿਆ।

# ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-4 ਅਧੀਨ ਜ਼ਿਲ੍ਹਾ ਪੱਧਰੀ ਖੇਡਾਂ ਦੇ ਚੌਥੇ ਦਿਨ ਖਿਡਾਰੀਆਂ ਨੇ ਦਿਖਾਏ ਸ਼ਾਨਦਾਰ ਜੌਹਰ

**ਸੰਗਰੂਰ, 2 ਅਕਤੂਬਰ (ਪੈ.ਗਾਮ-ਏ-ਜਗਤ)**

- ਚੇਅਰਮੈਨ ਪ੍ਰੀਤਮ ਸਿੰਘ ਪੀਤੂ ਵੱਲੋਂ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ; ਜੇਤੂ ਖਿਡਾਰੀਆਂ ਨੂੰ ਮੈਡਲ ਕੀਤੇ ਤਕਸੀਮ



ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਦੀ ਖੇਡ ਪ੍ਰਤਿਭਾ ਨੂੰ ਨਿਖਾਰਨ ਲਈ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-4 ਤਹਿਤ ਜ਼ਿਲ੍ਹਾ ਪੱਧਰੀ ਖੇਡਾਂ ਦੇ ਚੌਥੇ ਦਿਨ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਗਏ। ਇਸ ਦੌਰਾਨ ਖਿਡਾਰੀਆਂ ਨੇ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।

ਜ਼ਿਲ੍ਹਾ ਪੱਧਰੀ ਖੇਡਾਂ ਦੇ ਚੌਥੇ ਦਿਨ ਚੇਅਰਮੈਨ ਇੰਪਰੂਵਮੈਂਟ ਟਰੱਸਟ ਸੰਗਰੂਰ ਸ੍ਰੀ ਪ੍ਰੀਤਮ ਸਿੰਘ ਪੀਤੂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਅਤੇ ਉਨ੍ਹਾਂ ਨੂੰ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸ੍ਰੀ ਮਹਿੰਦਰ ਸਿੰਘ ਸਿੱਧੂ ਅਤੇ ਅੰਤਰਰਾਸ਼ਟਰੀ ਖਿਡਾਰੀ ਤੇ ਏਸ਼ੀਅਨ ਮੈਡਲਿਸਟ ਸ੍ਰੀ ਜਸਵਿੰਦਰ ਸਿੰਘ ਵੀ ਮੌਜੂਦ ਰਹੇ। ਉਨ੍ਹਾਂ ਵੱਲੋਂ ਵੱਖ-ਵੱਖ ਮੁਕਾਬਲਿਆਂ ਦੇ ਜੇਤੂ ਖਿਡਾਰੀਆਂ ਨੂੰ ਮੈਡਲ ਪ੍ਰਦਾਨ ਕਰਕੇ ਸਨਮਾਨਿਤ ਕੀਤਾ ਗਿਆ।

ਜ਼ਿਲ੍ਹਾ ਖੇਡ ਅਫ਼ਸਰ ਸੰਗਰੂਰ ਸ੍ਰੀ ਨਵਦੀਪ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਤੈਰਾਕੀ, ਹਾਕੀ, ਐਥਲੈਟਿਕਸ, ਖੋ-ਖੋ, ਬੈਡਮਿੰਟਨ, ਕਿੱਕ ਬਾਕਸਿੰਗ, ਬਾਕਸਿੰਗ, ਹੈਂਡਬਾਲ, ਬਾਸਕਿਟਬਾਲ, ਟੇਬਲ ਟੈਨਿਸ, ਕੁਸ਼ਤੀ ਅਤੇ ਰੋਲਰ ਸਕੇਟਿੰਗ ਸਮੇਤ ਵੱਖ-ਵੱਖ ਖੇਡਾਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ 2 ਅਕਤੂਬਰ ਤੋਂ ਗੱਤਕੇ ਦੇ ਮੁਕਾਬਲੇ ਵੀ ਸ਼ੁਰੂ ਹੋ ਗਏ ਹਨ। ਉਨ੍ਹਾਂ ਦੱਸਿਆ ਕਿ ਅੱਜ ਦੇ ਮੁਕਾਬਲਿਆਂ ਦੇ ਨਤੀਜਿਆਂ ਤਹਿਤ ਅੰਡਰ-14 ਲੜਕੀਆਂ ਕਬੱਡੀ ਸਰਕਲ ਸਟਾਈਲ ਵਿੱਚ ਅਨਦਾਣਾ ਦੀ ਟੀਮ ਨੇ ਪਹਿਲਾ, ਲਹਿਰਾਗਾਗਾ (ਬੀ) ਨੇ ਦੂਜਾ ਅਤੇ ਲਹਿਰਾਗਾਗਾ (ਏ) ਨੇ ਤੀਜਾ ਸਥਾਨ ਹਾਸਲ ਕੀਤਾ।

ਇਸੇ ਤਰ੍ਹਾਂ ਅੰਡਰ-14 ਲੜਕੇ ਕਬੱਡੀ ਸਰਕਲ ਸਟਾਈਲ ਵਿੱਚ ਸੰਗਰੂਰ (ਏ) ਦੀ ਟੀਮ ਨੇ ਪਹਿਲਾ, ਦਿੜ੍ਹਬਾ (ਏ) ਨੇ ਦੂਜਾ ਅਤੇ ਸੁਨਾਮ (ਏ) ਨੇ ਤੀਜਾ ਸਥਾਨ ਹਾਸਲ ਕੀਤਾ। ਅੰਡਰ-17 ਵਾਲੀਬਾਲ (ਸ਼ੂਟਿੰਗ) ਦੇ ਮੁਕਾਬਲਿਆਂ ਵਿੱਚ ਸ਼ੇਰਪੁਰ ਦੀ ਟੀਮ ਨੇ ਪਹਿਲਾ ਅਤੇ ਧੂਰੀ ਦੀ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਅਕਾਲ ਕਾਲਜ ਆਫ਼ ਫਿਜ਼ੀਕਲ ਐਜੂਕੇਸ਼ਨ, ਮਸਤੂਆਣਾ ਸਾਹਿਬ ਵਿਖੇ ਕਰਵਾਏ ਜਾ ਰਹੇ ਅੰਡਰ-17 ਲੜਕੀਆਂ ਖੋ-ਖੋ ਦੇ ਮੁਕਾਬਲਿਆਂ ਵਿੱਚ ਸ਼ੇਰਪੁਰ ਦੀ ਟੀਮ ਨੇ ਪਹਿਲਾ, ਅਨਦਾਣਾ ਨੇ ਦੂਜਾ ਅਤੇ ਲਹਿਰਾਗਾਗਾ ਦੀ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ। ਜ਼ਿਲ੍ਹਾ ਖੇਡ ਅਫ਼ਸਰ ਨੇ ਕਿਹਾ ਕਿ ਖੇਡਾਂ ਵਤਨ ਪੰਜਾਬ ਦੀਆਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸਨ, ਟੀਮ ਭਾਵਨਾ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਨ ਲਈ ਇੱਕ ਮਹੱਤਵਪੂਰਨ ਮੰਚ ਪ੍ਰਦਾਨ ਕਰ ਰਹੀਆਂ ਹਨ।

# ਨਾਰਨੌਂਦ ਦੇ ਵਪਾਰੀਆਂ ਨੂੰ ਮੁਹੱਈਆ ਕਰਵਾਈਆਂ ਜਾਣਗੀਆਂ ਸਾਰੀਆਂ ਲੋੜੀਂਦੀਆਂ ਸਹੂਲਤਾਂ : ਰਾਜੇਸ਼ ਠਕਰਾਲ



**ਪੈ.ਗਾਮ-ਏ-ਜਗਤ/ਹਾਂਸੀ, 2 ਅਕਤੂਬਰ (ਦਿਨਕਰ ਗਾਵੜੀ)**

ਨਾਰਨੌਂਦ ਸਥਿਤ ਪੀਡਬਲਿਊਡੀ ਰੈਸਟ ਹਾਊਸ ਵਿੱਚ ਹਰਿਆਣਾ ਵਪਾਰੀ ਕਲਿਆਣ ਬੋਰਡ ਦੇ ਚੇਅਰਮੈਨ ਰਾਜੇਸ਼ ਠਕਰਾਲ ਨਾਲ ਨਾਰਨੌਂਦ ਅਨਾਜ ਮੰਡੀ ਦੇ ਵਪਾਰੀਆਂ ਅਤੇ ਅਹੁਦੇਦਾਰਾਂ ਨੇ ਮੁਲਾਕਾਤ ਕੀਤੀ। ਇਸ ਦੌਰਾਨ ਵਪਾਰੀਆਂ ਨੇ ਅਨਾਜ ਮੰਡੀ ਨਾਲ ਸਬੰਧਤ ਵੱਖ-ਵੱਖ ਸਮੱਸਿਆਵਾਂ ਅਤੇ ਲੋੜਾਂ ਨੂੰ ਚੇਅਰਮੈਨ ਦੇ ਸਾਹਮਣੇ ਰੱਖਿਆ।

ਚੇਅਰਮੈਨ ਰਾਜੇਸ਼ ਠਕਰਾਲ ਨੇ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਸਮੱਸਿਆਵਾਂ ਦੇ ਹੱਲ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਨੇ ਵਪਾਰੀਆਂ ਅਤੇ ਆੜ੍ਹਤੀਆਂ ਨੂੰ ਭਰੋਸਾ ਦਿਵਾਇਆ ਕਿ ਨਾਰਨੌਂਦ ਦੇ ਵਪਾਰੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਵਾਇਆ ਜਾਵੇਗਾ।

ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਬਿਜੇਂਦਰ ਲੋਹਾਨ, ਨਾਰਨੌਂਦ ਭਾਜਪਾ ਮੰਡਲ ਪ੍ਰਧਾਨ ਕਰਮਪਾਲ ਦੂਹਨ, ਭਾਜਪਾ ਦੇ ਸੀਨੀਅਰ ਆਗੂ ਰਾਜਿੰਦਰ ਲਾਂਬਾ, ਰਾਮਮੇਹਰ ਲੋਹਾਨ, ਕੌਂਸਲਰ ਪਿੰਕੂ, ਕੌਂਸਲਰ ਪ੍ਰਸਾਦ, ਸ਼ੰਟੀ ਭੁਜੈਜਾ, ਸੌਰਵ ਕਥੂਰੀਆ, ਸਬਜ਼ੀ ਮੰਡੀ ਪ੍ਰਧਾਨ ਅਨਿਲ ਚਾਵਲਾ, ਸੰਜੇ ਗਰੋਵਰ, ਫੂਲ ਸਿੰਘ, ਦੀਪ ਠਕਰਾਲ, ਰਿੰਕੂ, ਇੰਦਰ ਸੋਨੀ, ਸਾਗਰ ਠਕਰਾਲ, ਅਨਿਲ ਸੈਣੀ, ਮੁਕੇਸ਼ ਚਰਾਇਆ, ਅਨਿਲ ਲੋਹਾਨ, ਜੋਗਿੰਦਰ ਦੂਹਨ ਸਮੇਤ ਕਈ ਵਪਾਰੀ ਅਤੇ ਵਪਾਰੀ ਆਗੂ ਮੌਜੂਦ ਰਹੇ।

# ਬਾਬਾ ਔਗੜ੍ਹ ਸ੍ਰੀ ਫਤਿਹਨਾਥ ਗਰਲਜ਼ ਕਾਲਜ ਜੈਜੋਂ ਵਿੱਚ ਗਾਂਧੀ ਜਯੰਤੀ ਦੇ ਮੌਕੇ 'ਤੇ ਸਮਾਗਮ ਦਾ ਆਯੋਜਨ



**ਪੈ.ਗਾਮ-ਏ-ਜਗਤ/ਹੁਸ਼ਿਆਰਪੁਰ (ਦਲਜੀਤ ਅਜਨੋਹਾ)**

ਬਾਬਾ ਔਗੜ੍ਹ ਸ੍ਰੀ ਫਤਿਹਨਾਥ ਗਰਲਜ਼ ਕਾਲਜ, ਜੈਜੋਂ ਵਿੱਚ ਕਾਲਜ ਦੇ ਚੇਅਰਮੈਨ ਅਤੇ ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਦੀ ਅਗਵਾਈ ਹੇਠ ਗਾਂਧੀ ਜਯੰਤੀ ਦੇ ਮੌਕੇ 'ਤੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ, ਸਟਾਫ਼ ਮੈਂਬਰਾਂ ਅਤੇ ਵਿਦਿਆਰਥਣਾਂ ਨੇ ਰਾਸ਼ਟਰਪਿਤਾ ਮਹਾਤਮਾ ਗਾਂਧੀ ਦੀ ਤਸਵੀਰ 'ਤੇ ਫੁੱਲ ਭੇਟ ਕਰਕੇ ਉਨ੍ਹਾਂ ਨੂੰ ਨਮਨ ਕੀਤਾ ਅਤੇ ਉਨ੍ਹਾਂ ਦੇ ਆਦਰਸ਼ਾਂ 'ਤੇ ਚੱਲਣ ਦਾ ਸੰਕਲਪ ਲਿਆ। ਇਸ ਮੌਕੇ ਕਾਲਜ ਦੀ ਪ੍ਰਿੰਸੀਪਲ ਕਰਮਜੀਤ ਕੌਰ ਨੇ ਕਿਹਾ ਕਿ ਮਹਾਤਮਾ ਗਾਂਧੀ ਦਾ ਜੀਵਨ ਸੱਚ, ਅਹਿੰਸਾ, ਤਿਆਗ ਅਤੇ ਮਨੁੱਖਤਾ ਦੀ ਸੇਵਾ ਦੀ ਬੇਮਿਸਾਲ ਮਿਸਾਲ ਹੈ। ਉਨ੍ਹਾਂ ਨੇ ਆਪਣੇ ਵਿਚਾਰਾਂ ਅਤੇ ਸਿਧਾਂਤਾਂ ਰਾਹੀਂ ਪੂਰੀ ਦੁਨੀਆ ਨੂੰ ਸ਼ਾਂਤੀ, ਸਦਭਾਵਨਾ ਅਤੇ ਆਪਸੀ ਭਾਈਚਾਰੇ ਦਾ ਸੰਦੇਸ਼ ਦਿੱਤਾ। ਗਾਂਧੀ ਜੀ ਦਾ ਮੰਨਣਾ ਸੀ ਕਿ ਸੱਚ ਅਤੇ ਅਹਿੰਸਾ ਦੇ ਰਾਹ 'ਤੇ ਚੱਲ ਕੇ ਵੱਡੀ ਤੋਂ ਵੱਡੀ ਚੁਣੌਤੀ ਦਾ ਸਾਹਮਣਾ ਕੀਤਾ ਜਾ ਸਕਦਾ ਹੈ। ਉਨ੍ਹਾਂ ਦੇ ਵਿਚਾਰ ਅੱਜ ਵੀ ਸਮਾਜ ਅਤੇ ਦੇਸ਼ ਲਈ ਓਨੇ ਹੀ ਪ੍ਰਸੰਗਿਕ ਹਨ, ਜਿੰਨੇ ਆਜ਼ਾਦੀ ਅੰਦੋਲਨ ਦੇ ਸਮੇਂ ਸਨ। ਇਸ ਮੌਕੇ ਸਾਰਿਆਂ ਨੇ ਮਹਾਤਮਾ ਗਾਂਧੀ ਦੀ ਪ੍ਰਤਿਮਾ 'ਤੇ ਫੁੱਲ ਭੇਟ ਕਰਕੇ ਉਨ੍ਹਾਂ ਨੂੰ ਨਮਨ ਕੀਤਾ। ਇਸ ਮੌਕੇ ਪ੍ਰਿੰਸੀਪਲ ਤੋਂ ਇਲਾਵਾ ਸਮੂਹ ਵਿਦਿਆਰਥਣਾਂ, ਕਾਲਜ ਸਟਾਫ਼ ਅਤੇ ਕਾਲਜ ਦੇ ਟਰੱਸਟੀ ਵੀ ਮੌਜੂਦ ਸਨ।

# 'ਸਾਡਾ ਬਜ਼ੁਰਗ ਸਾਡਾ ਮਾਣ' ਮੁਹਿੰਮ ਤਹਿਤ ਪੀੜ੍ਹੀਆਂ ਵਿਚਕਾਰ ਸਾਂਝ ਵਧਾਉਣ ਲਈ ਵਿਸ਼ੇਸ਼ ਪ੍ਰੋਗਰਾਮ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, 02 ਅਕਤੂਬਰ (ਪੈ.ਗਾਮ-ਏ-ਜਗਤ)**

- ਬੱਚਿਆਂ ਨੇ ਬਜ਼ੁਰਗਾਂ ਨਾਲ ਸਾਂਝੀਆਂ ਕੀਤੀਆਂ ਖੁਸ਼ੀਆਂ, ਜੀਵਨ ਤਜਰਬਿਆਂ ਤੋਂ ਲਈ ਪ੍ਰੇਰਣਾ



ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ, ਮੋਹਾਲੀ ਸ੍ਰੀਮਤੀ ਨਵਦੀਪ ਕੌਰ ਨੇ ਦੱਸਿਆ ਕਿ ਸੀਨੀਅਰ ਨਾਗਰਿਕਾਂ ਦੀ ਭਲਾਈ ਲਈ 'ਸਟੇਟ ਐਕਸ਼ਨ ਪਲਾਨ 2026-27' ਤਹਿਤ ਚਲਾਈ ਜਾ ਰਹੀ 'ਸਾਡਾ ਬਜ਼ੁਰਗ ਸਾਡਾ ਮਾਣ' ਮੁਹਿੰਮ ਅਧੀਨ ਪੀੜ੍ਹੀਆਂ ਵਿਚਕਾਰ ਆਪਸੀ ਸਾਂਝ, ਪਿਆਰ ਅਤੇ ਸਤਿਕਾਰ ਨੂੰ ਮਜ਼ਬੂਤ ਕਰਨ ਲਈ 'ਅੰਤਰ-ਪੀੜ੍ਹੀ ਬੰਧਨ ਗਤੀਵਿਧੀ' ਤਹਿਤ ਵਿਸ਼ੇਸ਼ ਪ੍ਰੋਗਰਾਮ ਕਰਵਾਏ ਗਏ।

ਜਾਣਕਾਰੀ ਦਿੰਦੇ ਹੋਏ ਉਨ੍ਹਾਂ ਦੱਸਿਆ ਕਿ 01 ਅਕਤੂਬਰ ਨੂੰ ਇਸ ਲੜੀ ਤਹਿਤ ਪਿੰਡ ਮਦਨਹੇੜੀ ਸਥਿਤ 'ਸਰਵ ਹਿਊਮੈਨਿਟੀ ਸਰਵ ਗੌਡ' ਓਲਡ ਏਜ ਹੋਮ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸਰਕਾਰੀ ਮਾਡਲ ਸਕੂਲ ਮਦਨਹੇੜੀ ਦੇ ਵਿਦਿਆਰਥੀਆਂ ਨੇ ਬਿਰਧ ਆਸ਼ਰਮ ਦਾ ਦੌਰਾ ਕਰਕੇ ਉੱਥੇ ਰਹਿ ਰਹੇ ਬਜ਼ੁਰਗਾਂ ਨਾਲ ਸਮਾਂ ਬਿਤਾਇਆ। ਸਮਾਗਮ ਦੌਰਾਨ ਸਕੂਲੀ ਬੱਚਿਆਂ ਵੱਲੋਂ ਕਵਿਤਾਵਾਂ ਪੇਸ਼ ਕੀਤੀਆਂ ਗਈਆਂ ਅਤੇ ਬਜ਼ੁਰਗਾਂ ਪ੍ਰਤੀ ਪਿਆਰ ਤੇ ਸਤਿਕਾਰ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ 'Gratitude Cards' ਭੇਟ ਕੀਤੇ ਗਏ। ਇਸ ਉਪਰੰਤ ਬਿਰਧ ਆਸ਼ਰਮ ਵਿੱਚ ਰਹਿ ਰਹੇ ਸੀਨੀਅਰ ਨਾਗਰਿਕਾਂ ਨੇ ਬੱਚਿਆਂ ਨਾਲ ਆਪਣੇ ਜੀਵਨ ਦੇ ਤਜਰਬੇ ਅਤੇ ਯਾਦਾਂ ਸਾਂਝੀਆਂ ਕੀਤੀਆਂ। ਇਸ ਨਾਲ ਬੱਚਿਆਂ ਨੂੰ ਬਜ਼ੁਰਗਾਂ ਦੇ ਜੀਵਨ ਅਨੁਭਵਾਂ ਤੋਂ ਸਿੱਖਣ ਅਤੇ ਉਨ੍ਹਾਂ ਨਾਲ ਭਾਵਨਾਤਮਕ ਸਾਂਝ ਪੈਦਾ ਕਰਨ ਦਾ ਮੌਕਾ ਮਿਲਿਆ। ਇਸ ਮੌਕੇ 'ਇੱਕ ਪੇੜ ਮਾਂ ਕੇ ਨਾਮ' ਮੁਹਿੰਮ ਤਹਿਤ ਪੌਦੇ ਵੀ ਲਗਾਏ ਗਏ। ਇਸ ਦੇ ਨਾਲ ਹੀ ਬਜ਼ੁਰਗਾਂ ਦੀ ਸਿਹਤ ਸੰਭਾਲ ਨੂੰ ਧਿਆਨ ਵਿੱਚ ਰੱਖਦਿਆਂ ਵਿਸ਼ੇਸ਼ ਮੈਡੀਕਲ ਕੈਂਪ ਵੀ ਲਗਾਇਆ ਗਿਆ, ਜਿਸ ਰਾਹੀਂ ਸੀਨੀਅਰ ਨਾਗਰਿਕਾਂ ਨੂੰ ਸਿਹਤ ਸਬੰਧੀ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ।

ਡੀ.ਐਸ.ਐਸ.ਓ. ਸ੍ਰੀਮਤੀ ਨਵਦੀਪ ਕੌਰ ਨੇ ਦੱਸਿਆ ਕਿ ਇਸੇ ਲੜੀ ਤਹਿਤ ਸਰਕਾਰੀ ਮਿਡਲ ਸਕੂਲ, ਫੇਜ਼-2, ਮੋਹਾਲੀ ਵਿਖੇ ਵੀ ਇੱਕ ਹੋਰ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਇਸ ਦੌਰਾਨ ਸਕੂਲੀ ਬੱਚਿਆਂ ਅਤੇ ਸੀਨੀਅਰ ਨਾਗਰਿਕਾਂ ਵਿਚਕਾਰ ਆਪਸੀ ਮੇਲ-ਜੋਲ ਅਤੇ ਸਤਿਕਾਰ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲਿਆਂ ਦਾ ਮੁੱਖ ਉਦੇਸ਼ ਨਵੀਂ ਪੀੜ੍ਹੀ ਨੂੰ ਬਜ਼ੁਰਗਾਂ ਦੇ ਤਜਰਬਿਆਂ ਅਤੇ ਜੀਵਨ ਮੁੱਲਾਂ ਨਾਲ ਜੋੜਨਾ ਅਤੇ ਬੱਚਿਆਂ ਵਿੱਚ ਬਜ਼ੁਰਗਾਂ ਪ੍ਰਤੀ ਪਿਆਰ, ਸਤਿਕਾਰ, ਹਮਦਰਦੀ ਅਤੇ ਨੈਤਿਕ ਕਦਰਾਂ-ਕੀਮਤਾਂ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਹੈ।

# ਪਾਇਲਟ ਸਮਿਤ ਮਾਚਛਰ ਨੇ ਬਹਾਦਰੀ ਦਾ ਪ੍ਰਦਰਸ਼ਨ ਕੀਤਾ, ਜ਼ਖ਼ਮੀ ਹੋਣ ਦੇ ਬਾਵਜੂਦ ਯਾਤਰੀਆਂ ਦੀ ਜਾਨ ਬਚਾਈ: ਖੰਨਾ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**

ਸਾਬਕਾ ਸੰਸਦ ਮੈਂਬਰ ਅਤੇ ਸੀਨੀਅਰ ਭਾਜਪਾ ਆਗੂ ਅਵਿਨਾਸ਼ ਰਾਏ ਖੰਨਾ ਨੇ ਦੁਬਈ ਤੋਂ ਤੇਲ ਅਵੀਵ ਜਾ ਰਹੀ ਫਲਾਈਦੁਬਈ ਦੀ ਉਡਾਣ ਦੇ ਭਾਰਤੀ ਪਾਇਲਟ ਕੈਪਟਨ ਸਮਿਤ ਮਾਚਛਰ ਵੱਲੋਂ ਸੰਕਟ ਦੀ ਘੜੀ ਵਿੱਚ ਦਿਖਾਏ ਗਏ ਅਦਮਯ ਸਾਹਸ, ਸੂਝ-ਬੂਝ ਅਤੇ ਫਰਜ਼ ਪ੍ਰਤੀ ਨਿਸ਼ਠਾ ਦੀ ਸ਼ਲਾਘਾ ਕੀਤੀ ਹੈ। ਉਨ੍ਹਾਂ ਕਿਹਾ ਕਿ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਣ ਦੇ ਬਾਵਜੂਦ ਕੈਪਟਨ ਮਾਚਛਰ ਨੇ ਜਿਸ ਧੀਰਜ ਅਤੇ ਬਹਾਦਰੀ ਦਾ ਪ੍ਰਦਰਸ਼ਨ ਕੀਤਾ, ਉਹ ਪੂਰੀ ਦੁਨੀਆ ਲਈ ਪ੍ਰੇਰਣਾਦਾਇਕ ਹੈ।

ਖੰਨਾ ਨੇ ਕਿਹਾ ਕਿ 30 ਸਤੰਬਰ ਨੂੰ ਇਸ ਉਡਾਣ ਦੌਰਾਨ ਕਾਕਪਿਟ ਵਿੱਚ ਪਾਇਲਟ ਅਤੇ ਸਹਿ-ਪਾਇਲਟ ਵਿਚਕਾਰ ਗੰਭੀਰ ਹਿੰਸਕ ਘਟਨਾ ਵਾਪਰੀ, ਜਿਸ ਵਿੱਚ ਕੈਪਟਨ ਸਮਿਤ ਮਾਚਛਰ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਏ। ਇਸ ਦੌਰਾਨ ਜਹਾਜ਼ ਦੀ ਉਚਾਈ ਵਿੱਚ ਅਚਾਨਕ ਭਾਰੀ ਗਿਰਾਵਟ ਆਉਣ ਕਾਰਨ ਜਹਾਜ਼ ਵਿੱਚ ਸਵਾਰ ਯਾਤਰੀਆਂ ਦੀ ਸੁਰੱਖਿਆ ਲਈ ਗੰਭੀਰ ਸੰਕਟ ਪੈਦਾ ਹੋ ਗਿਆ। ਜ਼ਖ਼ਮੀ ਕੈਪਟਨ ਨੇ ਜਹਾਜ਼ ਵਿੱਚ ਸਵਾਰ ਯਾਤਰੀਆਂ, ਚਾਲਕ ਦਲ ਦੇ ਮੈਂਬਰਾਂ ਅਤੇ ਹੋਰ ਪਾਇਲਟਾਂ ਦੀ ਮਦਦ ਨਾਲ ਜਹਾਜ਼ ਨੂੰ ਸੁਰੱਖਿਅਤ ਕੰਟਰੋਲ ਵਿੱਚ ਲਿਆਂਦਾ ਅਤੇ ਸਾਊਦੀ ਅਰਬ ਦੇ ਤਬੂਕ ਹਵਾਈ ਅੱਡੇ ’ਤੇ ਇਸ ਦੀ ਐਮਰਜੈਂਸੀ ਲੈਂਡਿੰਗ ਕਰਵਾਈ। ਇਸ ਪੂਰੀ ਘਟਨਾ ਦੌਰਾਨ ਕੈਪਟਨ ਮਾਚਛਰ ਦੀ ਸੂਝ-ਬੂਝ ਅਤੇ ਹਿੰਮਤ ਕਾਰਨ ਇੱਕ ਵੱਡੇ ਹਵਾਈ ਹਾਦਸੇ ਨੂੰ ਟਾਲਿਆ ਗਿਆ ਅਤੇ 174 ਯਾਤਰੀਆਂ ਦੀ ਜਾਨ ਬਚਾਈ ਗਈ। ਖੰਨਾ ਨੇ ਕਿਹਾ ਕਿ ਇੱਕ ਪਾਇਲਟ ਦਾ ਫਰਜ਼ ਸਿਰਫ਼ ਜਹਾਜ਼ ਉਡਾਉਣਾ ਹੀ ਨਹੀਂ, ਸਗੋਂ ਬਹੁਤ ਮੁਸ਼ਕਲ ਹਾਲਾਤਾਂ ਵਿੱਚ ਯਾਤਰੀਆਂ ਦੀ ਸੁਰੱਖਿਆ ਯਕੀਨੀ ਬਣਾਉਣਾ ਵੀ ਹੈ। ਕੈਪਟਨ ਸਮਿਤ ਮਾਚਛਰ ਨੇ ਆਪਣੇ ਆਚਰਨ ਰਾਹੀਂ ਇਸ ਜ਼ਿੰਮੇਵਾਰੀ ਦੀ ਉੱਤਮ ਮਿਸਾਲ ਪੇਸ਼ ਕੀਤੀ ਹੈ। ਗੰਭੀਰ ਸੱਟਾਂ ਦੇ ਬਾਵਜੂਦ ਆਪਣਾ ਧੀਰਜ ਬਣਾਈ ਰੱਖਣਾ ਅਤੇ ਸੰਕਟ ਦੇ ਸਮੇਂ ਲੋੜੀਂਦੇ ਕਦਮ ਚੁੱਕਣਾ ਉਨ੍ਹਾਂ ਦੀ ਪੇਸ਼ੇਵਰ ਸਮਰੱਥਾ, ਬਹਾਦਰੀ ਅਤੇ ਫਰਜ਼ ਪ੍ਰਤੀ ਸਮਰਪਣ ਨੂੰ ਦਰਸਾਉਂਦਾ ਹੈ।



ਉਨ੍ਹਾਂ ਕਿਹਾ ਕਿ ਕੈਪਟਨ ਮਾਚਛਰ ਦੀ ਬਹਾਦਰੀ ’ਤੇ ਹਰ ਭਾਰਤੀ ਨੂੰ ਮਾਣ ਹੈ। ਉਨ੍ਹਾਂ ਦੀ ਹਿੰਮਤ ਇਹ ਸੰਦੇਸ਼ ਦਿੰਦੀ ਹੈ ਕਿ ਔਖੀ ਤੋਂ ਔਖੀ ਸਥਿਤੀ ਵਿੱਚ ਵੀ ਧੀਰਜ, ਸਿਆਣਪ ਅਤੇ ਫਰਜ਼ ਪ੍ਰਤੀ ਨਿਸ਼ਠਾ ਨਾਲ ਕੰਮ ਕਰਕੇ ਅਨਮੋਲ ਜ਼ਿੰਦਗੀਆਂ ਦੀ ਰੱਖਿਆ ਕੀਤੀ ਜਾ ਸਕਦੀ ਹੈ।

ਖੰਨਾ ਨੇ ਕੈਪਟਨ ਸਮਿਤ ਮਾਚਛਰ ਦੇ ਜਲਦੀ ਸਿਹਤਯਾਬ ਹੋਣ ਦੀ ਕਾਮਨਾ ਕਰਦਿਆਂ ਕਿਹਾ ਕਿ ਰਾਸ਼ਟਰ ਅਜਿਹੇ ਬਹਾਦਰ ਅਤੇ ਫਰਜ਼ਨਿਸ਼ਠ ਨਾਗਰਿਕਾਂ ਦਾ ਸਨਮਾਨ ਕਰਦਾ ਹੈ, ਜੋ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਦੂਜਿਆਂ ਦੀ ਸੁਰੱਖਿਆ ਨੂੰ ਸਭ ਤੋਂ ਵੱਧ ਤਰਜੀਹ ਦਿੰਦੇ ਹਨ।

# ਬਿਰਲਾ ਓਪਨ ਮਾਈਂਡਸ ਸਕੂਲ ਵਿੱਚ ਬੱਚਿਆਂ ਨੂੰ ਫੈਮਿਲੀ ਵਾਕ ਸਬੰਧੀ ਦਿੱਤੀ ਜਾਣਕਾਰੀ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**

- **ਫਿਟ ਬਾਈਕਰ ਕਲੱਬ ਵੱਲੋਂ ਕਰਵਾਈ ਜਾ ਰਹੀ ਫੈਮਿਲੀ ਵਾਕ ਦੀਆਂ ਤਿਆਰੀਆਂ ਮੁਕੰਮਲ**



ਫਿਟ ਬਾਈਕਰ ਕਲੱਬ ਵੱਲੋਂ 6 ਦਸੰਬਰ ਨੂੰ ਕਰਵਾਈ ਜਾ ਰਹੀ ਸਚਦੇਵਾ ਸਟਾਕਸ ਫੈਮਿਲੀ ਵਾਕ ਦੌਰਾਨ ਬੱਚਿਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਿਹਤਮੰਦ ਜੀਵਨਸ਼ੈਲੀ, ਨਿਯਮਤ ਕਸਰਤ ਅਤੇ ਸਰੀਰਕ ਤੰਦਰੁਸਤੀ ਪ੍ਰਤੀ ਜਾਗਰੂਕ ਕੀਤਾ ਜਾਵੇਗਾ।

ਇਹ ਗੱਲ ਕਲੱਬ ਦੇ ਪ੍ਰਧਾਨ ਪਰਮਜੀਤ ਸਿੰਘ ਸਚਦੇਵਾ ਨੇ ਬਿਰਲਾ ਓਪਨ ਮਾਈਂਡਸ ਇੰਟਰਨੈਸ਼ਨਲ ਸਕੂਲ ਵਿੱਚ ਬੱਚਿਆਂ ਨੂੰ ਫੈਮਿਲੀ ਵਾਕ ਸਬੰਧੀ ਜਾਣਕਾਰੀ ਦਿੰਦਿਆਂ ਕਹੀ। ਇਸ ਮੌਕੇ ਸਕੂਲ ਪ੍ਰੈਜ਼ੀਡੈਂਟ ਕੁਲਵੰਤ ਸਿੰਘ ਕੋਹਰ ਅਤੇ ਵਾਈਸ ਪ੍ਰਿੰਸੀਪਲ ਸੁਪਰਨਾਂ ਕੌਸ਼ਲ ਵੀ ਵਿਸ਼ੇਸ਼ ਤੌਰ ’ਤੇ ਮੌਜੂਦ ਰਹੇ। ਸਕੂਲ ਪ੍ਰਬੰਧਕਾਂ ਵੱਲੋਂ ਵੀ ਬੱਚਿਆਂ ਨੂੰ ਸਿਹਤ ਅਤੇ ਫਿਟਨੈੱਸ ਪ੍ਰਤੀ ਜਾਗਰੂਕ ਕਰਨ ਲਈ ਅਜਿਹੀਆਂ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ।

ਪਰਮਜੀਤ ਸਿੰਘ ਸਚਦੇਵਾ ਨੇ ਕਿਹਾ ਕਿ ਫੈਮਿਲੀ ਵਾਕ ਦਾ ਮੁੱਖ ਉਦੇਸ਼ ਲੋਕਾਂ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਸਰੀਰਕ ਗਤੀਵਿਧੀਆਂ ਨੂੰ ਸ਼ਾਮਲ ਕਰਨ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਬੱਚਿਆਂ ਦਾ ਕਾਫ਼ੀ ਸਮਾਂ ਮੋਬਾਈਲ ਫੋਨਾਂ ਅਤੇ ਹੋਰ ਇਲੈਕਟ੍ਰਾਨਿਕ ਉਪਕਰਨਾਂ ’ਤੇ ਬੀਤ ਰਿਹਾ ਹੈ। ਅਜਿਹੇ ਵਿੱਚ ਬੱਚਿਆਂ ਨੂੰ ਖੇਡਾਂ, ਪੈਦਲ ਚੱਲਣ, ਸਾਈਕਲਿੰਗ ਅਤੇ ਹੋਰ ਬਾਹਰੀ ਗਤੀਵਿਧੀਆਂ ਨਾਲ ਜੋੜਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪਰਿਵਾਰ ਨਾਲ ਮਿਲ ਕੇ ਕੀਤੀ ਜਾਣ ਵਾਲੀ ਵਾਕ ਬੱਚਿਆਂ ਵਿੱਚ ਸਿਹਤਮੰਦ ਆਦਤਾਂ ਵਿਕਸਿਤ ਕਰਨ ਦਾ ਬਿਹਤਰ ਸਾਧਨ ਹੈ। ਇਸ ਨਾਲ ਜਿੱਥੇ ਸਰੀਰਕ ਤੰਦਰੁਸਤੀ ਪ੍ਰਤੀ ਜਾਗਰੂਕਤਾ ਪੈਦਾ ਹੋਵੇਗੀ, ਉੱਥੇ ਪਰਿਵਾਰਕ ਮੈਂਬਰਾਂ ਨੂੰ ਇਕੱਠੇ ਸਮਾਂ ਬਿਤਾਉਣ ਦਾ ਮੌਕਾ ਵੀ ਮਿਲੇਗਾ। ਇਸ ਮੌਕੇ ਕੁਲਵੰਤ ਸਿੰਘ ਕੋਹਰ ਨੇ ਕਿਹਾ ਕਿ ਫਿਟ ਬਾਈਕਰ ਕਲੱਬ ਵੱਲੋਂ ਸਮੇਂ-ਸਮੇਂ ’ਤੇ ਲੋਕਾਂ ਨੂੰ ਸਾਈਕਲਿੰਗ, ਵਾਕਿੰਗ ਅਤੇ ਫਿਟਨੈੱਸ ਗਤੀਵਿਧੀਆਂ ਨਾਲ ਜੋੜਨ ਲਈ ਯਤਨ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਸਿਹਤਮੰਦ ਸਮਾਜ ਦੀ ਸਿਰਜਣਾ ਲਈ ਬੱਚਿਆਂ ਅਤੇ ਨੌਜਵਾਨਾਂ ਨੂੰ ਛੋਟੀ ਉਮਰ ਤੋਂ ਹੀ ਸਿਹਤ ਪ੍ਰਤੀ ਜਾਗਰੂਕ ਕਰਨਾ ਜ਼ਰੂਰੀ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ ਸਮੇਤ ਸਚਦੇਵਾ ਸਟਾਕਸ ਫੈਮਿਲੀ ਵਾਕ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਅਤੇ ਸਿਹਤਮੰਦ ਜੀਵਨਸ਼ੈਲੀ ਦਾ ਸੰਦੇਸ਼ ਘਰ-ਘਰ ਤੱਕ ਪਹੁੰਚਾਉਣ ਵਿੱਚ ਸਹਿਯੋਗ ਕਰਨ। ਇਸ ਮੌਕੇ ਉੱਤਮ ਸਿੰਘ ਸਾਬੀ, ਤਰਲੋਚਨ ਸਿੰਘ, ਰੋਹਿਤ ਬਸੀ, ਓਂਕਾਰ ਸਿੰਘ, ਦਲਜੀਤ ਸਿੰਘ ਭਾਰਜ ਵੀ ਮੌਜੂਦ ਰਹੇ।

# ਚਾਕੂ ਨਾਲ ਨੌਜਵਾਨ ਦੀ ਹੱਤਿਆ ਕਰਨ ਦੇ ਮਾਮਲੇ ਵਿੱਚ ਮੁਲਜ਼ਮ ਕਾਬੂ

**ਪੈ.ਗਾਮ-ਏ-ਜਗਤ/ਕਰਨਾਲ**
**02 ਅਕਤੂਬਰ (ਪ੍ਰਵੀਨ ਵਾਲੀਆ)**

ਕਰਨਾਲ ਜ਼ਿਲ੍ਹਾ ਪੁਲਿਸ ਵੱਲੋਂ ਪੁਲਿਸ ਸੁਪਰਡੈਂਟ ਕਰਨਾਲ ਸ੍ਰੀ ਕਰਨ ਗੋਇਲ ਦੀ ਯੋਗ ਅਗਵਾਈ ਹੇਠ ਗੰਭੀਰ ਅਪਰਾਧਾਂ ਵਿੱਚ ਸ਼ਾਮਲ ਮੁਲਜ਼ਮਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਕੜੀ ਤਹਿਤ ਥਾਣਾ ਅਸੰਧ ਪੁਲਿਸ ਨੇ ਪਿੰਡ ਸਾਲਵਨ ਵਿੱਚ ਨੌਜਵਾਨ ਮਯੰਕ ਦੀ ਚਾਕੂ ਮਾਰ ਕੇ ਹੱਤਿਆ ਕਰਨ ਦੇ ਮਾਮਲੇ ਵਿੱਚ ਮੁਲਜ਼ਮ ਅਰਵਿੰਦ ਉਰਫ਼ ਕਾਕਾ ਵਾਸੀ ਪਿੰਡ ਸਾਲਵਨ, ਜ਼ਿਲ੍ਹਾ ਕਰਨਾਲ ਨੂੰ ਗ੍ਰਿਫ਼ਤਾਰ ਕੀਤਾ ਹੈ।

ਮਾਮਲੇ ਦੀ ਜਾਣਕਾਰੀ ਦਿੰਦਿਆਂ ਡੀਐੱਸਪੀ ਅਸੰਧ ਸ੍ਰੀ ਗੋਰਖਪਾਲ ਰਾਣਾ ਨੇ ਦੱਸਿਆ ਕਿ 01 ਅਕਤੂਬਰ 2026 ਨੂੰ ਥਾਣਾ ਅਸੰਧ ਪੁਲਿਸ ਨੂੰ ਅੰਮ੍ਰਿਤਧਾਰਾ ਹਸਪਤਾਲ, ਕਰਨਾਲ ਤੋਂ ਮਯੰਕ ਪੁੱਤਰ ਰਾਜਬੀਰ ਵਾਸੀ ਪਿੰਡ ਸਾਲਵਨ ਨੂੰ ਹਸਪਤਾਲ ਵਿੱਚ ਮ੍ਰਿਤਕ ਹਾਲਤ ਵਿੱਚ ਲਿਆਂਦੇ ਜਾਣ ਸਬੰਧੀ ਸੂਚਨਾ ਪ੍ਰਾਪਤ ਹੋਈ ਸੀ। ਸੂਚਨਾ ਮਿਲਦੇ ਹੀ ਪੁਲਿਸ ਟੀਮ ਮੌਕੇ ’ਤੇ ਪਹੁੰਚੀ।



ਮ੍ਰਿਤਕ ਦੀ ਮਾਤਾ ਵੱਲੋਂ ਪੁਲਿਸ ਨੂੰ ਦਿੱਤੀ ਸ਼ਿਕਾਇਤ ਅਨੁਸਾਰ, ਉਸ ਦਾ ਪੁੱਤਰ ਮਯੰਕ 30 ਸਤੰਬਰ 2026 ਦੀ ਦੇਰ ਸ਼ਾਮ ਅਸੰਧ ਤੋਂ ਆਪਣੀ ਕਾਰ ਰਾਹੀਂ ਘਰ ਵਾਪਸ ਆਇਆ ਸੀ। ਘਰ ਪਹੁੰਚ ਕੇ ਜਿਵੇਂ ਹੀ ਉਹ ਆਪਣੀ ਕਾਰ ਨੂੰ ਘੇਰ ਵਿੱਚ ਪਾਰਕ ਕਰਕੇ ਹੇਠਾਂ ਉਤਰਿਆ, ਪਹਿਲਾਂ ਤੋਂ ਘਾਤ ਲਗਾ ਕੇ ਬੈਠੇ ਅਰਵਿੰਦ ਉਰਫ਼ ਕਾਕਾ ਨੇ ਉਸ ’ਤੇ ਚਾਕੂ ਨਾਲ ਹਮਲਾ ਕਰ ਦਿੱਤਾ ਅਤੇ ਮੌਕੇ ਤੋਂ ਫਰਾਰ ਹੋ ਗਿਆ। ਗੰਭੀਰ ਰੂਪ ਵਿੱਚ ਜ਼ਖ਼ਮੀ ਮਯੰਕ ਨੂੰ ਇਲਾਜ ਲਈ ਪਹਿਲਾਂ ਸਿਵਲ ਹਸਪਤਾਲ ਅਸੰਧ ਅਤੇ ਬਾਅਦ ਵਿੱਚ ਅੰਮ੍ਰਿਤਧਾਰਾ ਹਸਪਤਾਲ, ਕਰਨਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਿਸ ਵੱਲੋਂ ਸ਼ਿਕਾਇਤ ਦੇ ਆਧਾਰ ’ਤੇ ਮੁਕੱਦਮਾ ਨੰਬਰ 568 ਮਿਤੀ 01 ਅਕਤੂਬਰ 2026 ਨੂੰ ਸਬੰਧਤ ਧਾਰਾਵਾਂ ਤਹਿਤ ਥਾਣਾ ਅਸੰਧ ਵਿੱਚ ਦਰਜ ਕੀਤਾ ਗਿਆ। ਮਾਮਲੇ ਵਿੱਚ ਥਾਣਾ ਅਸੰਧ ਦੇ ਇੰਚਾਰਜ ਇੰਸਪੈਕਟਰ ਰਾਜੇਸ਼ ਕੁਮਾਰ ਦੀ ਅਗਵਾਈ ਹੇਠ ਪੁਲਿਸ ਟੀਮ ਨੇ ਕਾਰਵਾਈ ਕਰਦਿਆਂ ਮੁਲਜ਼ਮ ਅਰਵਿੰਦ ਉਰਫ਼ ਕਾਕਾ ਵਾਸੀ ਪਿੰਡ ਸਾਲਵਨ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੁਲਿਸ ਵੱਲੋਂ ਮੁਲਜ਼ਮ ਤੋਂ ਵਾਰਦਾਤ ਸਬੰਧੀ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਮਾਮਲੇ ਵਿੱਚ ਨਿਯਮਾਂ ਅਨੁਸਾਰ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

# ਕਰਨਾਲ ਪੁਲਿਸ ਦੀ ਵੱਡੀ ਕਾਰਵਾਈ: ਔਰਤ ਨੂੰ ਨਸ਼ੀਲਾ ਪਦਾਰਥ ਸੁੰਘਾ ਕੇ ਸੋਨੇ-ਚਾਂਦੀ ਦੇ ਗਹਿਣੇ ਚੋਰੀ ਕਰਨ ਵਾਲੇ ਗਿਰੋਹ ਦੇ 3 ਮੁਲਜ਼ਮ ਗ੍ਰਿਫ਼ਤਾਰ

**ਪੈ.ਗਾਮ-ਏ-ਜਗਤ/ਕਰਨਾਲ**
**02 ਅਕਤੂਬਰ (ਪ੍ਰਵੀਨ ਵਾਲੀਆ)**

ਪੁਲਿਸ ਸੁਪਰਡੈਂਟ ਕਰਨਾਲ ਸ੍ਰੀ ਕਰਨ ਗੋਇਲ, ਆਈਪੀਐੱਸ ਦੀ ਯੋਗ ਅਗਵਾਈ ਅਤੇ ਦਿਸ਼ਾ-ਨਿਰਦੇਸ਼ ਹੇਠ ਜ਼ਿਲ੍ਹਾ ਪੁਲਿਸ ਕਰਨਾਲ ਵੱਲੋਂ ਚੋਰੀ, ਠੱਗੀ ਅਤੇ ਹੋਰ ਅਪਰਾਧਿਕ ਵਾਰਦਾਤਾਂ ਵਿੱਚ ਸ਼ਾਮਲ ਮੁਲਜ਼ਮਾਂ ਵਿਰੁੱਧ ਲਗਾਤਾਰ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਕੜੀ ਤਹਿਤ ਡਿਟੈਕਟਿਵ ਯੂਨਿਟ ਸੀਆਈਏ 3 ਦੇ ਇੰਚਾਰਜ ਇੰਸਪੈਕਟਰ ਅਜੇ ਦੀ ਅਗਵਾਈ ਹੇਠ ਸਹਾਇਕ ਸਬ-ਇੰਸਪੈਕਟਰ ਰਾਜੇਸ਼ ਕੁਮਾਰ ਦੀ ਟੀਮ ਨੇ ਥਾਣਾ ਸ਼ਹਿਰ ਕਰਨਾਲ ਦੇ ਇੱਕ ਮਾਮਲੇ ਵਿੱਚ ਕਾਰਵਾਈ ਕਰਦਿਆਂ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਮਾਮਲੇ ਵਿੱਚ ਜਾਂਚ ਅਧਿਕਾਰੀ ਨੇ ਦੱਸਿਆ ਕਿ 12 ਸਤੰਬਰ 2026 ਨੂੰ ਚਮੇਲੀ ਦੇਵੀ ਪਤਨੀ ਲਛਮਣ ਦਾਸ, ਵਾਸੀ ਪਿੰਡ ਪਿੰਗਲੀ, ਜ਼ਿਲ੍ਹਾ ਕਰਨਾਲ ਨੇ ਥਾਣਾ ਸ਼ਹਿਰ ਕਰਨਾਲ ਵਿੱਚ ਸ਼ਿਕਾਇਤ ਦਿੱਤੀ ਸੀ ਕਿ ਉਹ ਦੁਪਹਿਰ ਸਮੇਂ ਚੌੜੇ ਬਾਜ਼ਾਰ ਵਿੱਚ ਸੁਨਿਆਰੇ ਦੀ ਦੁਕਾਨ ’ਤੇ ਆਈ ਸੀ। ਵਾਪਸ ਜਾਂਦੇ ਸਮੇਂ ਗੁੜ ਮੰਡੀ ਨੇੜੇ ਇੱਕ ਔਰਤ ਅਤੇ ਇੱਕ ਲੜਕਾ ਉਸ ਕੋਲ ਆਏ ਅਤੇ ਗੱਲਬਾਤ ਕਰਨ ਲੱਗੇ। ਸ਼ਿਕਾਇਤ ਅਨੁਸਾਰ ਦੋਵਾਂ ਨੇ ਉਸ ਨੂੰ ਕੁਝ ਸੁੰਘਾ ਕੇ ਕਲੰਦਰੀ ਗੇਟ ਵੱਲ ਪੈਟਰੋਲ ਪੰਪ ਤੋਂ ਅੱਗੇ ਇੱਕ ਗਲੀ ਵਿੱਚ ਲੈ ਗਏ। ਦੋਸ਼ ਹੈ ਕਿ ਉੱਥੇ ਦੋਵਾਂ ਨੇ ਔਰਤ ਦੇ ਗਲੇ ਵਿੱਚੋਂ ਇੱਕ ਤੋਲੇ ਦਾ ਸੋਨੇ ਦਾ ਓਮ, ਦੋਵਾਂ ਕੰਨਾਂ ਦੀਆਂ ਸੋਨੇ ਦੀਆਂ ਵਾਲੀਆਂ ਅਤੇ ਹੱਥ ਵਿੱਚੋਂ ਚਾਂਦੀ ਦੀਆਂ ਦੋ ਅੰਗੂਠੀਆਂ ਕੱਢ ਲਈਆਂ ਅਤੇ ਮੌਕੇ ਤੋਂ ਫਰਾਰ ਹੋ ਗਏ।

ਸ਼ਿਕਾਇਤ ਦੇ ਆਧਾਰ ’ਤੇ ਥਾਣਾ ਸ਼ਹਿਰ ਕਰਨਾਲ ਵਿੱਚ ਮੁਕੱਦਮਾ ਨੰਬਰ 669 ਮਿਤੀ 12 ਸਤੰਬਰ 2026 ਨੂੰ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਸੀ।

ਟੀਮ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਮਾਮਲੇ ਦੀ ਜਾਂਚ ਦੌਰਾਨ ਸਹਾਇਕ ਸਬ-ਇੰਸਪੈਕਟਰ ਰਾਜੇਸ਼ ਕੁਮਾਰ, ਡਿਟੈਕਟਿਵ ਯੂਨਿਟ ਸੀਆਈਏ 3 ਕਰਨਾਲ ਦੀ ਟੀਮ ਨੇ ਠੋਸ ਸਬੂਤਾਂ ਦੇ ਆਧਾਰ ’ਤੇ 30 ਸਤੰਬਰ 2026 ਨੂੰ ਜੀਟੀ ਰੋਡ, ਨੀਲੋਖੇੜੀ ਬੱਸ ਸਟੈਂਡ ਨੇੜੇ, ਕਰਨਾਲ ਤੋਂ ਤਿੰਨ ਮੁਲਜ਼ਮਾਂ ਨੂੰ ਕਾਨੂੰਨ ਅਨੁਸਾਰ ਗ੍ਰਿਫ਼ਤਾਰ ਕੀਤਾ। ਗ੍ਰਿਫ਼ਤਾਰ ਕੀਤੇ ਮੁਲਜ਼ਮਾਂ ਦੀ ਪਛਾਣ ਪੰਨਾ ਲਾਲ ਉਰਫ਼ ਪਨੀਆ ਪੁੱਤਰ ਅਮਰ ਸਿੰਘ, ਵਾਸੀ 68/74 ਝੁੱਗੀ-ਝੋਪੜੀ, ਗੰਦਾ ਨਾਲਾ, ਜੇ.ਜੇ. ਕਾਲੋਨੀ, ਉੱਤਮ ਨਗਰ, ਸੇਵਕ ਪਾਰਕ, ਥਾਣਾ ਵੈਸਟ ਦਿੱਲੀ; ਵਿਜੈ ਪੁੱਤਰ ਰਾਮਲਾਲ, ਵਾਸੀ 1/572 ਰਘੁਬੀਰ ਨਗਰ, ਥਾਣਾ ਰਾਜੌਰੀ ਗਾਰਡਨ, ਨਵੀਂ ਦਿੱਲੀ ਅਤੇ ਵਾਲੀਆ ਪੁੱਤਰ ਪ੍ਰਹਿਲਾਦ, ਵਾਸੀ ਗਲੀ ਨੰਬਰ 10, ਝੁੱਗੀ-ਝੋਪੜੀ ਨੰਬਰ 2655, ਥਾਣਾ ਆਨੰਦ ਪਰਵਤ ਕੈਂਪ, ਨਵੀਂ ਦਿੱਲੀ ਵਜੋਂ ਹੋਈ ਹੈ।

ਪੁਲਿਸ ਅਨੁਸਾਰ ਤਿੰਨੇ ਮੁਲਜ਼ਮ ਇਸ ਸਮੇਂ ਖਾਨਾਬਦੋਸ਼ ਜੀਵਨ ਬਤੀਤ ਕਰ ਰਹੇ ਸਨ।

ਗ੍ਰਿਫ਼ਤਾਰੀ ਦੌਰਾਨ ਕਾਨੂੰਨ ਅਨੁਸਾਰ ਤਲਾਸ਼ੀ ਲੈਣ ’ਤੇ ਮੁਲਜ਼ਮ ਵਿਜੈ ਤੋਂ 1500 ਰੁਪਏ ਨਕਦ, ਮੁਲਜ਼ਮ ਵਾਲੀਆ ਤੋਂ 2000 ਰੁਪਏ ਨਕਦ ਅਤੇ ਮੁਲਜ਼ਮ ਪੰਨਾ ਲਾਲ ਤੋਂ ਵੀਵੋ ਕੰਪਨੀ ਦਾ ਇੱਕ ਮੋਬਾਈਲ ਫੋਨ ਬਰਾਮਦ ਕੀਤਾ ਗਿਆ।

ਤਿੰਨਾਂ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਜਿੱਥੋਂ ਮੁਲਜ਼ਮ ਵਿਜੈ ਅਤੇ ਵਾਲੀਆ ਨੂੰ ਨਿਆਂਇਕ ਹਿਰਾਸਤ ਵਿੱਚ ਜ਼ਿਲ੍ਹਾ ਜੇਲ੍ਹ ਭੇਜ ਦਿੱਤਾ ਗਿਆ ਹੈ, ਜਦਕਿ ਮੁਲਜ਼ਮ ਪੰਨਾ ਲਾਲ ਉਰਫ਼ ਪਨੀਆ ਨੂੰ 4 ਦਿਨਾਂ ਦੇ ਪੁਲਿਸ ਰਿਮਾਂਡ ’ਤੇ ਲਿਆ ਗਿਆ ਹੈ।

ਪੁਲਿਸ ਰਿਮਾਂਡ ਦੌਰਾਨ ਮੁਲਜ਼ਮ ਤੋਂ ਵਾਰਦਾਤ ਸਬੰਧੀ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਮਾਮਲੇ ਵਿੱਚ ਚੋਰੀ ਕੀਤੇ ਸੋਨੇ-ਚਾਂਦੀ ਦੇ ਗਹਿਣਿਆਂ ਦੀ ਬਰਾਮਦਗੀ, ਵਾਰਦਾਤ ਵਿੱਚ ਸ਼ਾਮਲ ਹੋਰ ਵਿਅਕਤੀਆਂ ਅਤੇ ਇਸ ਤਰ੍ਹਾਂ ਦੀਆਂ ਹੋਰ ਵਾਰਦਾਤਾਂ ਸਬੰਧੀ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ।

# ਸ੍ਰੀ ਗੁਰੂ ਰਵਿਦਾਸ ਜੀ ਦੇ 650 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ ਪਿੰਡ ਹਸਨਪੁਰ ਤੇ ਅੱਲਾਪੁਰ ਵਿਖੇ ਦਿਖਾਈ ਗਈ

**ਖਰੜ, 02 ਅਕਤੂਬਰ,**
**(ਪੈ.ਗਾਮ-ਏ-ਜਗਤ)**

ਸ੍ਰੀ ਗੁਰੂ ਰਵਿਦਾਸ ਜੀ ਦੇ 650 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਤਿਆਰ ਕੀਤੀ ਗਈ ਵਿਸ਼ੇਸ਼ ਡਾਕੂਮੈਂਟਰੀ ਫ਼?ਲਮ ਖਰੜ ਬਲਾਕ ਦੇ ਪਿੰਡ ਹਸਨਪੁਰ ਅਤੇ ਅੱਲਾਪੁਰ ਵਿਖੇ ਵਿਸ਼ੇਸ਼ ਵੈਨ ਰਾਹੀਂ ਐਲ.ਸੀ.ਡੀ. ਸਕਰੀਨ ਉੱਪਰ ਦਿਖਾਈ ਗਈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਵਿਚਾਰਧਾਰਾ ਅਤੇ ਮਨੁੱਖਤਾ ਨੂੰ ਦਿੱਤੇ ਮਹਾਨ ਸੰਦੇਸ਼ ਤੋਂ ਜਾਣੂ ਕਰਵਾਉਣ ਲਈ ਵਿਸ਼ੇਸ਼ ਡਾਕੂਮੈਂਟਰੀ ਫ਼ਿਲਮ ਤਿਆਰ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਲਗਭਗ 30 ਮਿੰਟ ਦੀ ਇਸ ਵਿਸ਼ੇਸ਼ ਡਾਕੂਮੈਂਟਰੀ ਨੂੰ ਵਿਸ਼ੇਸ਼ ਵੈਨ ਰਾਹੀਂ ਪਿੰਡਾਂ ਵਿੱਚ ਲਿਜਾ ਕੇ ਐਲ.ਸੀ.ਡੀ. ਸਕਰੀਨ ’ਤੇ ਲੋਕਾਂ ਨੂੰ ਦਿਖਾਇਆ ਜਾ ਰਿਹਾ ਹੈ। ਪਿੰਡ ਹਸਨਪੁਰ ਅਤੇ ਅੱਲਾਪੁਰ ਵਿਖੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਇਸ ਡਾਕੂਮੈਂਟਰੀ ਨੂੰ ਦੇਖਿਆ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਤੇ ਉਨ੍ਹਾਂ ਦੀਆਂ ਸਿੱਖਿਆਵਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਸਮਾਜ ਵਿੱਚ ਬਰਾਬਰੀ, ਭਾਈਚਾਰਕ ਸਾਂਝ, ਮਨੁੱਖੀ ਏਕਤਾ ਅਤੇ ਆਪਸੀ ਸਤਿਕਾਰ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੀ ਬਾਣੀ ਅਤੇ ਵਿਚਾਰਧਾਰਾ ਅੱਜ ਵੀ ਸਮਾਜ ਨੂੰ ਸਹੀ ਦਿਸ਼ਾ ਦਿਖਾਉਣ ਲਈ ਪ੍ਰੇਰਿਤ ਕਰਦੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਉਪਰਾਲਾ ਨਵੀਂ ਪੀੜ੍ਹੀ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਮਹਾਨ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨਾਲ ਜੋੜਨ ਵਿੱਚ ਸਹਾਈ ਸਿੱਧ ਹੋਵੇਗਾ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਜਿਹੇ ਉਪਰਾਲਿਆਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਕੇ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ।

# ਬਿਗੁਲ ਵਜਾਇਆ ! 4 ਅਕਤੂਬਰ ਨੂੰ ਯਮੁਨਾਨਗਰ ਵਿੱਚ ਇਕੱਠੇ ਹੋਣਗੇ ਕਿਸਾਨ, ਟਿਕੈਤ ਕਰਨਗੇ ਮਹਾਪੰਚਾਇਤ ਦੀ ਅਗਵਾਈ

**ਪੈ.ਗਾਮ-ਏ-ਜਗਤ/ਕਰਨਾਲ**
**2 ਅਕਤੂਬਰ, (ਪ੍ਰਵੀਨ ਵਾਲੀਆ)**

- **ਪੋਰਟਲ ਪ੍ਰਬੰਧ ਕਿਸਾਨਾਂ ਲਈ ਗਲੇ ਦੀ ਫਾਂਸ ਬਣਿਆ ! ਬੇਵੱਸ ਕਿਸਾਨ ਦਫ਼ਤਰਾਂ ਦੇ ਚੱਕਰ ਲਾਉਣ ਲਈ ਮਜਬੂਰ**



ਕੇਂਦਰ ਸਰਕਾਰ ਵੱਲੋਂ ਸੀਜ਼ਨ 2026-27 ਦੀਆਂ ਹਾੜ੍ਹੀ ਦੀਆਂ ਫ਼ਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ ਕੀਤੇ ਮਾਮੂਲੀ ਵਾਧੇ ਦੀ ਕੀਤੀ ਗਈ ਘੋਸ਼ਣਾ ਅਤੇ ਅਨਾਜ ਮੰਡੀਆਂ ਵਿੱਚ ਝੋਨੇ ਦੀ ਸਹੀ ਖਰੀਦ ਨਾ ਹੋਣ ਨੂੰ ਲੈ ਕੇ ਸਥਾਨਕ ਕਿਸਾਨ ਭਵਨ ਵਿੱਚ ਭਾਰਤੀ ਕਿਸਾਨ ਯੂਨੀਅਨ (ਰਜਿ.) ਦੀ ਅਗਵਾਈ ਹੇਠ ਕਰਵਾਈ ਗਈ ਮਾਸਿਕ ਕਿਸਾਨ ਪੰਚਾਇਤ ਵਿੱਚ ਹਾਜ਼ਰ ਕਿਸਾਨਾਂ ਨੇ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਭਾਜਪਾ ਸਰਕਾਰ ਖ਼ਿਲਾਫ਼ ਰੋਸ ਪ੍ਰਗਟਾਇਆ।

ਕਿਸਾਨ ਪੰਚਾਇਤ ਦੀ ਪ੍ਰਧਾਨਗੀ ਜ਼ਿਲ੍ਹਾ ਪ੍ਰਧਾਨ ਸਰਦਾਰ ਸੁਰਿੰਦਰ ਸਿੰਘ ਘੁੰਮਣ ਨੇ ਕੀਤੀ ਅਤੇ ਸੰਚਾਲਨ ਜ਼ਿਲ੍ਹਾ ਜਨਰਲ ਸਕੱਤਰ ਸੁਰਿੰਦਰ ਬੈਨੀਵਾਲ ਨੇ ਕੀਤਾ। ਕਿਸਾਨ ਪੰਚਾਇਤ ਵਿੱਚ ਸੀਨੀਅਰ ਕਿਸਾਨ ਆਗੂ ਪ੍ਰੇਮਚੰਦ ਸ਼ਾਹਪੁਰ ਅਤੇ ਨੇਕੀ ਰਾਮ ਮਢਾਣ, ਇੰਚਾਰਜ ਮਹਤਾਬ ਕਾਦਿਆਨ, ਬੁਲਾਰੇ ਸੁਰਿੰਦਰ ਸਾਗਵਾਨ, ਜਥੇਬੰਦੀ ਸਕੱਤਰ ਸ਼ਾਮ ਸਿੰਘ ਮਾਨ, ਚੇਅਰਮੈਨ ਯਸ਼ਪਾਲ ਰਾਣਾ ਅਤੇ ਸਾਹਿਬ ਸਿੰਘ ਬਾਜਵਾ ਵਿਸ਼ੇਸ਼ ਤੌਰ ’ਤੇ ਹਾਜ਼ਰ ਰਹੇ। ਭਾਕਿਯੂ ਦੇ ਸੂਬਾ ਪ੍ਰਧਾਨ ਰਤਨਮਾਨ ਨੇ ਕਿਸਾਨ ਪੰਚਾਇਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕਣਕ ਦੇ ਸਮਰਥਨ ਮੁੱਲ ਵਿੱਚ ਸਿਰਫ਼ 25 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਕੀਤਾ ਗਿਆ ਹੈ। ਇਹ ਨਾ ਸਿਰਫ਼ ਨਾਕਾਫ਼ੀ ਹੈ, ਸਗੋਂ ਐਲਾਨੇ ਭਾਅ ’ਤੇ ਕਣਕ ਵੇਚਣ ਨਾਲ ਕਿਸਾਨਾਂ ਨੂੰ ਵੱਡਾ ਆਰਥਿਕ ਨੁਕਸਾਨ ਝੱਲਣਾ ਪਵੇਗਾ।

ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੀ ਕਿਸਾਨ ਵਿਰੋਧੀ ਸੋਚ ਕਾਰਨ ਦੇਸ਼ ਵਿੱਚ ਕਿਸਾਨਾਂ ਦੇ ਹਾਲਾਤ ਦਿਨੋਂ-ਦਿਨ ਇੰਨੇ ਖ਼ਰਾਬ ਹੁੰਦੇ ਜਾ ਰਹੇ ਹਨ ਕਿ ਫ਼ਸਲ ਦੀ ਬਿਜਾਈ ਤੋਂ ਲੈ ਕੇ ਫ਼ਸਲ ਵੇਚਣ ਤੱਕ ਸਖ਼ਤ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ। ਜ਼ਿਲ੍ਹਾ ਪ੍ਰਧਾਨ ਘੁੰਮਣ ਨੇ ਦੱਸਿਆ ਕਿ 2 ਅਕਤੂਬਰ ਨੂੰ ਜੁੰਡਲਾ ਅਨਾਜ ਮੰਡੀ ਸਥਿਤ ਕਿਸਾਨ ਵਿਸ਼ਰਾਮ ਘਰ ਵਿੱਚ ਵਿਕਾਸ ਖੰਡ ਨਿਸਿੰਗ ਭਾਕਿਯੂ ਦੀ ਮਾਸਿਕ ਕਿਸਾਨ ਪੰਚਾਇਤ ਕਰਵਾਈ ਜਾਵੇਗੀ।

ਭਾਕਿਯੂ ਦੇ ਬੁਲਾਰੇ ਸੁਰਿੰਦਰ ਸਾਗਵਾਨ ਨੇ ਕਿਹਾ ਕਿ ਆਉਣ ਵਾਲੀ 4 ਅਕਤੂਬਰ ਨੂੰ ਗੰਨੇ ਦੀ ਖਰੀਦ ਕੀਮਤ 600 ਰੁਪਏ ਪ੍ਰਤੀ ਕੁਇੰਟਲ ਕੀਤੇ ਜਾਣ, ਕਿਸਾਨ-ਮਜ਼ਦੂਰ ਨੂੰ ਕਰਜ਼ਾ ਮੁਕਤ ਕੀਤੇ ਜਾਣ, ਝੋਨੇ ਦੀ ਸਹੀ ਖਰੀਦ ਨਾ ਹੋਣ ਸਮੇਤ ਕਈ ਮੁੱਦਿਆਂ ਨੂੰ ਲੈ ਕੇ ਸੂਬਾ ਪੱਧਰੀ ਕਿਸਾਨ ਮਹਾਪੰਚਾਇਤ ਕਰਵਾਈ ਜਾ ਰਹੀ ਹੈ। ਕਿਸਾਨ ਮਹਾਪੰਚਾਇਤ ਨੂੰ ਮੁੱਖ ਤੌਰ ’ਤੇ ਕਿਸਾਨ ਆਗੂ ਰਾਕੇਸ਼ ਟਿਕੈਤ, ਕੌਮੀ ਜਨਰਲ ਸਕੱਤਰ ਯੁੱਧਵੀਰ ਸਿੰਘ ਅਤੇ ਸੂਬਾ ਪ੍ਰਧਾਨ ਰਤਨਮਾਨ ਸਮੇਤ ਕਈ ਵੱਡੇ ਕਿਸਾਨ ਆਗੂ ਸੰਬੋਧਨ ਕਰਨਗੇ। ਉਨ੍ਹਾਂ ਕਿਹਾ ਕਿ ਕਰਨਾਲ ਜ਼ਿਲ੍ਹੇ ਤੋਂ ਵੱਧ ਤੋਂ ਵੱਧ ਕਿਸਾਨਾਂ ਨੂੰ ਮਹਾਪੰਚਾਇਤ ਵਿੱਚ ਲਿਜਾਣ ਲਈ ਵਰਕਰਾਂ ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ।

ਭਾਕਿਯੂ ਦੀ ਜ਼ਿਲ੍ਹਾ ਪੱਧਰੀ ਕਿਸਾਨ ਪੰਚਾਇਤ ਵਿੱਚ ਖੰਡ ਇੰਦਰੀ ਪ੍ਰਧਾਨ ਦਿਲਾਵਰ ਸਿੰਘ ਡਬਕੋਲੀ, ਨੀਲੋਖੇੜੀ ਪ੍ਰਧਾਨ ਧਰਮ ਸਿੰਘ ਮੌਹੜੀ, ਕਰਨਾਲ ਪ੍ਰਧਾਨ ਅਨਿਲ ਕੁਮਾਰ, ਨਿਸਿੰਗ ਖੰਡ ਜਨਰਲ ਸਕੱਤਰ ਰਾਜਿੰਦਰ ਰਾਣਾ, ਦਫ਼ਤਰ ਸਕੱਤਰ ਰਾਜਕੁਮਾਰ ਨੌਤਨਾ, ਕਿਸਾਨ ਆਗੂ ਨਫੇ ਸਿੰਘ ਦਾਦੂਪੁਰ, ਰਾਮਫਲ ਨਰਵਾਲ, ਰਾਜਿੰਦਰ ਮਾਨ, ਰਣਬੀਰ ਕਤਲਾਹੇੜੀ, ਮਹਿੰਦਰ ਮਢਾਣ, ਰਾਜਾ ਰਾਮ, ਸਤਬੀਰ ਮਢਾਣ ਸਮੇਤ ਕਾਫ਼ੀ ਗਿਣਤੀ ਵਿੱਚ ਕਿਸਾਨ ਮੌਜੂਦ ਸਨ।

# ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਚੱਬੇਵਾਲ ਦਾਣਾ ਮੰਡੀ ਵਿੱਚ ਝੋਨੇ ਦੀ ਖਰੀਦ ਸ਼ੁਰੂ ਕਰਵਾਈ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**

- **ਕਿਹਾ, ਕਿਸਾਨਾਂ ਨੂੰ ਕੋਈ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ; ਲਿਫਟਿੰਗ ਅਤੇ ਭੁਗਤਾਨ ਦੇ ਪੁਖਤਾ ਪ੍ਰਬੰਧ**



ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਅੱਜ ਪਿੰਡ ਚੱਬੇਵਾਲ ਦੀ ਦਾਣਾ ਮੰਡੀ ਦਾ ਦੌਰਾ ਕਰਕੇ ਝੋਨੇ ਦੀ ਖਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਪਿੰਡ ਮੁਗੋਵਾਲ ਦੇ ਕਿਸਾਨ ਸਤਵੀਰ ਸਿੰਘ ਦੀ ਫ਼ਸਲ ਦੀ ਬੋਲੀ ਲਗਵਾ ਕੇ ਉਨ੍ਹਾਂ ਨੇ ਝੋਨੇ ਦੀ ਸਰਕਾਰੀ ਖਰੀਦ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਨ੍ਹਾਂ ਨੇ ਸਤਵੀਰ ਸਿੰਘ ਦਾ ਆਪਣੇ ਹੱਥਾਂ ਨਾਲ ਮੂੰਹ ਮਿੱਠਾ ਕਰਵਾਇਆ ਅਤੇ ਮੰਡੀ ਵਿੱਚ ਮੌਜੂਦ ਸਾਰੇ ਕਿਸਾਨਾਂ, ਆੜ੍ਹਤੀਆਂ ਅਤੇ ਹੋਰ ਲੋਕਾਂ ਨੂੰ ਵੀ ਮਠਿਆਈ ਵੰਡੀ ਗਈ। ਮੰਡੀ ਵਿੱਚ ਫ਼ਸਲ ਲੈ ਕੇ ਪਹੁੰਚੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੰਡੀਆਂ ਵਿੱਚ ਫ਼ਸਲ ਲੈ ਕੇ ਆਉਣ ਵਾਲੇ ਕਿਸਾਨਾਂ ਦੀ ਸਹੂਲਤ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਉਨ੍ਹਾਂ ਕਿਹਾ ਕਿ ਹਰ ਕਿਸਾਨ ਵੱਲੋਂ ਲਿਆਂਦੇ ਗਏ ਝੋਨੇ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ ਅਤੇ ਮੰਡੀ ਵਿੱਚ ਪੀਣ ਵਾਲੇ ਪਾਣੀ ਅਤੇ ਸਫ਼ਾਈ ਦੇ ਪ੍ਰਬੰਧ ਕੀਤੇ ਗਏ ਹਨ।

ਉਨ੍ਹਾਂ ਕਿਹਾ ਕਿ ਮੰਡੀ ਵਿੱਚ ਬਾਰਦਾਨੇ ਦੀ ਕੋਈ ਘਾਟ ਨਹੀਂ ਹੈ ਅਤੇ ਖਰੀਦੀ ਗਈ ਫ਼ਸਲ ਦੀ ਸਮੇਂ ਸਿਰ ਲਿਫਟਿੰਗ ਅਤੇ ਭੁਗਤਾਨ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਕਿਸੇ ਵੀ ਸਮੱਸਿਆ ਦਾ ਤੁਰੰਤ ਹੱਲ ਕਰਨ ਦੇ ਨਿਰਦੇਸ਼ ਦਿੱਤੇ।

ਵਿਧਾਇਕ ਨੇ ਮੌਜੂਦ ਕਿਸਾਨਾਂ ਦੇ ਨਾਲ-ਨਾਲ ਆੜ੍ਹਤੀਆਂ ਅਤੇ ਮਜ਼ਦੂਰਾਂ ਨੂੰ ਵੀ ਭਰੋਸਾ ਦਿਵਾਇਆ ਕਿ ਸੀਜ਼ਨ ਦੌਰਾਨ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਪੇਸ਼ ਨਹੀਂ ਆਵੇਗੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ, ਤਾਂ ਜੋ ਖਰੀਦ ਪ੍ਰਕਿਰਿਆ ਵਿੱਚ ਕੋਈ ਦੇਰੀ ਨਾ ਹੋਵੇ। ਸਾਰੇ ਕਿਸਾਨਾਂ ਅਤੇ ਆੜ੍ਹਤੀਆਂ ਨੇ ਮੰਡੀ ਵਿੱਚ ਕੀਤੇ ਗਏ ਪ੍ਰਬੰਧਾਂ ’ਤੇ ਸੰਤੁਸ਼ਟੀ ਪ੍ਰਗਟਾਈ ਅਤੇ ਵਿਧਾਇਕ ਦਾ ਧੰਨਵਾਦ ਕੀਤਾ। ਇਸ ਮੌਕੇ ਮਾਰਕੀਟ ਕਮੇਟੀ ਦੇ ਅਧਿਕਾਰੀ, ਆੜ੍ਹਤੀ ਐਸੋਸੀਏਸ਼ਨ ਦੇ ਨੁਮਾਇੰਦੇ, ਕਿਸਾਨ ਅਤੇ ਇਲਾਕਾ ਨਿਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ।

ਮਾਮਲਾ ਪਿੰਡ ਰੰਧਾਵਾ ਬਰੋਟਾ ਵਿੱਚ ਜ਼ਮੀਨ ’ਤੇ ਨਜਾਇਜ਼ ਕਬਜ਼ੇ ਦਾ

# ‘ਅਖੌਤੀ ਕਿਸਾਨ ਜਥੇਬੰਦੀ ਦਾ ਘਿਨਾਉਣਾ ਚਿਹਰਾ ਹੋਇਆ ਨੰਗਾ’

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**

- **ਕਿਸਾਨ ਆਗੂ ਨੇ ਕਰਵਾਇਆ ਜ਼ਮੀਨ ’ਤੇ ਨਜਾਇਜ਼ ਕਬਜ਼ਾ ਤੇ ਉਲਟਾ ਝੂਠਾ ਕੇਸ ਦਰਜ: ਬਾਬਾ ਬਲਵਿੰਦਰ ਸਿੰਘ ਰੰਧਾਵਾ ਬਰੋਟਾ**
- **ਮੈਡੀਕਲ ਬੋਰਡ ਵੱਲੋਂ ਦਿੱਤੀ ਰਿਪੋਰਟ ਦੇ ਅਧਾਰ ’ਤੇ ਬਣਦੀ ਕਾਰਵਾਈ ਹੋਵੇਗੀ: ਡੀ.ਐੱਸ.ਪੀ. ਨਰਿੰਦਰ ਸਿੰਘ**



ਕਿਸਾਨੀ ਜਥੇਬੰਦੀਆਂ ਨਾਲ ਸੰਬੰਧਿਤ ਆਪਣੇ ਆਪ ਨੂੰ ਕਿਸਾਨ ਆਗੂ ਅਖਵਾਉਂਦੇ ਕੁੱਝ ਲੋਕ ਆਪਣੀ ਲਾਲਚੀ ਬਿਰਤੀ ਅਧੀਨ ਘਟੀਆ ਮੁਫਾਦਾਂ ਲਈ ਕਿਸ ਹੱਦ ਤੱਕ ਗਿਰ ਸਕਦੇ ਹਨ, ਇਸ ਦੀ ਪ੍ਰਤੱਖ ਉਦਾਹਰਣ ਜ਼ਿਲ੍ਹਾ ਹੁਸ਼ਿਆਰਪੁਰ ਦੇ ਥਾਣਾ ਬੁੱਲ੍ਹੋਵਾਲ ਅਧੀਨ ਪੈਂਦੇ ਪਿੰਡ ਰੰਧਾਵਾ ਬਰੋਟਾ ਤੋਂ ਸਾਹਮਣੇ ਆਈ ਹੈ। ਜ਼ਮੀਨੀ ਵਿਵਾਦ ਨੂੰ ਲੈ ਕੇ ਇੱਕ ਪਰਿਵਾਰ ਉੱਪਰ ਜਾਨਲੇਵਾ ਹਮਲਾ ਕੀਤਾ ਗਿਆ, ਜਿਸ ਵਿੱਚ ਇੱਕ ਮਹਿਲਾ ਸਮੇਤ ਤਿੰਨ ਜਣੇ ਗੰਭੀਰ ਜ਼ਖਮੀ ਹੋ ਗਏ। ਦੋਸ਼ ਹੈ ਕਿ ਕਥਿਤ ਕਿਸਾਨ ਆਗੂਆਂ ਦੇ ਦਬਾਅ ਅਧੀਨ ਥਾਣਾ ਬੁੱਲ੍ਹੋਵਾਲ ਪੁਲਿਸ ਨੇ ਘਟਨਾ ਦੇ 3 ਮਹੀਨੇ 15 ਦਿਨਾਂ ਬਾਅਦ ਉਲਟਾ ਪੀੜਤ ਪਰਿਵਾਰ ਉੱਪਰ ਹੀ ਝੂਠਾ ਕੇਸ ਦਰਜ ਕਰ ਦਿੱਤਾ।

ਹੁਸ਼ਿਆਰਪੁਰ ਦੇ ਇੱਕ ਨਿੱਜੀ ਹੋਟਲ ਵਿੱਚ ਪ੍ਰੈੱਸ ਕਾਨਫਰੰਸ ਦੌਰਾਨ ਪੀੜਤ ਪਰਿਵਾਰ ਦੇ ਮੁਖੀ ਬਾਬਾ ਬਲਵਿੰਦਰ ਸਿੰਘ ਨੇ ਜਥੇਦਾਰ ਬਾਬਾ ਗੁਰਦੇਵ ਸਿੰਘ ਮੁਖੀ ਭਗਤ ਧੰਨਾ ਜੀ ਤਰਨਾ ਦਲ, ਸਿੰਘਾਂ ਅਤੇ ਪਰਿਵਾਰਿਕ ਮੈਂਬਰਾਂ ਦੀ ਹਾਜ਼ਰੀ ਵਿੱਚ ਦੱਸਿਆ ਕਿ ਉਨ੍ਹਾਂ ਦੀ ਜ਼ਮੀਨ ਨਾਲ ਅਮਰੀਕ ਸਿੰਘ (ਵਾਸੀ ਰਾਇਪੁਰ ਬੱਲਾਂ, ਜਲੰਧਰ) ਦੀ ਜ਼ਮੀਨ ਲੱਗਦੀ ਹੈ, ਜੋ ਜ਼ਬਰਦਸਤੀ ਕਬਜ਼ਾ ਕਰਨ ਦੀ ਤਾਕ ਵਿੱਚ ਸੀ। 16 ਜਨਵਰੀ 2026 ਨੂੰ ਜਦੋਂ ਬਲਵਿੰਦਰ ਸਿੰਘ ਖੇਤ ਨੂੰ ਪਾਣੀ ਲਗਾ ਰਹੇ ਸਨ, ਤਾਂ ਅਮਰੀਕ ਸਿੰਘ ਨੇ ਕੰਡਿਆਲੀ ਤਾਰ ਲਗਾ ਕੇ ਕਬਜ਼ੇ ਦੀ ਕੋਸ਼ਿਸ਼ ਕੀਤੀ ਅਤੇ ਵਿਰੋਧ ਕਰਨ ’ਤੇ ਗਾਲੀ-ਗਲੋਚ ਕੀਤਾ। ਅਗਲੇ ਦਿਨ 17 ਜਨਵਰੀ 2026 ਨੂੰ ਜਦੋਂ ਬਲਵਿੰਦਰ ਕੌਰ, ਉਨ੍ਹਾਂ ਦੇ ਪਤੀ ਅਤੇ ਦਿਵਿਆਂਗ ਪੁੱਤਰ ਅਗਮਜੋਤ ਸਿੰਘ (ਜੋ ਦੇਖਣ-ਬੋਲਣ ਤੋਂ ਅਸਮਰੱਥ ਹੈ) ਖੇਤ ਵੱਲ ਜਾ ਰਹੇ ਸਨ, ਤਾਂ ਅਮਰੀਕ ਸਿੰਘ ਨੇ ਸਰਬਜੀਤ ਸਿੰਘ ਅਤੇ ਹੋਰ ਸਾਥੀਆਂ ਨਾਲ ਮਿਲ ਕੇ ਟਰੈਕਟਰ ਨਾਲ ਰਸਤਾ ਵਾਹ ਕੇ ਕਬਜ਼ਾ ਕਰਨਾ ਸ਼ੁਰੂ ਕਰ ਦਿੱਤਾ। ਵਿਰੋਧ ਕਰਨ ’ਤੇ ਸਰਬਜੀਤ ਸਿੰਘ ਨੇ ਮੋਟਰਸਾਈਕਲ ਨਾਲ ਈ-ਸਕੂਟਰ ਨੂੰ ਟੱਕਰ ਮਾਰ ਦਿੱਤੀ ਅਤੇ ਲੋਹੇ ਦੀ ਰਾਡ ਨਾਲ ਬਲਵਿੰਦਰ ਕੌਰ ਦੇ ਮੂੰਹ ਅਤੇ ਕੰਨ ’ਤੇ ਜਾਨਲੇਵਾ ਵਾਰ ਕੀਤਾ। ਪੁਲਿਸ ਨੇ ਇਸ ਮਾਮਲੇ ਵਿੱਚ ਭਾਰਤੀ ਨਿਆਂ ਸੰਹਿਤਾ, 2023 ਦੀਆਂ ਧਾਰਾਵਾਂ ਤਹਿਤ ਐੱਫ.ਆਈ.ਆਰ. ਦਰਜ ਕੀਤੀ ਹੈ। ਇਸ ਵਿੱਚ ਅਮਰੀਕ ਸਿੰਘ, ਸਰਬਜੀਤ ਸਿੰਘ, ਤਰਸੇਮ ਸਿੰਘ (ਪੁੱਤਰ ਅਮਰ ਸਿੰਘ), ਸੇਵਾ ਸਿੰਘ, ਤਰਸੇਮ ਸਿੰਘ (ਪੁੱਤਰ ਸੋਹਣ ਸਿੰਘ) ਅਤੇ ਸਰਦਾਰਾ ਸਿੰਘ ਨੂੰ ਨਾਮਜ਼ਦ ਕੀਤਾ ਗਿਆ ਹੈ। ਪੀੜਤ ਪਰਿਵਾਰ ਨੇ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਇਲਾਜ ਕਰਵਾਇਆ।

ਬਾਬਾ ਬਲਵਿੰਦਰ ਸਿੰਘ ਨੇ ਦੋਸ਼ ਲਗਾਇਆ ਕਿ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ (ਬਲਾਕ-1) ਦੇ ਜ਼ਿਲ੍ਹਾ ਸਕੱਤਰ ਸਰਬਜੀਤ ਸਿੰਘ ਅਤੇ ਸਰਪੰਚ ਆਤਮਾ ਸਿੰਘ ਦੇ ਕਹਿਣ ’ਤੇ ਪੁਲਿਸ ਨੇ ਉਨ੍ਹਾਂ ’ਤੇ ਝੂਠਾ ਕੇਸ ਦਰਜ ਕਰਕੇ ਰਾਜ਼ੀਨਾਮੇ ਲਈ ਦਬਾਅ ਬਣਾਇਆ। ਉਨ੍ਹਾਂ ਐੱਸ.ਐੱਸ.ਪੀ. ਸੰਦੀਪ ਮੱਲਿਕ ਅਤੇ ਡੀ.ਐੱਸ.ਪੀ. ਨਰਿੰਦਰ ਸਿੰਘ ਮਿਨਹਾਸ ਤੋਂ ਇਨਸਾਫ਼ ਦੀ ਮੰਗ ਕੀਤੀ ਹੈ।

**ਕੀ ਕਹਿੰਦੇ ਨੇ ਡੀ.ਐੱਸ.ਪੀ.**

ਡੀ.ਐੱਸ.ਪੀ. ਨਰਿੰਦਰ ਸਿੰਘ ਮਿਨਹਾਸ ਨੇ ਦੱਸਿਆ ਕਿ ਦੋਵਾਂ ਧਿਰਾਂ ’ਤੇ ਕੇਸ ਦਰਜ ਹੋਏ ਹਨ ਅਤੇ ਮੈਡੀਕਲ ਬੋਰਡ ਦੀ ਰਿਪੋਰਟ ਦੇ ਅਧਾਰ ’ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਹਰਿਆਣਾ ਨੇ ਤਹਿਸੀਲ ਪੱਧਰ ’ਤੇ ਮਾਲ ਰਿਕਾਰਡ ਦੀਆਂ ਗਲਤੀਆਂ ਨੂੰ ਠੀਕ ਕਰਨ ਲਈ ਆਨਲਾਈਨ ਮੋਡੀਊਲ ਸ਼ੁਰੂ ਕੀਤਾ : ਸੁਮਿਤਾ ਮਿਸ਼ਰਾ

**ਚੰਡੀਗੜ੍ਹ, 2 ਅਕਤੂਬਰ**
**(ਪੈ.ਗਾਮ-ਏ-ਜਗਤ)**

ਹਰਿਆਣਾ ਮਾਲ ਅਤੇ ਆਫ਼ਤ ਪ੍ਰਬੰਧਨ ਵਿਭਾਗ ਦੀ ਵਿੱਤ ਕਮਿਸ਼ਨਰ ਡਾ. ਸੁਮਿਤਾ ਮਿਸ਼ਰਾ ਨੇ ਕਿਹਾ ਕਿ ਸਰਕਾਰ ਨੇ ਪ੍ਰਦੇਸ਼ ਦੀਆਂ ਸਾਰੀਆਂ ਤਹਿਸੀਲਾਂ ਵਿੱਚ ਆਨਲਾਈਨ ਮਾਲ ਰਿਕਾਰਡ ਵਿੱਚ ਹੋਣ ਵਾਲੀਆਂ ਆਮ ਤਰੁਟੀਆਂ ਦੇ ਸਥਾਨਕ ਪੱਧਰ ’ਤੇ ਸੁਧਾਰ ਲਈ ਇੱਕ ਆਨਲਾਈਨ ਕਰੇਕਸ਼ਨ ਮੋਡੀਊਲ ਸ਼ੁਰੂ ਕੀਤਾ ਹੈ। ਇਸ ਨਾਲ ਨਾਗਰਿਕਾਂ ਨੂੰ ਆਪਣੇ ਜ਼ਮੀਨੀ ਅਤੇ ਮਾਲ ਰਿਕਾਰਡ ਵਿੱਚ ਹੋਈਆਂ ਆਮ ਗਲਤੀਆਂ ਨੂੰ ਠੀਕ ਕਰਵਾਉਣ ਲਈ ਰਾਜ ਮੁੱਖ ਦਫ਼ਤਰ ਦੇ ਚੱਕਰ ਨਹੀਂ ਕੱਟਣ ਪੈਣਗੇ।

ਡਾ. ਸੁਮਿਤਾ ਮਿਸ਼ਰਾ ਨੇ ਦੱਸਿਆ ਕਿ ਇਸ ਪਹਿਲ ਦਾ ਉਦੇਸ਼ ਆਨਲਾਈਨ ਮਾਲ ਰਿਕਾਰਡ ਵਿੱਚ ਆਮ ਤਰੁਟੀਆਂ ਦੇ ਸੁਧਾਰ ਦੀ ਪ੍ਰਕਿਰਿਆ ਨੂੰ ਸਰਲ, ਪਾਰਦਰਸ਼ੀ ਅਤੇ ਵਿਕੇਂਦਰੀਕ੍ਰਿਤ ਬਣਾਉਣਾ ਅਤੇ ਨਾਗਰਿਕਾਂ ਨੂੰ ਹੋਣ ਵਾਲੀ ਬੇਲੋੜੀ ਦੇਰੀ ਨੂੰ ਘਟਾਉਣਾ ਹੈ। ਉਨ੍ਹਾਂ ਕਿਹਾ ਕਿ ਹੁਣ ਆਨਲਾਈਨ ਮਾਲ ਰਿਕਾਰਡ ਵਿੱਚ ਹੋਣ ਵਾਲੀਆਂ ਆਮ ਗਲਤੀਆਂ ਦੇ ਮਾਮਲਿਆਂ ਨੂੰ ਰਾਜ ਮੁੱਖ ਦਫ਼ਤਰ ਭੇਜਣ ਦੀ ਬਜਾਏ ਸਬੰਧਤ ਤਹਿਸੀਲ ਪੱਧਰ ’ਤੇ ਹੀ ਨਿਪਟਾਇਆ ਜਾ ਸਕੇਗਾ। ਉਨ੍ਹਾਂ ਦੱਸਿਆ ਕਿ ਮਾਲ ਅਤੇ ਆਫ਼ਤ ਪ੍ਰਬੰਧਨ ਵਿਭਾਗ ਵੱਲੋਂ ਸ਼ੁਰੂ ਕੀਤੇ ਗਏ ਇਸ ਆਨਲਾਈਨ ਮੋਡੀਊਲ ਰਾਹੀਂ ਨਿਯਮਤ ਪ੍ਰਕਿਰਤੀ ਦੀਆਂ ਲਗਭਗ 99 ਪ੍ਰਤੀਸ਼ਤ ਗਲਤੀਆਂ ਦੇ ਮਾਮਲਿਆਂ ਦਾ ਨਿਪਟਾਰਾ ਤਹਿਸੀਲ ਪੱਧਰ ’ਤੇ ਕੀਤਾ ਜਾ ਸਕੇਗਾ। ਇਸ ਨਾਲ ਰਾਜ ਮੁੱਖ ਦਫ਼ਤਰ ’ਤੇ ਲੰਬਿਤ ਮਾਮਲਿਆਂ ਦੀ ਗਿਣਤੀ ਘੱਟ ਹੋਵੇਗੀ ਅਤੇ ਨਾਗਰਿਕਾਂ ਨੂੰ ਜਲਦੀ ਰਾਹਤ ਮਿਲੇਗੀ। ਡਾ. ਮਿਸ਼ਰਾ ਨੇ ਦੱਸਿਆ ਕਿ ਆਨਲਾਈਨ ਰਿਕਾਰਡ ਵਿੱਚ ਖੇਵਟ ਵਿੱਚ ਹਿੱਸੇ ਦਾ ਗਲਤ ਦਰਜ ਹੋਣਾ, ਜ਼ਮੀਨ ਦਾ ਖੇਤਰਫਲ ਗਲਤ ਹੋਣਾ ਜਾਂ ਕਿਸੇ ਖੇਵਟ ਜਾਂ ਖਸਰਾ ਦਾ ਆਨਲਾਈਨ ਰਿਕਾਰਡ ਵਿੱਚ ਦਰਜ ਨਾ ਹੋਣਾ ਵਰਗੀਆਂ ਗਲਤੀਆਂ ਨੂੰ ਹੁਣ ਆਨਲਾਈਨ ਮੋਡੀਊਲ ਰਾਹੀਂ ਠੀਕ ਕਰਵਾਇਆ ਜਾ ਸਕੇਗਾ। ਇਸ ਦੇ ਤਹਿਤ ਸਬੰਧਤ ਪਟਵਾਰੀ ਦੁਆਰਾ ਆਨਲਾਈਨ ਕਰੇਕਸ਼ਨ ਰਿਕਵੇਸਟ (ਸੁਧਾਰ ਬੇਨਤੀ) ਕੀਤੀ ਜਾਵੇਗੀ। ਇਸ ਤੋਂ ਬਾਅਦ ਕਾਨੂੰਗੋ ਮੈਨੂਅਲ ਮਾਲ ਰਿਕਾਰਡ ਦੇ ਨਾਲ ਉਕਤ ਬੇਨਤੀ ਦਾ ਮਿਲਾਨ ਅਤੇ ਤਸਦੀਕ ਕਰੇਗਾ। ਉਸ ਤੋਂ ਬਾਅਦ ਤਹਿਸੀਲਦਾਰ ਦੀ ਅੰਤਿਮ ਮਨਜ਼ੂਰੀ ਤੋਂ ਬਾਅਦ ਆਨਲਾਈਨ ਰਿਕਾਰਡ ਵਿੱਚ ਜ਼ਰੂਰੀ ਸੁਧਾਰ ਦਰਜ ਕੀਤਾ ਜਾਵੇਗਾ। ਵਿਭਾਗ ਵੱਲੋਂ ਵੱਖ-ਵੱਖ ਕਿਸਮਾਂ ਦੀਆਂ ਬੇਨਿਯਮੀਆਂ ਦੇ ਨਿਪਟਾਰੇ ਲਈ ਵੱਖ-ਵੱਖ ਪ੍ਰਕਿਰਿਆਵਾਂ ਵੀ ਤਫ਼ਸੀਲ ਨਾਲ ਨਿਰਧਾਰਤ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਜੇਕਰ ਇੰਤਕਾਲ ਦੀ ਛਪਾਈ ਕਾਪੀ ਸਹੀ ਹੈ, ਪਰ ਉਸ ਦਾ ਆਨਲਾਈਨ ਇੰਦਰਾਜ ਗਲਤ ਹੈ ਤਾਂ ਆਨਲਾਈਨ ਕਰੇਸ਼ਨ ਰਿਕਵੇਸਟ ਰਾਹੀਂ ਇਸ ਨੂੰ ਠੀਕ ਕੀਤਾ ਜਾ ਸਕੇਗਾ। ਉੱਥੇ ਹੀ, ਜੇਕਰ ਇੰਤਕਾਲ ਦੀ ਛਾਪੀ ਹੋਈ ਕਾਪੀ ਵਿੱਚ ਹੀ ਤਰੁਟੀ ਹੈ ਤਾਂ ਸਬੰਧਤ ਇੰਤਕਾਲ ਦੇ ਆਧਾਰ ’ਤੇ ਨਿਰਧਾਰਤ ਪ੍ਰਕਿਰਿਆ ਅਨੁਸਾਰ ਕਾਰਵਾਈ ਕੀਤੀ ਜਾਵੇਗੀ।